ਮੰਗਲਵਾਰ, 2 ਅਪ੍ਰੈਲ, 2024
20 ਚੇਤ { ਨਾਨਕਸ਼ਾਹੀ 556 / ਬਿਕਰਮੀ 2080
ਜਿਲਦ/VOL. : 72
ਅੰਕ/NO. : 302

ਨਵਾਂ ਜ਼ਮਾਨਾ

DAILY NAWAN ZAMANA • TUESDAY, 2 APRIL, 2024 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

ਸ਼ੁਭਕਰਨ ਦੀ ਮੌਤ ਦੀ ਜਾਂਚ ਰਿਟਾਇਰਡ ਜੱਜ ਤੋਂ ਕਰਾਉਣ ਦੇ ਨਿਰਦੇਸ਼ 'ਤੇ ਰੋਕ ਤੋਂ ਨਾਂਹ

ਇਸ ਨਾਲ ਨਿਰਪੱਖਤਾ ਤੇ ਪਾਰਦਰਸ਼ਤਾ ਨੂੰ ਬਲ ਮਿਲੇਗਾ : ਸੁਪਰੀਮ ਕੋਰਟ

ਨਵੀਂ ਦਿੱਲੀ : ਸੁਪਰੀਮ ਕੋਰਟ ਨੇ ਫਰਵਰੀ ਵਿਚ ਨੌਜਵਾਨ ਕਿਸਾਨ ਸ਼ੁਭਕਰਨ ਸਿੰਘ ਦੀ ਮੌਤ ਦੀ ਹਾਈ ਕੋਰਟ ਦੇ ਰਿਟਾਇਰਡ ਜੱਜ ਤੋਂ ਜਾਂਚ ਕਰਾਉਣ ਦੇ ਪੰਜਾਬ ਤੇ ਹਰਿਆਣਾ ਹਾਈ ਕੋਰਟ ਦੇ ਨਿਰਦੇਸ਼ ਨੂੰ ਸਟੇਅ ਕਰਨ ਤੋਂ ਸੋਮਵਾਰ ਇਨਕਾਰ ਕਰ ਦਿੱਤਾ। ਉਸ ਨੇ ਕਿਹਾ ਕਿ ਰਿਟਾਇਰਡ ਜੱਜ ਦੀ ਅਗਵਾਈ ਵਾਲੇ ਪੈਨਲ ਵੱਲੋਂ ਕੀਤੀ ਜਾਣ ਵਾਲੀ ਜਾਂਚ ਨਾਲ ਨਿਰਪੱਖਤਾ ਤੇ ਪਾਰਦਰਸ਼ਤਾ ਨੂੰ ਬਲ ਮਿਲੇਗਾ। ਹਰਿਆਣਾ ਸਰਕਾਰ ਨੇ ਪੰਜਾਬ ਤੇ ਹਰਿਆਣਾ ਹਾਈ ਕੋਰਟ ਦੇ 7 ਮਾਰਚ ਦੇ ਨਿਰਦੇਸ਼ ਖਿਲਾਫ ਪਟੀਸ਼ਨ ਦਾਖਲ ਕੀਤੀ ਸੀ। ਪੰਜਾਬ-ਹਰਿਆਣਾ ਬਾਰਡਰ 'ਤੇ ਖਨੌਰੀ ਵਿਖੇ 21 ਫਰਵਰੀ ਨੂੰ ਝੜਪਾਂ ਦੌਰਾਨ ਬਠਿੰਡਾ ਜ਼ਿਲ੍ਹੇ ਦਾ 21 ਸਾਲਾ ਸ਼ੁਭਕਰਨ ਸਿੰਘ ਮਾਰਿਆ ਗਿਆ ਸੀ ਤੇ ਕਈ ਪੁਲਸ ਵਾਲੇ ਜ਼ਖਮੀ ਹੋ ਗਏ ਸਨ। ਇਹ ਘਟਨਾ ਉਦੋਂ ਵਾਪਰੀ ਸੀ, ਜਦੋਂ ਕਿਸਾਨ ਦਿੱਲੀ ਵੱਲ ਮਾਰਚ ਕਰ ਰਹੇ ਸਨ। ਸਾਲੀਸਿਟਰ ਜਨਰਲ ਤੁਸ਼ਾਰ ਮਹਿਤਾ ਨੇ ਸੁਪਰੀਮ ਕੋਰਟ ਦੇ ਜਸਟਿਸ ਸੂਰੀਆ ਕਾਂਤ ਤੇ ਜਸਟਿਸ ਕੇ ਵੀ ਵਿਸ਼ਵਨਾਥਨ ਦੀ ਬੈਂਚ ਅੱਗੇ ਪੰਜਾਬ ਤੇ ਹਰਿਆਣਾ ਹਾਈ ਕੋਰਟ ਦੇ ਨਿਰਦੇਸ਼ ਦੇ ਇਕ ਪੈਰ੍ਹੇ ਦਾ ਹਵਾਲਾ ਦੇ ਕੇ ਕਿਹਾ ਕਿ ਇਸ ਨਾਲ ਪੁਲਸ ਫੋਰਸ ਦੀ ਹੌਸਲਾਸ਼ਿਕਨੀ ਹੋਵੇਗੀ। ਜੇ ਪੁਲਸ ਨੂੰ ਹਰ ਘਟਨਾ ਲਈ ਲੋਕ ਹਿੱਤ ਪਟੀਸ਼ਨਾਂ ਦਾ ਸਾਹਮਣਾ ਕਰਨਾ ਪਵੇਗਾ ਤਾਂ ਉਹ ਅਮਨ-ਕਾਨੂੰਨ ਕਿਵੇਂ ਕਾਇਮ ਰੱਖੇਗੀ। ਮੌਕੇ 'ਤੇ ਮਾਰੂ ਹਥਿਆਰਾਂ ਨਾਲ ਸੌਂਕੜੇ ਲੋਕ ਇਕੱਠੇ ਸਨ।

ਬੈਂਚ ਨੇ ਕਿਹਾ ਕਿ ਕਦੇ-ਕਦੇ ਜਨਤਕ ਅੰਦੋਲਨ ਵਿਚ ਕੁਝ ਸ਼ਰਾਰਤੀ ਸਥਿਤੀ ਦਾ ਨਾਜਾਇਜ਼ ਫਾਇਦਾ ਉਠਾ ਜਾਂਦੇ ਹਨ। ਮਹਿਤਾ ਨੇ ਕਿਹਾ ਕਿ 67 ਪੁਲਸ ਵਾਲੇ ਜ਼ਖਮੀ ਹੋਏ ਤੇ ਜੇ ਜਾਂਚ ਪੈਨਲ ਬਣਾਏ ਜਾਂਦੇ ਰਹੇ ਤਾਂ ਪੁਲਸ ਫੋਰਸ ਦਾ ਹੌਸਲਾ ਡਿੱਗੇਗਾ। ਬੈਂਚ ਨੇ ਕਿਹਾ ਕਿ ਹਾਈ ਕੋਰਟ ਹੱਤਿਆ ਹਮਲੇ ਕਾਰਨ ਮੌਤ ਬਾਰੇ ਚਿੰਤਤ ਹੈ ਤੇ ਮ੍ਰਿਤਕ ਦੇ ਪਰਵਾਰ ਨੇ ਵੀ ਕੁਝ ਤੌਖਲੇ ਪ੍ਰਗਟਾਏ ਸਨ। ਇਸ ਤੋਂ ਬਾਅਦ ਹਾਈ ਕੋਰਟ ਦੇ ਰਿਟਾਇਰਡ ਜੱਜ ਦੀ ਅਗਵਾਈ ਵਿਚ ਤਿੰਨ ਮੈਂਬਰੀ ਪੈਨਲ ਬਣਾਇਆ ਗਿਆ। ਬੈਂਚ ਨੇ ਅੱਗੇ ਕਿਹਾ ਕਿ ਸੁਪਰੀਮ ਕੋਰਟ ਵੀ ਨਿਰਪੱਖਤਾ ਤੇ ਪਾਰਦਰਸ਼ਤਾ ਲਈ ਸਾਬਕਾ ਜੱਜਾਂ ਤੋਂ ਜਾਂਚ ਕਰਾਉਂਦੀ ਹੈ।

ਮਹਿਤਾ ਨੇ ਕਿਹਾ ਕਿ ਸੁਪਰੀਮ ਕੋਰਟ ਕਿਸੇ ਅਫਸਰ ਤੋਂ ਆਪਣੀ ਨਿਗਰਾਨੀ ਹੇਠ ਜਾਂਚ ਕਰਵਾ ਲਵੇ। ਬੈਂਚ ਨੇ ਕਿਹਾ ਕਿ ਹਾਈ ਕੋਰਟ ਨੇ 10 ਅਪ੍ਰੈਲ ਨੂੰ ਮਾਮਲੇ 'ਤੇ ਵਿਚਾਰ ਕਰਨੀ ਹੈ, ਉਦੋਂ ਤੱਕ ਉਡੀਕ ਲੈਣਾ ਚਾਹੀਦਾ ਹੈ।

ਇਨਕਮ ਟੈਕਸ ਵਿਭਾਗ ਕਾਂਗਰਸ ਨਾਲ ਜ਼ਬਰਦਸਤੀ ਨਹੀਂ ਕਰੇਗਾ, ਸੁਪਰੀਮ ਕੋਰਟ ਨੂੰ ਦਿੱਤਾ ਭਰੋਸਾ

ਨਵੀਂ ਦਿੱਲੀ : ਆਮਦਨ ਕਰ ਵਿਭਾਗ ਨੇ ਸੋਮਵਾਰ ਸੁਪਰੀਮ ਕੋਰਟ ਨੂੰ ਦੱਸਿਆ ਕਿ ਉਹ ਲੱਗਭੱਗ 3500 ਕਰੋੜ ਰੁਪਏ ਦੇ ਟੈਕਸ ਡਿਮਾਂਡ ਨੋਟਿਸਾਂ ਦੇ ਸੰਬੰਧ 'ਚ ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਕਾਂਗਰਸ ਵਿਰੁੱਧ ਕੋਈ ਜ਼ਬਰਦਸਤੀ ਵਾਲੀ ਕਾਰਵਾਈ ਨਹੀਂ ਕਰੇਗਾ। ਜਸਟਿਸ ਬੀ ਵੀ ਨਾਗਰਥਨਾ ਅਤੇ ਜਸਟਿਸ ਔਗਸਟਿਨ ਜਾਰਜ ਮਸੀਹ ਦੀ ਬੈਂਚ ਨੇ ਆਮਦਨ ਕਰ ਵਿਭਾਗ ਦੀ ਨੁਮਾਇੰਦਗੀ ਕਰ ਰਹੇ ਸਾਲਿਸਟਰ ਜਨਰਲ ਤੁਸ਼ਾਰ ਮਹਿਤਾ ਦਾ ਬਿਆਨ ਦਰਜ ਕੀਤਾ ਕਿ ਮੌਜੂਦਾ ਹਾਲਤਾਂ 'ਚ ਇਸ ਮਾਮਲੇ 'ਤੇ ਅੰਤਿਮ ਫੈਸਲਾ ਹੋਣ ਤੱਕ ਕੋਈ ਤੁਰੰਤ ਕਾਰਵਾਈ ਨਹੀਂ ਕੀਤੀ ਜਾਵੇਗੀ। ਬੈਂਚ ਨੇ ਡਿਮਾਂਡ ਨੋਟਿਸ 'ਤੇ ਕਾਂਗਰਸ ਦੀ ਪਟੀਸ਼ਨ 'ਤੇ ਸੁਣਵਾਈ ਜੁਲਾਈ ਤੱਕ ਅੱਗੇ ਪਾ ਦਿੱਤੀ।

ਢਿੱਡ 'ਚੋਂ 11 ਕਰੋੜ ਦੀ ਕੋਕੀਨ ਦੇ 74 ਕੈਪਸੂਲ ਕੱਢੇ

ਮੁੰਬਈ : ਡਾਇਰੈਕਟੋਰੇਟ ਆਫ ਰੈਵੇਨਿਊ ਇੰਟੈਲੀਜੈਂਸ (ਡੀ ਆਰ ਆਈ) ਨੇ ਸੀਅਰਾ ਲਿਓਨ ਦੇ ਨਾਗਰਿਕ ਨੂੰ ਗ੍ਰਿਫਤਾਰ ਕੀਤਾ ਹੈ, ਜਿਸ ਨੂੰ 11 ਕਰੋੜ ਰੁਪਏ ਦੀ ਕੀਮਤ ਦੇ ਕੋਕੀਨ ਦੇ 74 ਕੈਪਸੂਲ ਨਿਗਲ ਕੇ ਤਸਕਰੀ ਕਰਨ ਦਾ ਦੋਸ਼ੀ ਪਾਇਆ ਗਿਆ। ਇਥੋਂ ਦੇ ਸਰਕਾਰੀ ਜੇ ਜੇ ਹਸਪਤਾਲ ਦੇ ਡਾਕਟਰਾਂ ਨੇ ਇਹ ਕੈਪਸੂਲ ਉਸ ਦੇ ਸਰੀਰ 'ਚੋਂ ਬਾਹਰ ਕੱਢ ਲਏ ਹਨ। ਨਸ਼ੀਲੇ ਪਦਾਰਥ ਦਾ ਵਜ਼ਨ 1,108 ਗ੍ਰਾਮ ਹੈ।

ਇਸ ਵਿਅਕਤੀ ਨੂੰ 28 ਮਾਰਚ ਨੂੰ ਮੁੰਬਈ ਦੇ ਛਤਰਪਤੀ ਸ਼ਿਵਾਜੀ ਮਹਾਰਾਜ ਅੰਤਰਰਾਸ਼ਟਰੀ ਹਵਾਈ ਅੱਡੇ ਤੋਂ ਡੀ ਆਰ ਆਈ ਦੀ ਟੀਮ ਨੇ ਫੜਿਆ ਸੀ।

ਧਰਮਵੀਰ ਗਾਂਧੀ ਕਾਂਗਰਸ 'ਚ

ਨਵੀਂ ਦਿੱਲੀ : ਪਟਿਆਲਾ ਤੋਂ ਆਮ ਆਦਮੀ ਪਾਰਟੀ ਦੇ ਸਾਬਕਾ ਲੋਕ ਸਭਾ ਮੈਂਬਰ ਧਰਮਵੀਰ ਗਾਂਧੀ ਸੋਮਵਾਰ ਕਾਂਗਰਸ 'ਚ ਸ਼ਾਮਲ ਹੋ ਗਏ ਹਨ। ਗਾਂਧੀ ਦੇ ਪਟਿਆਲਾ ਸੀਟ ਤੋਂ ਕਾਂਗਰਸ ਦੇ ਉਮੀਦਵਾਰ ਵਜੋਂ ਚੋਣ ਲੜਨ ਦੀ ਸੰਭਾਵਨਾ ਹੈ।

ਗਾਂਧੀ ਨੇ 2014 'ਚ 'ਆਪ' ਉਮੀਦਵਾਰ ਵਜੋਂ ਪਟਿਆਲਾ ਤੋਂ ਪ੍ਰਨੀਤ ਕੌਰ ਨੂੰ ਹਰਾ ਕੇ ਲੋਕ ਸਭਾ ਚੋਣ ਜਿੱਤੀ ਸੀ। ਪੇਸ਼ੇ ਤੋਂ ਡਾਕਟਰ ਗਾਂਧੀ ਨੇ 2016 'ਚ 'ਆਪ' ਨੂੰ ਛੱਡ ਦਿੱਤਾ ਅਤੇ ਆਪਣੀ 'ਨਵਾਂ ਪੰਜਾਬ ਪਾਰਟੀ' ਬਣਾਈ, ਜਿਸ ਨੂੰ ਉਨ੍ਹਾ ਕਾਂਗਰਸ 'ਚ ਰਲਾ ਦਿੱਤਾ ਹੈ। ਕਾਂਗਰਸ ਆਗੂ ਪਵਨ ਖੇੜਾ ਅਤੇ ਪੰਜਾਬ ਦੇ ਇੰਚਾਰਜ ਦੇਵੇਂਦਰ ਯਾਦਵ, ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਅਤੇ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਗਾਂਧੀ ਦਾ ਪਾਰਟੀ 'ਚ ਸਵਾਗਤ ਕੀਤਾ। ਬਾਜਵਾ ਨੇ ਕਿਹਾ ਕਿ ਉਨ੍ਹਾ ਦੇ ਸ਼ਾਮਲ ਹੋਣ ਨਾਲ ਕਾਂਗਰਸ ਹੋਰ ਮਜ਼ਬੂਤ ਹੋਵੇਗੀ, ਜਦਕਿ ਵੜਿੰਗ ਨੇ ਕਿਹਾ ਕਿ ਅਜਿਹੇ ਪੇਸ਼ੇਵਰਾਂ ਦਾ ਪਾਰਟੀ 'ਚ ਸ਼ਾਮਲ ਹੋਣਾ ਚੰਗਾ ਸੰਕੇਤ ਹੈ।

ਫਾਸਟ ਟੈਗ ਦਾ ਨਵਾਂ ਨਿਯਮ

ਨਵੀਂ ਦਿੱਲੀ : ਭਾਰਤ ਦੀ ਸਰਕਾਰੀ ਮਾਲਕੀ ਵਾਲੀ ਨੈਸ਼ਨਲ ਹਾਈਵੇਅ ਅਥਾਰਟੀ ਦਾ 'ਇਕ ਵਾਹਨ, ਇਕ ਫਾਸਟੈਗ' ਨਿਯਮ ਲਾਗੂ ਹੋ ਗਿਆ ਹੈ, ਜਿਸ ਦਾ ਉਦੇਸ਼ ਕਈ ਫਾਸਟੈਗ ਨੂੰ ਕਿਸੇ ਖਾਸ ਵਾਹਨ ਨਾਲ ਜੋੜਨ ਤੋਂ ਰੋਕਣਾ ਹੈ।

ਕਮਰਸ਼ੀਅਲ ਸਿਲੰਡਰ ਦੇ ਰੇਟ 'ਚ ਕਮੀ

ਨਵੀਂ ਦਿੱਲੀ : ਹੋਟਲਾਂ ਅਤੇ ਰੈਸਟੋਰੈਂਟਾਂ 'ਚ ਵਰਤੇ ਜਾਣ ਵਾਲੇ ਕਮਰਸ਼ੀਅਲ ਸਿਲੰਡਰ 'ਚ 30.5 ਰੁਪਏ ਦੀ ਕਮੀ ਕੀਤੀ ਗਈ ਹੈ। ਇਸ ਨਾਲ 19 ਕਿਲੋ ਦੇ ਸਿਲੰਡਰ ਦੀ ਕੀਮਤ 1,764.50 ਰੁਪਏ ਹੋ ਗਈ ਹੈ।

ਇਮਰਾਨ ਤੇ ਪਤਨੀ ਦੀ 14 ਸਾਲ ਦੀ ਸਜ਼ਾ ਮੁਅੱਤਲ

ਇਸਲਾਮਾਬਾਦ : ਇਸਲਾਮਾਬਾਦ ਹਾਈ ਕੋਰਟ ਨੇ ਤੋਸ਼ਾਖਾਨਾ ਭ੍ਰਿਸ਼ਟਾਚਾਰ ਮਾਮਲੇ ਵਿਚ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖਾਨ ਅਤੇ ਉਨ੍ਹਾ ਦੀ ਪਤਨੀ ਬੁਸ਼ਰਾ ਬੀਬੀ ਨੂੰ ਸੁਣਾਈ 14 ਸਾਲ ਦੀ ਸਜ਼ਾ ਨੂੰ ਮੁਅੱਤਲ ਕਰ ਦਿੱਤਾ ਹੈ। ਦੋਵਾਂ ਨੂੰ ਇਸਲਾਮਾਬਾਦ ਦੀ ਜਵਾਬਦੇਹੀ ਅਦਾਲਤ ਨੇ ਆਮ ਚੋਣਾਂ ਤੋਂ ਕੁਝ ਦਿਨ ਪਹਿਲਾਂ 31 ਜਨਵਰੀ ਨੂੰ ਸਜ਼ਾ ਸੁਣਾਈ ਸੀ। ਚੀਫ ਜਸਟਿਸ ਆਮਰ ਫਾਰੂਕ ਨੇ ਕਿਹਾ ਕਿ ਸਜ਼ਾ ਖਿਲਾਫ ਅਪੀਲ 'ਤੇ ਈਦ ਦੀਆਂ ਛੁੱਟੀਆਂ ਤੋਂ ਬਾਅਦ ਸੁਣਵਾਈ ਕੀਤੀ ਜਾਵੇਗੀ।

ਤੇਂਦੂਏ ਵੱਲੋਂ 5 ਜ਼ਖਮੀ



ਨਵੀਂ ਦਿੱਲੀ : ਉੱਤਰੀ ਦਿੱਲੀ ਦੇ ਵਜ਼ੀਰਾਬਾਦ ਦੇ ਜਗਤਪੁਰ ਪਿੰਡ 'ਚ ਸੋਮਵਾਰ ਤੜਕੇ ਤੇਂਦੂਏ ਨੇ ਪੰਜ ਵਿਅਕਤੀਆਂ ਨੂੰ ਜ਼ਖਮੀ ਕਰ ਦਿੱਤਾ। ਫਿਰ ਉਹ ਘਰ ਦੀ ਛੱਤ ਤੋਂ ਛਾਲ ਮਾਰ ਕੇ ਨੇੜੇ ਦੀ ਇਮਾਰਤ 'ਚ ਦਾਖਲ ਹੋ ਗਿਆ, ਜਿੱਥੇ ਉਸ ਨੂੰ ਕਮਰੇ ਵਿੱਚ ਬੰਦ ਕਰ ਦਿੱਤਾ ਗਿਆ।

ਚੋਣ ਬਾਂਡਾਂ ਨੇ ਭਾਜਪਾ ਦਾ ਭ੍ਰਿਸ਼ਟਾਚਾਰ ਨੰਗਾ ਕੀਤਾ : ਕਾਂਗਰਸ

ਨਵੀਂ ਦਿੱਲੀ : ਕਾਂਗਰਸ ਨੇ ਸੋਮਵਾਰ ਚੋਣ ਬਾਂਡ ਸਕੀਮ 'ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਘੇਰਦਿਆਂ ਦੋਸ਼ ਲਾਇਆ ਕਿ ਬਾਂਡ ਨਾਲ ਜੁੜੇ ਅੰਕੜਿਆਂ ਨੇ ਭਾਰਤੀ ਜਨਤਾ ਪਾਰਟੀ ਅਤੇ ਮੋਦੀ ਸਰਕਾਰ ਦੇ 'ਗੰਭੀਰ ਭ੍ਰਿਸ਼ਟਾਚਾਰ' ਦਾ ਖੁਲਾਸਾ ਕੀਤਾ ਹੈ। ਪਾਰਟੀ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ ਕਿਹਾ ਕਿ ਇਹ ਸਕੀਮ ਇਸ ਤਰ੍ਹਾਂ ਤਿਆਰ ਕੀਤੀ ਗਈ ਸੀ ਕਿ ਇਹ ਪਤਾ ਨਾ ਲੱਗੇ ਕਿ ਸਿਆਸੀ ਪਾਰਟੀਆਂ ਕੋਲ ਪੈਸਾ ਕਿੱਥੋਂ ਆਇਆ ਅਤੇ ਇਸ ਦੀ ਵਰਤੋਂ ਕਿਵੇਂ ਕੀਤੀ ਜਾ ਰਹੀ ਹੈ। ਪ੍ਰਧਾਨ ਮੰਤਰੀ ਨੇ ਐਤਵਾਰ ਉਸ ਦਾਅਵੇ ਨੂੰ ਰੱਦ ਕੀਤਾ ਸੀ ਕਿ ਚੋਣ ਬਾਂਡ ਕਾਰਨ ਉਨ੍ਹਾਂ ਦੀ ਸਰਕਾਰ ਨੂੰ ਝਟਕਾ ਲੱਗਾ ਹੈ।

ਕੇਜਰੀਵਾਲ 15 ਤੱਕ ਨਿਆਂਇਕ ਹਿਰਾਸਤ 'ਚ

ਨਵੀਂ ਦਿੱਲੀ : ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੂੰ ਆਬਕਾਰੀ ਨੀਤੀ ਨਾਲ ਸੰਬੰਧਤ ਮਨੀ ਲਾਂਡਰਿੰਗ ਮਾਮਲੇ 'ਚ ਈ ਡੀ ਦੀ ਹਿਰਾਸਤ ਦੀ ਮਿਆਦ ਪੂਰੀ ਹੋਣ ਮਗਰੋਂ ਸੋਮਵਾਰ ਅਦਾਲਤ ਨੇ 15 ਦਿਨਾਂ ਲਈ ਨਿਆਂਇਕ ਹਿਰਾਸਤ 'ਚ ਭੇਜ ਦਿੱਤਾ।

ਆਮ ਆਦਮੀ ਪਾਰਟੀ ਦੇ ਮੁਖੀ ਕੇਜਰੀਵਾਲ ਨੂੰ ਅਦਾਲਤ 'ਚ ਵਿਸ਼ੇਸ਼ ਜੱਜ ਕਾਵੇਰੀ ਬਵੇਜਾ ਦੇ ਸਾਹਮਣੇ ਪੇਸ਼ ਕੀਤਾ ਗਿਆ। ਈ ਡੀ ਨੇ ਅਦਾਲਤ ਤੋਂ ਕੇਜਰੀਵਾਲ ਨੂੰ 15 ਦਿਨਾਂ ਲਈ ਨਿਆਂਇਕ ਹਿਰਾਸਤ 'ਚ ਭੇਜਣ ਦੀ ਮੰਗ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਜਾਂਚ 'ਚ ਬਿਲਕੁਲ ਸਹਿਯੋਗ ਨਹੀਂ ਕਰ ਰਹੇ।

ਗਿਆਨਵਾਪੀ ਮਸਜਿਦ ਦੇ ਤਹਿਖਾਨੇ 'ਚ ਪੂਜਾ 'ਤੇ ਰੋਕ ਤੋਂ ਨਾਂਹ

ਨਵੀਂ ਦਿੱਲੀ : ਸੁਪਰੀਮ ਕੋਰਟ ਨੇ ਗਿਆਨਵਾਪੀ ਮਸਜਿਦ ਦੇ ਦੱਖਣੀ ਤਹਿਖਾਨੇ 'ਚ ਹਿੰਦੂ ਪੱਖ ਨੂੰ ਪੂਜਾ ਕਰਨ ਦੀ ਆਗਿਆ ਦੇਣ 'ਤੇ ਪਾਬੰਦੀ ਲਗਾਉਣ ਤੋਂ ਸੋਮਵਾਰ ਇਨਕਾਰ ਕਰ ਦਿੱਤਾ ਅਤੇ ਮਸਜਿਦ ਪ੍ਰਬੰਧ ਕਮੇਟੀ ਦੀ ਪਟੀਸ਼ਨ 'ਤੇ ਕਾਸ਼ੀ ਵਿਸ਼ਵਨਾਥ ਮੰਦਰ ਟਰੱਸਟ ਨੂੰ ਨੋਟਿਸ ਜਾਰੀ ਕਰਕੇ ਜਵਾਬ ਮੰਗਿਆ। ਕੋਰਟ ਨੇ ਵਾਰਾਨਸੀ ਸਥਿਤ ਗਿਆਨਵਾਪੀ ਕੰਪਲੈਕਸ 'ਚ ਨਮਾਜ਼ ਅਦਾ ਕਰਨ ਬਾਰੇ ਸਥਿਤੀ ਜਿਉਂ ਦੀ ਤਿਉਂ ਰੱਖਣ ਦੇ ਹੁਕਮ ਦਿੱਤੇ ਹਨ। ਸੁਪਰੀਮ ਕੋਰਟ ਗਿਆਨਵਾਪੀ ਮਸਜਿਦ ਪ੍ਰਬੰਧ ਕਮੇਟੀ ਵੱਲੋਂ ਅਲਾਹਾਬਾਦ ਹਾਈ ਕੋਰਟ ਦੇ ਉਸ ਹੁਕਮ ਨੂੰ ਚੁਣੌਤੀ ਦੇਣ ਵਾਲੀ ਤਾਜ਼ਾ ਪਟੀਸ਼ਨ ਦੀ ਸੁਣਵਾਈ ਕਰ ਰਹੀ ਹੈ, ਜਿਸ ਨੇ ਮਸਜਿਦ ਦੇ ਦੱਖਣੀ ਤਹਿਖਾਨੇ 'ਚ ਹਿੰਦੂ ਪੱਖ ਨੂੰ ਪੂਜਾ ਅਦਾ ਕਰਨ ਦੀ ਇਜਾਜ਼ਤ ਦੇਣ ਵਾਲੇ ਅਧੀਨ ਅਦਾਲਤ ਦੇ ਫੈਸਲੇ ਨੂੰ ਬਰਕਰਾਰ ਰੱਖਿਆ ਸੀ।

ਗਾਜ਼ਾ ਪੱਟੀ ਦੇ ਹਸਪਤਾਲ 'ਚ ਲਾਸ਼ਾਂ ਦੇ ਢੇਰ ਨਜ਼ਰ ਆਏ

ਗਾਜ਼ਾ ਪੱਟੀ : ਇਜ਼ਰਾਈਲੀ ਫੌਜ ਨੇ ਦੋ ਹਫਤਿਆਂ ਦੇ ਹਮਲਿਆਂ ਤੋਂ ਬਾਅਦ ਗਾਜ਼ਾ ਦੇ ਮੁੱਖ ਹਸਪਤਾਲ ਤੋਂ ਆਪਣੇ ਫੌਜੀਆਂ ਨੂੰ ਵਾਪਸ ਸੱਦ ਲਿਆ ਹੈ, ਜਿਸ ਨਾਲ ਹਸਪਤਾਲ 'ਚ ਵਿਆਪਕ ਤਬਾਹੀ ਸਾਹਮਣੇ ਆਈ ਹੈ। ਇਜ਼ਰਾਈਲੀ ਫੌਜਾਂ ਦੇ ਪਿੱਛੇ ਹਟਣ ਤੋਂ ਬਾਅਦ ਸੋਮਵਾਰ ਸਵੇਰ ਲੱਖਾਂ ਲੋਕ ਅਲ ਸ਼ਿਫਾ ਹਸਪਤਾਲ ਅਤੇ ਆਸਪਾਸ ਦੇ ਇਲਾਕਿਆਂ 'ਚ ਪਰਤ ਆਏ। ਇਥੇ ਉਨ੍ਹਾਂ ਨੂੰ ਹਸਪਤਾਲ ਦੇ ਅੰਦਰ ਅਤੇ ਬਾਹਰ ਲਾਸ਼ਾਂ ਪਈਆਂ ਮਿਲੀਆਂ। ਇਜ਼ਰਾਈਲੀ ਫੌਜ ਨੇ ਇਸ ਹਮਲੇ ਨੂੰ ਕਰੀਬ ਛੇ ਮਹੀਨਿਆਂ ਦੀ ਲੜਾਈ ਵਿਚ ਸਭ ਤੋਂ ਸਫਲ ਦੱਸਿਆ ਅਤੇ ਕਿਹਾ ਕਿ ਇਸ ਵਿਚ ਸੈਂਕੜੇ ਹਮਾਸ ਅਤੇ ਹੋਰ ਅੱਤਵਾਦੀ ਮਾਰੇ ਗਏ ਹਨ ਅਤੇ ਬਹੁਤ ਸਾਰੇ ਖੁਫੀਆ ਦਸਤਾਵੇਜ਼ ਮਿਲੇ ਹਨ।

ਬੱਸ ਸਟੈਂਡ ਮਾਨਸਾ ਤੋਂ ਅਣਪਛਾਤੇ ਬੱਚੇ ਦੀ ਲਾਸ਼ ਮਿਲੀ

ਮਾਨਸਾ (ਆਤਮਾ ਸਿੰਘ ਪਮਾਰ) ਮਾਨਸਾ ਬੱਸ ਸਟੈਂਡ 'ਤੇ ਉਸ ਸਮੇਂ ਸਨਸਨੀ ਫੈਲ ਗਈ, ਜਦੋਂ ਉਥੇ ਇਕ ਅਣਪਛਾਤੇ ਬੱਚੇ ਦੀ ਲਾਸ਼ ਆਮ ਲੋਕਾਂ ਵੱਲੋਂ ਦੇਖੀ ਗਈ। ਇਸ ਸੰਬੰਧੀ ਜਦੋਂ ਥਾਣਾ ਸਿਟੀ-2 ਦੇ ਮੁੱਖ ਅਫਸਰ ਨਾਲ ਫੋਨ 'ਤੇ ਗੱਲ ਕੀਤੀ ਗਈ ਤਾਂ ਉਹਨਾ ਦੱਸਿਆ ਕਿ ਸਾਨੂੰ ਇਸ ਸੰਬੰਧੀ ਕਿਸੇ ਵਿਅਕਤੀ ਵੱਲੋਂ ਫੋਨ ਕਰਕੇ ਸੂਚਨਾ ਦਿੱਤੀ ਗਈ ਹੈ। ਪੁਲਸ ਟੀਮ ਨੂੰ ਬੱਚੇ ਦੀ ਲਾਸ਼ ਕੋਲੋਂ ਕੋਈ ਵੀ ਅਜਿਹਾ ਦਸਤਾਵੇਜ਼ ਨਹੀਂ ਮਿਲਿਆ, ਜਿਸ ਤੋਂ ਉਸ ਦੀ ਸ਼ਨਾਖਤ ਹੋ ਸਕੇ। ਤਫਤੀਸ਼ੀ ਅਫਸਰ ਜਸਵੀਰ ਸਿੰਘ ਨੇ ਦੱਸਿਆ ਕਿ ਬੱਸ ਸਟੈਂਡ 'ਤੇ ਲੱਗੇ ਸੀ ਸੀ ਟੀ ਵੀ ਕੈਮਰਿਆਂ ਦੀ ਪੜਤਾਲ ਕਰਨ ਉਪਰੰਤ ਵੀ ਕੁਝ ਹੱਥ-ਪੱਲੇ ਨਹੀਂ ਪਿਆ। ਉਹਨਾ ਦੱਸਿਆ ਕਿ ਇਸ ਸੰਬੰਧੀ ਸਮੁੱਚੇ ਪੰਜਾਬ ਦੇ ਪੁਲਸ ਸਟੇਸ਼ਨਾਂ ਨੂੰ ਸੂਚਿਤ ਕਰ ਦਿੱਤਾ ਗਿਆ ਹੈ, ਤਾਂ ਕਿ ਬੱਚੇ ਦੇ ਵਾਰਸਾਂ ਦਾ ਪਤਾ ਲਾਇਆ ਜਾ ਸਕੇ। ਲਾਸ਼ ਸ਼ਨਾਖਤ ਲਈ ਸਿਵਲ ਹਸਪਤਾਲ ਮਾਨਸਾ ਵਿਖੇ ਰੱਖੀ ਗਈ ਹੈ। ਇਸ ਤੋਂ ਇਲਾਵਾ ਪੁਲਸ ਸੋਸ਼ਲ ਮੀਡੀਆ ਅਤੇ ਹੋਰ ਵੱਖ-ਵੱਖ ਥਿਊਰੀਆਂ 'ਤੇ ਕੰਮ ਕਰ ਰਹੀ ਹੈ।

ਅਪ੍ਰੈਲ ਤੋਂ

2-APRIL-PAGE-1.qxd 4/1/2024 10:30 PM Page 2

ਧਾਰਮਿਕ ਸਮਾਗਮ ਕਰਵਾਉਣਾ ਸ਼ਲਾਘਾਯੋਗ ਕਦਮ : ਹਨੀ ਫੱਤਣਵਾਲਾ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਚਾਵਲਾ, ਪਰਮਜੀਤ ਸਿੰਘ)-ਸਥਾਨਕ ਮਲੋਟ ਰੋਡ 'ਤੇ ਸਥਿਤ ਚਹਿਲ ਮਾਰਕਿਟ ਵਿਖੇ ਜੈ ਬਾਬਾ ਖੇਤਰਪਾਲ ਵੈੱਲਫੇਅਰ ਸੁਸਾਇਟੀ ਵੱਲੋਂ ਬਾਬਾ ਖੇਤਰਪਾਲ ਜੀ ਦਾ 17ਵਾਂ ਵਿਸ਼ਾਲ ਜਾਗਰਣ ਕਰਵਾਇਆ ਗਿਆ।ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਜਨਰਲ ਸਕੱਤਰ ਜਗਜੀਤ ਸਿੰਘ ਬਰਾੜ ਹਨੀ ਫੱਤਣਵਾਲਾ ਨੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਜਾਗਰਣ ਵਿੱਚ ਹਾਜ਼ਰੀ ਲਗਵਾਈ ਤੇ ਬਾਬਾ ਜੀ ਦਾ ਅਸ਼ੀਰਵਾਦ ਪ੍ਰਾਪਤ ਕੀਤਾ।ਇਸ ਮੌਕੇ ਆਪਣੇ ਸੰਬੋਧਨ ਵਿੱਚ ਹਨੀ ਫੱਤਣਵਾਲਾ ਨੇ ਕਿਹਾ ਕਿ ਧਾਰਮਿਕ ਸਮਾਗਮ ਕਰਵਾਉਣਾ ਸ਼ਲਾਘਾਯੋਗ ਕਦਮ ਹੈ ਤੇ ਇਸ ਨਾਲ ਆਪਸੀ ਭਾਈਚਾਰਾ ਕਾਇਮ ਰਹਿੰਦਾ ਹੈ।ਉਨ੍ਹਾਂ ਕਿਹਾ ਕਿ ਸਾਨੂੰ ਸਭ ਅਜਿਹੇ ਧਾਰਮਿਕ ਸਮਾਗਮਾਂ ਵਿੱਚ ਵਧ ਚੜ੍ਹ ਕੇ ਹਿੱਸਾ ਲੈਣਾ ਚਾਹੀਦਾ ਹੈ।ਇਸ ਦੌਰਾਨ ਜਿੱਥੇ ਹਨੀ ਫੱਤਣਵਾਲਾ ਨੇ ਸੁਸਾਇਟੀ ਦੇ ਮੈਂਬਰਾਂ ਨੂੰ ਵਧਾਈ ਦਿੱਤੀ, ਉੱਥੇ ਹੀ ਸੁਸਾਇਟੀ ਮੈਂਬਰਾਂ ਵੱਲੋਂ ਹਨੀ ਫੱਤਣਵਾਲਾ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਜਾਗਰਣ ਦੌਰਾਨ ਗੁਰਸੇਵਕ ਅਲੀ ਗੰਗਾਨਗਰ ਵਾਲੇ ਤੇ ਸੁਖਦੇਵ ਮਸਤੀ ਮੋਹਾਲੀ ਵਾਲਿਆਂ ਵੱਲੋਂ ਬਾਬਾ ਜੀ ਦਾ ਗੁਣਗਾਨ ਕਰਕੇ ਸ਼ਰਧਾਲੂਆਂ ਨੂੰ ਝੂੰਮਣ ਲਈ ਮਜਬੂਰ ਕਰ ਦਿੱਤਾ। ਇਸ ਮੌਕੇ ਰਾਜੇਸ਼ ਕਪੂਰ, ਵਿਜੈ ਕੁਮਾਰ, ਕੁਲਦੀਪ ਪੂਰੀ, ਰਾਜਨ ਗਿਰਧਰ, ਨਰੇਸ਼ ਕੋਚਾ, ਸੁਨੀਲ ਮਲਹੋਤਰਾ, ਸੁਨੀਲ ਵਧਵਾ, ਪਵਨ ਕੁਮਾਰ, ਧੀਰਜ ਵਧਵਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸ਼ਰਧਾਲੂ ਮੌਜੂਦ ਸਨ।

ਅੱਠਵੀਂ ਦੀ ਸਾਲਾਨਾ ਪ੍ਰੀਖਿਆ 'ਚ ਮਾਨਵਿਕਾ ਨੇ ਸੂਬੇ 'ਚੋਂ ਛੇਵਾਂ ਸਥਾਨ ਹਾਸਲ ਕੀਤਾ

ਭੀਖੀ (ਧਰਮਵੀਰ ਸ਼ਰਮਾ)-ਸਥਾਨਕ ਸਰਵਹਿੱਤਕਾਰੀ ਵਿੱਦਿਆ ਮੰਦਰ ਵੱਲੋਂ ਅੱਠਵੀਂ ਜਮਾਤ ਦਾ ਸਾਲਾਨਾ ਪ੍ਰੀਖਿਆ ਦਾ ਨਤੀਜਾ ਐਲਾਨਿਆ ਗਿਆ। ਸਕੂਲ ਪ੍ਰਿੰਸੀਪਲ ਡਾ. ਗਗਨਦੀਪ ਪ੍ਰਾਸ਼ਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਹ ਪ੍ਰੀਖਿਆ ਸਰਵਹਿੱਤਕਾਰੀ ਸਿੱਖਿਆ ਸੰਮਤੀ ਵੱਲੋਂ ਪੰਜਾਬ ਪੱਧਰ 'ਤੇ ਲਈ ਜਾਂਦੀ ਹੈ ਅਤੇ ਇਸ ਦਾ ਮੁਲਾਂਕਣ ਵੀ ਸਰਵਹਿੱਤਕਾਰੀ ਸੰਮਤੀ ਵੱਲੋਂ ਹੀ ਕੀਤਾ ਜਾਂਦਾ ਹੈ। ਸਕੂਲ ਲਈ ਬੜੇ ਹੀ ਮਾਣ ਦੀ ਗੱਲ ਹੈ ਕਿ ਇਸ ਪ੍ਰੀਖਿਆ ਵਿੱਚ ਸਕੂਲ ਦੀ ਵਿਦਿਆਰਥਣ ਮਾਨਵਿਕਾ ਸ਼ਰਮਾ ਨੇ ਪੂਰੇ ਪੰਜਾਬ ਰਾਜ ਵਿੱਚੋਂ ਛੇਵਾਂ ਸਥਾਨ ਪ੍ਰਾਪਤ ਕੀਤਾ। ਇਸ ਪ੍ਰੀਖਿਆ ਵਿੱਚੋਂ ਪਹਿਲਾ, ਦੂਜਾ ਤੇ ਤੀਸਰਾ ਸਥਾਨ ਪ੍ਰਾਪਤ ਕਰਨ ਵਾਲੇ ਬੱਚਿਆਂ ਨੂੰ ਸਵੇਰ ਦੀ ਸਭਾ ਵਿੱਚ ਸਰਟੀਫਿਕੇਟ ਤੇ ਤਮਗੇ ਦੇ ਕੇ ਸਨਮਾਨਤ ਕੀਤਾ ਗਿਆ ਅਤੇ ਬੱਚਿਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ ਗਈ। ਇਸ ਮੌਕੇ ਸੰਬੋਧਨ ਕਰਦਿਆਂ ਸਕੂਲ ਪ੍ਰਿੰਸੀਪਲ ਡਾ. ਗਗਨਦੀਪ ਪਰਾਸ਼ਰ ਨੇ ਕਿਹਾ ਕਿ ਸਾਨੂੰ ਭਵਿੱਖ ਵਿੱਚ ਵੀ ਚੰਗੇ ਨਤੀਜਿਆਂ ਲਈ ਹਮੇਸ਼ਾ ਹੀ ਮਿਹਨਤ ਤੇ ਲਗਨ ਨਾਲ ਪਹਿਲ ਕਰਨੀ ਚਾਹੀਦੀ ਹੈ। ਵਰਨਣਯੋਗ ਹੈ ਕਿ ਸੀ.ਬੀ.ਐੱਸ.ਈ. ਬੋਰਡ ਦੁਆਰਾ ਆਰੀਆ ਭੱਟ ਨਾਲ ਸੰਬੰਧਤ ਇੱਕ ਪ੍ਰਸ਼ਨੋਤਰੀ ਮੁਕਾਬਲਾ ਕਰਵਾਇਆ ਗਿਆ ਸੀ, ਜਿਸ ਵਿੱਚ ਭਾਗ ਲੈਣ ਵਾਲੇ ਸਰਵਹਿੱਤਕਾਰੀ ਵਿੱਦਿਆ ਮੰਦਰ ਭੀਖੀ ਦੇ ਦੋ ਵਿਦਿਆਰਥੀਆਂ ਨਿਸ਼ਾਂਤ ਤੇ ਲਖਵਿੰਦਰ ਕੌਰ ਨੂੰ ਪ੍ਰਸੰਸਾ ਪੱਤਰ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਸਕੂਲ ਪ੍ਰਬੰਧਕ ਕਮੇਟੀ, ਸਮੂਹ ਸਟਾਫ ਤੇ ਵਿਦਿਆਰਥੀ ਹਾਜ਼ਰ ਸਨ।

ਸੰਤ ਬਾਬਾ ਮਨੀ ਸਿੰਘ ਕਾਨਵੈਂਟ ਸਕੂਲ 'ਚ ਨਵੇਂ ਸੈਸ਼ਨ ਦਾ ਆਰੰਭ

ਭਗਤਾ ਭਾਈ ਕਾ (ਰਾਜੀਵ ਗੋਇਲ)-ਸੰਤ ਬਾਬਾ ਮਨੀ ਸਿੰਘ ਕਾਨਵੈਂਟ ਸਕੂਲ ਤੇ ਸੰਤ ਬਾਬਾ ਮਨੀ ਸਿੰਘ ਗਰਲਜ਼ ਸੀਨੀਅਰ ਸੈਕੈਂਡਰੀ ਸਕੂਲ ਦੁੱਲੇਵਾਲਾ ਵਿਖੇ ਪਰਮਾਤਮਾ ਦਾ ਓਟ ਆਸਰਾ ਲੈਂਦੇ ਹੋਏ ਸ਼੍ਰੀ ਸੁਖਮਨੀ ਸਾਹਿਬ ਦੇ ਪਾਠ ਤੇ ਕੀਰਤਨ ਦਰਬਾਰ ਨਾਲ ਨਵੇਂ ਸੈਸ਼ਨ ਦਾ ਆਰੰਭ ਕੀਤਾ ਗਿਆ।ਇਸ ਵਿੱਚ ਸਕੂਲ ਮੈਨੇਜਮੈਂਟ ਵੱਲੋਂ ਪਹਿਲਾ, ਦੂਜਾ ਤੇ ਤੀਜਾ ਦਰਜਾ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ ਤੇ ਅਗਲੇਰੀ ਪੜ੍ਹਾਈ ਲਈ ਉਤਸ਼ਾਹਤ ਕੀਤਾ ਗਿਆ।ਇਸ ਵਿੱਚ ਪ੍ਰਧਾਨ ਕਰਨੈਲ ਸਿੰਘ ਚੇਅਰਮੈਨ ਜਗਸੀਰ ਸਿੰਘ, ਖ਼ਜ਼ਾਨਚੀ ਹਰਿਦਰ ਸਿੰਘ, ਮੈਂਬਰ ਗੁਰਬਾਜ ਸਿੰਘ, ਗੁਰਤੇਜ ਸਿੰਘ, ਅਰਜਨ ਸਿੰਘ ਤੇ ਫ਼ਤਿਹ ਸਿੰਘ, ਕੌਰ ਸਿੰਘ, ਸੁਖਦਰਸ਼ਨ ਸਿੰਘ, ਗੁਰਮੀਤ ਸਿੰਘ, ਸਤਨਾਮ ਸਿੰਘ ਤੇ ਅਧਿਆਪਕ ਸਾਹਿਬਾਨ ਅਤੇ ਬੱਚਿਆਂ ਦੇ ਮਾਪਿਆਂ ਸ਼ਾਮਲ ਹੋਏ।

ਸਹਿਕਾਰੀ ਕ੍ਰਮਚਾਰੀ ਯੂਨੀਅਨ ਦੇ ਅਹੁਦੇਦਾਰਾਂ ਦੀ ਚੋਣ

ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)-ਦੀ ਪੰਜਾਬ ਰਾਜ ਸਹਿਕਾਰੀ ਕ੍ਰਮਚਾਰੀ ਯੂਨੀਅਨ ਜ਼ਿਲ੍ਹਾ ਸੰਗਰੂਰ ਦੀ ਚੋਣ ਸਰਬਸੰਮਤੀ ਨਾਲ ਹੋਈ, ਜਿਸ ਵਿੱਚ ਜਸਵੰਤ ਸਿੰਘ ਜੱਸੀ ਸ਼ੇਰੋਂ ਨੂੰ ਜ਼ਿਲ੍ਹਾ ਪ੍ਰਧਾਨ, ਗੁਰਦੀਪ ਸਿੰਘ ਬਲਾਕ ਮੂਣਕ ਨੂੰ ਮੀਤ ਪ੍ਰਧਾਨ, ਦਿਲਪ੍ਰੀਤ ਸਿੰਘ ਬਲਾਕ ਸੰਗਰੂਰ ਨੂੰ ਸੀਨੀਅਰ ਮੀਤ ਪ੍ਰਧਾਨ, ਬਲਜੀਤ ਸਿੰਘ ਜੋਰਾ ਜਨਾਲ ਨੂੰ ਜ. ਸਕੱਤਰ, ਬਲਜਿੰਦਰ ਸਿੰਘ ਬਲਾਕ ਮੂਣਕ ਨੂੰ ਸਹਾਇਕ ਸਕੱਤਰ, ਕੁਲਵਿੰਦਰ ਸਿੰਘ ਬਲਾਕ ਭਵਾਨੀਗੜ੍ਹ ਨੂੰ ਖ਼ਜ਼ਾਨਚੀ, ਹਰਜੀਤ ਸਿੰਘ ਬਲਾਕ ਭਵਾਨੀਗੜ ਨੂੰ ਸਹਾਇਕ ਖ਼ਜ਼ਾਨਚੀ, ਜਗਤਾਰ ਸਿੰਘ ਬਲਾਕ ਮੂਣਕ ਨੂੰ ਮੁੱਖ ਸਲਾਹਕਾਰ ਤੇ ਗੁਰਮੇਲ ਸਿੰਘ ਬਲਾਕ ਲਹਿਰਾ ਨੂੰ ਪ੍ਰੈਸ ਸਕੱਤਰ ਚੁਣਿਆ ਗਿਆ ਹੈ।ਚੁਣੇ ਗਏ ਆਗੂਆਂ 'ਚੋਂ ਬਲਜੀਤ ਸਿੰਘ ਜੋਰਾ ਜਨਾਲ ਤੇ ਕੁਲਵਿੰਦਰ ਸਿੰਘ ਬਲਾਕ ਭਵਾਨੀਗੜ੍ਹ ਨੂੰ ਸਟੇਟ ਡੈਲੀਗੇਟ ਦੀ ਜ਼ਿੰਮੇਵਾਰੀ ਸੌਂਪ ਗਈ ਹੈ।ਨਵਨਿਯੁਕਤ ਪ੍ਰਧਾਨ ਜਸਵੰਤ ਸਿੰਘ ਜੱਸੀ ਨੇ ਕਿਹਾ ਕਿ ਉਹ ਪੂਰੀ ਤਨਦੇਹੀ ਤੇ ਪ੍ਰਤੀਬੱਧਤਾ ਨਾਲ ਮੁਲਾਜ਼ਮਾਂ ਦੇ ਮਸਲੇ ਹੱਲ ਕਰਨ ਲਈ ਯਤਨਸ਼ੀਲ ਹੋਣਗੇ।ਉਨ੍ਹਾਂ ਸਰਬਸੰਮਤੀ ਨਾਲ ਕੀਤੀ ਚੋਣ ਲਈ ਸਮੂਹ ਮੁਲਾਜ਼ਮ ਭਾਈਚਾਰੇ ਦਾ ਧੰਨਵਾਦ ਕੀਤਾ।

ਸਿਹਤ ਕਾਮਿਆਂ ਵੱਲੋਂ ਨੀਲਮਜੀਤ ਕੌਰ ਦੀ ਪ੍ਰਧਾਨਗੀ 'ਚ ਐੱਸ ਐੱਮ ਓ ਨਾਲ ਮੀਟਿੰਗ

ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਸੀ.ਐਚ.ਸੀ. ਚਨਾਰਥਲ ਕਲਾਂ ਅਧੀਨ ਕੰਮ ਕਰਦੇ ਫੀਲਡ ਵਿੱਚ ਕੰਮ ਕਰਦੇ ਸਿਹਤ ਕਾਮਿਆਂ ਵੱਲੋਂ ਸੀਨੀਅਰ ਮੈਡੀਕਲ ਅਫ਼ਸਰ ਡਾ. ਸੁਰਿੰਦਰ ਸਿੰਘ ਨਾਲ ਮਲਟੀਪਰਪਸ ਹੈਲਥ ਇੰਪਲਾਈਜ਼ ਯੂਨੀਅਨ ਸੀ ਐਚ ਸੀ ਚਨਾਰਥਲ ਕਲਾਂ ਦੇ ਪ੍ਰਧਾਨ ਨੀਲਜੀਤ ਕੌਰ ਦੀ ਅਗਵਾਈ ਵਿੱਚ ਮੀਟਿੰਗ ਕੀਤੀ ਗਈ ਤੇ ਮੰਗਾਂ ਸੰਬੰਧੀ ਮੰਗ ਪੱਤਰ ਦਿੱਤਾ ਗਿਆ। ਨੀਲਮਜੀਤ ਕੌਰ ਨੇ ਦੱਸਿਆ ਕਿ ਮੁਲਾਜ਼ਮਾਂ ਦੀਆਂ ਕੁਝ ਬੁਨਿਆਦੀ ਮੰਗਾਂ ਜੋ ਸੀ.ਐਚ.ਸੀ. ਪੱਧਰ 'ਤੇ ਹੱਲ ਹੋਣ ਵਾਲੀਆਂ ਸਨ, ਸਬੰਧੀ ਐਸ.ਐਮ.ਓ. ਡਾ. ਸੁਰਿੰਦਰ ਸਿੰਘ ਨੂੰ ਮਿਲਿਆ ਗਿਆ ਤੇ ਉਨ੍ਹਾਂ ਵੱਲੋਂ ਮੀਟਿੰਗ ਦੌਰਾਨ ਸਾਰੀਆਂ ਮੰਗਾਂ ਦਾ ਜਲਦ ਹੱਲ ਕਰਨ ਦਾ ਭਰੋਸਾ ਦਿੱਤਾ ਗਿਆ ਹੈ। ਉਨ੍ਹਾਂ ਨਾਲ ਸ੍ਰੀ ਇੰਦਰਜੀਤ ਸਿੰਘ ਨਾਗਰਾ ਸੀਨੀਅਰ ਮੀਤ ਪ੍ਰਧਾਨ, ਸ੍ਰੀ ਸੁਰਜੀਤ ਸਿੰਘ, ਗੁਰਪ੍ਰੀਤ ਸਿੰਘ ਜਨਰਲ ਸਕੱਤਰ, ਸ੍ਰੀ ਰਣਜੋਧ ਸਿੰਘ ਪ੍ਰੈਸ ਸਕੱਤਰ, ਗੀਤਾ ਗੌਤਮ ਜ਼ਿਲ੍ਹਾ ਮੀਤ ਪ੍ਰਧਾਨ, ਸ੍ਰੀ ਲਖਵਿੰਦਰ ਸਿੰਘ, ਗੌਰਵ ਸ਼ਰਮਾ, ਸ੍ਰੀਮਤੀ ਮਨਦੀਪ ਕੌਰ, ਸ੍ਰੀ ਨਰਿੰਦਰ ਸਿੰਘ, ਸ੍ਰੀ ਮਹਾਵੀਰ ਸਿੰਘ, ਸ੍ਰੀਗੁਰਿੰਦਰ ਸਿੰਘ ਰੁੜਕੀ, ਤੇਤਰ ਲਾਲ, ਸੀਨੀਅਰ ਸਹਾਇਕ ਸੁਮਿਤ ਉੱਪਲ ਤੇ ਹੋਰ ਹਾਜ਼ਰ ਸਨ।

ਐਮ.ਏ.ਐਮ ਸਕੂਲ ਦੇ ਨਵੇਂ ਸੈਸ਼ਨ 'ਚ ਵੀ ਵੱਡੇ ਹੰਭਲੇ ਮਾਰਾਂਗੇ : ਡਾ. ਮੋਨਿਕਾ

ਸਮਰਾਲਾ (ਸੁਰਜੀਤ ਸਿੰਘ)-ਅਕਾਦਮਿਕ ਸੈਸ਼ਨ ਦੌਰਾਨ ਸਾਰੀਆਂ ਜਮਾਤਾਂ ਦੇ ਸ਼ਾਨਦਾਰ ਨਤੀਜਿਆਂ ਤੇ ਹੋਰ ਵਾਧੂ ਐਕਟੀਵਿਟੀ ਵਿੱਚ ਵਿਦਿਆਰਥੀਆਂ ਵੱਲੋਂ ਖੱਟੇ ਨਾਮਣੇ ਤੋਂ ਉਤਸ਼ਾਹਤ ਹੋ ਕੇ ਐਮ ਏ ਐਮ ਸਕੂਲ ਨੇ ਇਸ ਸਾਲ ਦੇ ਨਵੇਂ ਸੈਸ਼ਨ ਦੀ ਸ਼ੁਰੂਆਤ ਕਰਦਿਆਂ ਸਕੂਲ ਪ੍ਰਿੰਸੀਪਲ ਡਾ. ਮੋਨਿਕਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਉਹ ਇਸ ਸਾਲ ਹੋਰ ਵੱਡੇ ਹੌਸਲੇ ਨਾਲ ਵੱਡੇ ਖਿਤਿਜਾਂ ਨੂੰ ਛੋਹਣ ਦੀ ਕੋਸ਼ਿਸ਼ ਕਰਨਗੇ।ਉਨ੍ਹਾਂ ਕਿਹਾ ਕਿ ਬੀਤੇ ਸਾਲ ਸਕੂਲ ਟੀਚਰਾਂ ਦੀ ਮਿਹਨਤ ਨੇ ਚੰਗੇ ਰੰਗ ਦਿਖਾਏ ਹਨ।ਇਸ ਤੋਂ ਪਹਿਲਾਂ ਡਾ. ਮੋਨਿਕਾ ਦੀ ਅਗਵਾਈ ਵਿੱਚ ਨਵੇਂ ਸੈਸ਼ਨ ਦੀ ਸ਼ੁਰੂਆਤ ਕਰਦਿਆਂ ਪਹਿਲੇ ਦਿਨ ਸਵੇਰ ਦੀ ਪ੍ਰਾਰਥਨਾ ਸਭਾ ਦਾ ਆਯੋਜਨ ਪ੍ਰਿੰਸੀਪਲ, ਸਮੂਹ ਸਟਾਫ਼ ਤੇ ਵਿਦਿਆਰਥੀਆਂ ਵੱਲੋਂ ਸ਼ਬਦ 'ਸੁਖ ਤੇਰਾ ਦਿੱਤਾ ਲਹੀਐ' ਦਾ ਗਾਇਨ ਕਰਕੇ ਕੀਤਾ ਗਿਆ।ਇਸ ਸ਼ੁਭ ਅਵਸਰ 'ਤੇ ਸਕੂਲ ਦੀ ਪ੍ਰਿੰਸੀਪਲ ਡਾ. ਮੋਨਿਕਾ ਨੇ ਸਾਰੇ ਵਿਦਿਆਰਥੀਆਂ ਨੂੰ ਨਵੀਆਂ ਜਮਾਤਾਂ ਵਿੱਚ ਆਉਣ 'ਤੇ ਜੀ ਆਇਆਂ ਕਿਹਾ। ਨਾਲ ਹੀ ਉਨ੍ਹਾਂ ਨੇ ਵਿਦਿਆਰਥੀਆਂ ਸੰਬੋਧਨ ਕਰਦਿਆਂ ਕਿਹਾ ਕਿ ਉਨ੍ਹਾਂ ਦਾ ਸਕੂਲ ਹਮੇਸ਼ਾ ਦੀ ਤਰ੍ਹਾਂ ਉੱਚ-ਗੁਣਵਤਾ ਵਾਲੇ ਵਿੱਦਿਅਕ ਪ੍ਰੋਗਰਾਮ ਪ੍ਰਦਾਨ ਕਰਨ ਲਈ ਅੱਜ ਵੀ ਵਚਨਬੱਧ ਹੈ, ਜੋ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਆਉਣ ਵਾਲੇ ਜੀਵਨ ਵਿੱਚ ਸਫ਼ਲਤਾ ਦੀਆਂ ਬੁਲੰਦੀਆਂ 'ਤੇ ਪੁਚਾਉਣ ਵਿੱਚ ਸਹਾਈ ਹੋਵੇਗਾ।ਉਨ੍ਹਾਂ ਨੇ ਆਉਣ ਵਾਲੇ ਸੈਸ਼ਨ ਵਿੱਚ ਮੈਕਸੀਅਨ ਦੇ ਝੰਡੇ ਨੂੰ ਉੱਚਾ ਰੱਖਣ ਲਈ ਵਿਦਿਆਰਥੀਆਂ ਤੇ ਸਮਾਜ ਦੇ ਨਿਰੰਤਰ ਸਮਰਥਨ ਤੇ ਸਹਿਯੋਗ ਦੀ ਉਮੀਦ ਵੀ ਜ਼ਾਹਰ ਕੀਤੀ।

ਭਾਜਪਾ ਨੂੰ ਮੂੰਹ ਦੀ ਖਾਣੀ ਪਵੇਗੀ : ਬਲਕਾਰ ਸਿੱਧੂ

ਰਾਮਪੁਰਾ ਫੂਲ (ਦਰਸ਼ਨ ਸਿੰਦਲ)

ਦੇਸ਼ ਅੰਦਰ ਭਾਜਪਾ ਵੱਲੋਂ ਪਾੜੋ ਤੇ ਰਾਜ ਕਰੋ ਦੀਆਂ ਨੀਤੀਆਂ ਨੂੰ ਲੋਕ ਸਭਾ ਚੋਣਾਂ ਵਿੱਚ ਮੂੰਹ ਦੀ ਖਾਣੀ ਪਵੇਗੀ, ਕਿਉਂਕਿ ਲੋਕ ਹੁਣ ਭਾਜਪਾ ਦੇ ਲੁਭਾਵਣੇ ਵਾਅਦਿਆਂ ਦੇ ਝਾਂਸੇ ਵਿੱਚ ਨਹੀਂ ਆਉਣਗੇ।ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਵਿਧਾਇਕ ਬਲਕਾਰ ਸਿੱਧੂ ਨੇ ਦਿੱਲੀ ਧਰਨੇ 'ਚ ਪਹੁੰਚੇ ਲੱਖਾਂ ਵਲੰਟੀਅਰਜ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੇ ਨਾਲ ਪਿਆਰ ਨੂੰ ਦੇਖਦੇ ਹੋਏ ਕਿਹਾ ਕਿ ਲੋਕਾਂ ਦੇ ਮਸੀਹਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਮੋਦੀ ਸਰਕਾਰ ਵੱਲੋਂ ਕੀਤੇ ਜਾ ਰਹੇ ਤਸ਼ੱਦਦ ਤੋਂ ਡਰ ਕੇ ਮੈਦਾਨ ਨਹੀਂ ਛੱਡਣਗੇ। ਉਹ ਜੇਲ੍ਹ ਵਿੱਚ ਬੈਠੇ ਵੀ ਮੋਦੀ ਸਰਕਾਰ ਨੂੰ ਜੜ੍ਹੋਂ ਪੁੱਟਣ ਲਈ ਦੇਸ ਦੀ ਅਵਾਮ ਦੇ ਨਾਲ ਵਲੰਟੀਅਰ ਦੀਆਂ ਜ਼ਿੰਮੇਵਾਰੀਆਂ ਲਾਉਣਗੇ ਤਾਂ ਜੁ ਕੇਦਰ ਵਿੱਚ ਇੱਕ ਧਰਮ ਨਿਰਪੱਖ ਤੇ ਪਾਰਦਰਸ਼ੀ ਸਰਕਾਰ ਬਣਾ ਕੇ ਭਾਰਤ ਦੇ ਗੌਰਵਮਈ ਇਤਿਹਾਸ ਨੂੰ ਬਚਾਇਆ ਜਾ ਸਕੇ।

ਵਿਧਾਇਕ ਬਲਕਾਰ ਸਿੱਧੂ ਨੇ ਕਿਹਾ ਕਿ ਦਿੱਲੀ ਦੇ ਮੁੱਖ ਮਾਰਗਾਂ 'ਤੇ ਰੋਕਾਂ ਲਾ ਕੇ ਆਪ ਦੇ ਵਲੰਟੀਅਰ ਨੂੰ ਦਿੱਲੀ ਦਾਖਲ ਨਹੀਂ ਹੋਣ ਦਿੱਤਾ ਫੇਰ ਵੀ ਲੱਖਾਂ ਦੀ ਗਿਣਤੀ ਵਿਚ ਵਲੰਟੀਅਰ ਨੇ ਪਹੁੰਚ ਕੇ ਮੋਦੀ ਸਰਕਾਰ ਦੇ ਤਾਨਾਸ਼ਾਹੀ ਰਾਜ ਨੂੰ ਖਤਮ ਕਰਨ ਲਈ ਤਾਬੂਤ ਵਿੱਚ ਆਖਰੀ ਕਿੱਲ ਠੋਕ ਦਿੱਤਾ ਤੇ ਮੋਦੀ ਸਰਕਾਰ ਦੀ ਘਬਰਾਹਟ ਦਾ ਹੀ ਨਤੀਜਾ ਹੈ ਕਿ ਇਮਾਨਦਾਰ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੂੰ ਭ੍ਰਿਸ਼ਟਾਚਾਰ ਦੇ ਦੋਸ਼ਾਂ ਤਹਿਤ ਗ੍ਰਿਫ਼ਤਾਰ ਕਰਕੇ ਚੋਣਾਂ ਤੋਂ ਦੂਰ ਰੱਖਣਾ ਚਾਹੁੰਦੀ ਹੈ।

ਦੋ ਭਗੌੜੇ ਗ੍ਰਿਫ਼ਤਾਰ

ਫਾਜ਼ਿਲਕਾ (ਨਿਸ਼ਾ ਸ਼ਰਮਾ)-ਫਾਜ਼ਿਲਕਾ ਪੁਲਸ ਦੇ ਪੀ ਓ ਸਟਾਫ ਵੱਲੋਂ ਮੁੱਕਦਮਾ ਨੰਬਰ 48 ਮਿਤੀ 27-04-2019 ਜੁਰਮ 15/61/85 ਐੱਨ ਡੀ ਪੀ ਐੱਸ ਐਕਟ ਥਾਣਾ ਸਿਟੀ 2 ਅਬੋਹਰ ਤੇ ਮੁੱਕਦਮਾ ਨੰਬਰ 52 ਮਿਤੀ 28-04-2019 ਜੁਰਮ 279,337,427 ਆਈ.ਪੀ.ਸੀ. ਥਾਣਾ ਸਿਟੀ 2 ਅਬੋਹਰ ਵਿੱਚ ਮਿਤੀ 22-11-2023 ਤੋਂ ਭਗੌੜੇ ਚੱਲ ਰਹੇ ਬਲਵਿੰਦਰ ਸਿੰਘ ਪੁੱਤਰ ਤੇਜਾ ਸਿੰਘ ਵਾਸੀ ਮੋਹਨ ਕੇ ਹਿਠਾੜ ਤਹਿਸੀਲ ਗੁਰ ਹਰਸਹਾਏ ਜ਼ਿਲ੍ਹਾ ਫਿਰੋਜ਼ਪੁਰ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ।ਇਸੇ ਤਰ੍ਹਾਂ ਮੁੱਕਦਮਾ ਨੰਬਰ 67 ਮਿਤੀ 21-6-2019 ਜੁਰਮ 379,411 ਆਈ.ਪੀ.ਸੀ ਥਾਣਾ ਸਿਟੀ ਜਲਾਲਾਬਾਦ ਵਿੱਚ ਮਿਤੀ 1-9-2023 ਤੋਂ ਭਗੌੜੇ ਚੱਲ ਰਹੇ ਹਰਜਿੰਦਰ ਸਿੰਘ ਪੁੱਤਰ ਸੁਰਜੀਤ ਸਿੰਘ ਵਾਸੀ ਬੂਲਾ ਰਾਇ ਉਤਾੜ ਤਹਿਸੀਲ ਗੁਰੂ ਹਰਸਹਾਏ, ਜ਼ਿਲ੍ਹਾ ਫਿਰੋਜ਼ਪੁਰ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ।

320 ਲੀਟਰ ਲਾਹਣ ਬਰਾਮਦ

ਜਲਾਲਾਬਾਦ (ਜੀਤ ਕੁਮਾਰ)-ਥਾਣਾ ਸਦਰ ਜਲਾਲਾਬਾਦ ਦੀ ਪੁਲਸ ਵੱਲੋਂ 320 ਲੀਟਰ ਲਾਹਣ ਬਰਾਮਦ ਕੀਤੀ ਗਈ ਹੈ। ਸਹਾਇਕ ਥਾਣੇਦਾਰ ਲਖਮੀਰ ਸਿੰਘ ਨੇ ਦੱਸਿਆ ਕਿ ਉਹ ਸਾਥੀ ਕਰਮਚਾਰੀਆਂ ਦੇ ਨਾਲ ਗਸ਼ਤ ਦੌਰਾਨ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਕਰਨ ਸਬੰਧੀ ਪਿੰਡ ਸੁਖੇਰਾ ਬੋਦਲਾ ਤੋਂ ਥੋੜਾ ਅੱਗੇ ਪੁੱਜੇ ਤਾਂ ਮੁਖਬਰ ਖਾਸ ਨੇ ਇਸ਼ਾਰਾ ਕਰਕੇ ਗੱਡੀ ਰੁਕਵਾ ਕੇ

2-APR-PAGE-3.qxd 4/1/2024 10:47 PM Page 1

ਤਾਨੀਆਂ ਨੇ ਨੈਸ਼ਨਲ ਪੱਧਰ 'ਤੇ ਕਾਂਸੇ ਦਾ ਤਮਗਾ ਜਿੱਤਿਆ

ਧਾਰੀਵਾਲ, (ਮਨਦੀਪ ਸਿੰਘ ਵਿੱਕੀ)-ਗੁਰੂ ਗੋਬਿੰਦ ਸਿੰਘ ਮਾਡਰਨ ਸਕੂਲ ਬਖਤਪੁਰ ਵਿਖੇ ਚੱਲ ਰਹੇ ਜੀ. ਜੀ. ਐੱਸ. ਬਾਕਸਿੰਗ ਕਲੱਬ ਦੀ ਖਿਡਾਰਨ ਨੇ ਨੈਸ਼ਨਲ ਪੱਧਰੀ ਬਾਕਸਿੰਗ ਮੁਕਾਬਲਿਆਂ ਵਿੱਚ ਕਾਂਸੇ ਦਾ ਤਮਗਾ ਜਿੱਤ ਕੇ ਆਪਣੇ ਮਾਤਾ-ਪਿਤਾ, ਸਕੂਲ ਅਤੇ ਕਲੱਬ ਦਾ ਨਾਮ ਰੌਸ਼ਨ ਕੀਤਾ ਹੈ।

ਇਸ ਬਾਬਤ ਸਕੂਲ ਦੇ ਪ੍ਰਿੰਸੀਪਲ ਮੇਜਰ ਸਿੰਘ ਚਾਹਲ ਨੇ ਦੱਸਿਆ ਕਿ ਬਾਕਸਿੰਗ ਫੈਡਰੇਸ਼ਨ ਆਫ ਇੰਡੀਆ ਵੱਲੋਂ ਤੀਜੀ ਸਬ ਜੂਨੀਅਰ ਲੜਕੇ ਅਤੇ ਲੜਕੀਆਂ ਦੀ ਰਾਸ਼ਟਰ ਪੱਧਰੀ ਬਾਕਸਿੰਗ ਚੈਂਪੀਅਨਸ਼ਿਪ ਗ੍ਰੇਟਰ ਨੋਇਡਾ (ਉੱਤਰ ਪ੍ਰਦੇਸ਼) ਵਿਖੇ ਕਰਵਾਈ ਗਈ। ਇਸ ਨੈਸ਼ਨਲ ਪੱਧਰੀ ਮੁਕਾਬਲੇ ਵਿੱਚ ਜੀ. ਜੀ. ਐੱਸ. ਬਾਕਸਿੰਗ ਕਲੱਬ ਬਖਤਪੁਰ ਦੀ ਖਿਡਾਰਨ ਤਾਨੀਆਂ ਨੇ 49-52 ਕਿਲੋ ਭਾਰ ਵਰਗ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਕਾਂਸੇ ਦਾ ਤਮਗਾ ਪ੍ਰਾਪਤ ਕੀਤਾ ਹੈ। ਇਸ ਖਿਡਾਰਨ ਦਾ ਕਲੱਬ ਪਹੁੰਚਣ 'ਤੇ ਸਮੂਹ ਸਟਾਫ, ਕੋਚ ਅਤੇ ਸਮੂਹ ਖਿਡਾਰੀਆਂ ਨੇ ਭਰਵਾਂ ਸਵਾਗਤ ਕੀਤਾ। ਇਸ ਮੌਕੇ ਸਕੂਲ ਡਾਇਰੈਕਟਰ ਮਹਿੰਦਰਪਾਲ ਸਿੰਘ ਕਲੇਰ, ਪ੍ਰਧਾਨ ਰਣਜੀਤ ਕੌਰ, ਪ੍ਰਿੰਸੀਪਲ ਮੇਜਰ ਸਿੰਘ ਚਾਹਲ ਅਤੇ ਸੁਖਮੀਤ ਕੌਰ ਨੇ ਇਸ ਖਿਡਾਰਨ ਅਤੇ ਕੋਚ ਨਵਤੇਜ ਸਿੰਘ ਨੂੰ ਮੁਬਾਰਕਬਾਦ ਦਿੱਤੀ ਅਤੇ ਅਗਾਂਹ ਤੋਂ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ।

ਹਰਿਆਣਾ ਖੇਤੀਬਾੜੀ 'ਵਰਸਿਟੀ ਵੱਲੋਂ ਸਿਖਲਾਈ ਕੈਂਪ

ਚੰਡੀਗੜ੍ਹ, (ਕ੍ਰਿਸ਼ਨ ਗਰਗ)- ਹਿਸਾਰ ਸਥਿਤ ਚੌਧਰੀ ਚਰਣ ਸਿੰਘ ਹਰਿਆਣਾ ਖੇਤੀਬਾੜੀ ਯੂਨੀਵਰਸਿਟੀ ਵੱਲੋਂ ਕਿਸਾਨਾਂ ਨੂੰ ਕਪਾਹ ਦਾ ਉਤਪਾਦਨ ਵਧਾਉਣ, ਉਨਤ ਕਿਸਮ ਦੇ ਬੀਜਾਂ ਅਤੇ ਤਕਨੀਕੀ ਜਾਣਕਾਰੀ ਦੇਣ ਲਈ ਵੱਖ-ਵੱਖ ਸਿਖਲਾਈ ਕੈਂਪ ਪ੍ਰਬੰਧਿਤ ਕੀਤੇ ਗਏ। ਸਿਖਲਾਈ ਕੈਂਪ ਵਿਚ ਖੋਜ ਨਿਦੇਸ਼ਕ ਡਾ. ਜੀਤਰਾਮ ਸ਼ਰਮਾ ਨੇ ਕਿਸਾਨਾਂ ਨੂੰ ਦਸਿਆ ਕਿ ਗੁਲਾਬੀ ਸੁੰਡੀ ਦਾ ਪ੍ਰਕੋਪ ਖੇਤਾਂ ਵਿਚ ਰੱਖੀ ਹੋਈ ਲਕੜੀਆਂ ਅਤੇ ਬਨਛਟਿਆਂ ਦੇ ਕਾਰਨ ਫੈਲਦਾ ਹੈ।ਇੰਨ੍ਹਾਂ ਦਾ ਸਹੀ ਪ੍ਰਬੰਧਨ ਕੀਤਾ ਜਾਣਾ ਚਾਹੀਦਾ ਹੈ। ਸਾਇਨਾ ਨੇਹਵਾਲ ਖੇਤੀਬਾੜੀ ਤਕਨਾਲੋਜੀ ਸਿਖਲਾਈ ਅਤੇ ਸਿਖਿਆ ਸੰਸਥਾਨ ਦੇ ਸਹਿ-ਨਿਦੇਸ਼ਕ ਸਿਖਲਾਈ ਡਾ. ਅਸ਼ੋਕ ਗੋਦਾਰਾ ਨੇ ਦਸਿਆ ਕਿ ਸੰਸਥਾਨ ਵੱਲੋਂ ਸਮੇਂ -ਸਮੇਂ 'ਤੇ ਵੱਖ-ਵੱਖ ਤਰ੍ਹਾਂ ਦੇ ਸਿਖਲਾਈ ਦਿੱਤੀ ਜਾ ਰਹੀ ਹੈ। ਕਪਾਹ ਅਨੁਭਾਗ ਦੇ ਪ੍ਰਭਾਗੀ ਡਾ. ਕਰਮਲ ਸਿੰਘ ਨੇ ਦਸਿਆ ਕਿ ਬੀਟੀ ਨਰਮਾ ਦੇ ਲਈ ਸ਼ੁੱਧ ਨਾਈਟ੍ਰੋਜਨ , ਸ਼ੁੱਧ ਫੋਸਫੋਰਸ , ਸ਼ੁੱਧ ਪੋਟਾਸ਼ ਤੇ ਜ਼ਿੰਕ ਸਲਫੈਟ ਕ੍ਰਮਵਾਰ: 70:24 24:10 ਕਿਲੋ ਪ੍ਰਤੀ ਏਕੜ ਦੀ ਸਿਫਾਰਿਸ਼ ਕੀਤੀ ਜਾਂਦੀ ਹੈ। ਫਰਟੀਲਾਈਜਰ ਦੀ ਮਾਤਰਾ ਮਿੱਟੀ ਦੀ ਜਾਂਚ ਦੇ ਆਧਾਰ 'ਤੇ ਤੈਅ ਕੀਤੀ ਜਾਣੀ ਚਾਹੀਦੀ ਹੈ। ਪੰਜ -ਛੇ ਸਾਲ ਵਿਚ ਇਕ ਵਾਰ ਗੋਬਰ ਦੀ ਖਾਦ ਪਾਉਣੀ ਚਾਹੀਦੀ ਹੈ। ਕੈਂਪ ਵਿਚ ਕਿਸਾਨਾਂ ਨੂੰ ਯੂਨੀਵਰਸਿਟੀ ਵੱਲੋਂ ਉਤਪਾਦਕ ਸਮੱਗਰੀ ਵੀ ਪ੍ਰਦਾਨ ਕੀਤੀ ਗਈ।

ਅੰਬੇਡਕਰ ਜੈਯੰਤੀ ਦਾ ਮੁੱਖ ਸਮਾਗਮ ਅੰਬੇਡਕਰ ਭਵਨ ਵਿਖੇ ਮਨਾਇਆ ਜਾਵੇਗਾ

ਜਲੰਧਰ (ਰਾਜੇਸ ਥਾਪਾ) : ਅੰਬੇਡਕਰ ਮਿਸਨ ਸੁਸਾਇਟੀ ਪੰਜਾਬ (ਰਜਿ.) ਦੇ ਜਨਰਲ ਸਕੱਤਰ ਬਲਦੇਵ ਰਾਜ ਭਾਰਦਵਾਜ ਨੇ ਇੱਕ ਪ੍ਰੈਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਅੰਬੇਡਕਰ ਮਿਸ਼ਨ ਸੁਸਾਇਟੀ ਪੰਜਾਬ (ਰਜਿ.) ਦੀ ਕਾਰਜਕਾਰਨੀ ਕਮੇਟੀ ਦੀ ਮੀਟਿੰਗ ਅੰਬੇਡਕਰ ਭਵਨ ਜਲੰਧਰ ਵਿਖੇ ਸੁਸਾਇਟੀ ਦੇ ਪ੍ਰਧਾਨ ਚਰਨ ਦਾਸ ਸੰਧੂ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਬਾਬਾ ਸਾਹਿਬ ਡਾ. ਅੰਬੇਡਕਰ ਜੀ ਦਾ 133 ਵਾਂ ਜਨਮ ਉਤਸਵ 14 ਅਪ੍ਰੈਲ ਨੂੰ ਮਨਾਉਣ ਸੰਬੰਧੀ ਵਿਚਾਰ ਚਰਚਾ ਕੀਤੀ ਗਈ, ਜੋ ਕਿ ਬਾਬਾ ਸਾਹਿਬ ਦੀ ਚਰਨ ਛੋਹ ਪ੍ਰਾਪਤ ਭੂਮੀ ਅੰਬੇਡਕਰ ਭਵਨ ਵਿਖੇ ਮਨਾਇਆ ਜਾ ਰਿਹਾ ਹੈ। ਯਾਦ ਰਹੇ ਇਹ ਸਮਾਗਮ ਲੱਗਭਗ ਪਿਛਲੇ ਪੰਜਾਹ ਸਾਲ ਤੋਂ ਸੁਸਾਇਟੀ ਦੇ ਸੰਸਥਾਪਕ ਉੱਘੇ ਅੰਬੇਡਕਰੀ ਮਰਹੂਮ ਲਾਹੌਰੀ ਰਾਮ ਬਾਲੀ ਅਤੇ ਉਨ੍ਹਾਂ ਦੇ ਸਾਥੀਆਂ ਨੇ ਸ਼ੁਰੂ ਕੀਤਾ ਸੀ ਜੋ ਲਗਾਤਾਰ ਤੱਕ ਮਨਾਇਆ ਜਾ ਰਿਹਾ ਹੈ, ਜਿਸ ਵਿੱਚ ਸਮੇਂ ਸਮੇਂ ਤੇ ਭਾਰਤ ਦੇ ਉੱਚ ਕੋਟੀ ਦੇ ਬੁੱਧੀਜੀਵੀ ਆਪਣੀ ਹਾਜਰੀ ਲਗਵਾ ਚੁੱਕੇ ਹਨ। ਇਸ ਵਾਰ ਦੇ ਸਮਾਗਮ ਵਿੱਚ ਮੁੱਖ ਮਹਿਮਾਨ ਦੇ ਤੌਰ 'ਤੇ ਉੱਘੇ ਅੰਬੇਡਕਰਵਾਦੀ ਸੁਭਾਸ਼ ਮੁਸਾਫਿਰ (ਹਿਮਾਚਲ ਪ੍ਰਦੇਸ਼) ਸ਼ਿਰਕਤ ਕਰਨਗੇ ਅਤੇ ਉਹਨਾਂ ਦੇ ਨਾਲ ਡਾ. ਰਿੱਤੂ ਸਿੰਘ (ਅਸਿਸਟੈਂਟ ਪ੍ਰੋਫੈਸਰ) ਦਿੱਲੀ ਯੂਨੀਵਰਸਿਟੀ ਨਵੀਂ ਦਿੱਲੀ ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਆਪਣੀ ਹਾਜਰੀ ਲਗਵਾਉਣਗੇ। ਡਾ. ਜੀ ਸੀ ਕੌਲ ਪੀਐਚਡੀ, ਸੋਹਣ ਲਾਲ ਸਾਬਕਾ ਡੀਪੀਆਈ ਕਾਲਜਾਂ ਤੇ ਚੇਅਰਮੈਨ ਅੰਬੇਡਕਰ ਭਵਨ ਟਰੱਸਟ ਜਲੰਧਰ ਅਤੇ ਜਸਵਿੰਦਰ ਵਰਿਆਣਾ ਸੂਬਾ ਪ੍ਰਧਾਨ ਆਲ ਇੰਡੀਆ ਸਮਤਾ ਸੈਨਿਕ ਦਲ ਪੰਜਾਬ ਯੂਨਿਟ ਵਿਸ਼ੇਸ਼ ਬੁਲਾਰਿਆਂ ਵਜੋਂ ਸ਼ਿਰਕਤ ਕਰਨਗੇ। ਮਿਸ਼ਨਰੀ ਕਲਾਕਾਰ ਜੀਵਨ ਮਹਿਮੀ ਬਾਬਾ ਸਾਹਿਬ ਦੇ ਮਿਸ਼ਨ ਤੇ ਸ਼ਰੋਤਿਆਂ ਨੂੰ ਆਪਣੇ ਗੀਤਾਂ ਰਾਹੀਂ ਜਾਗ੍ਰਿਤ ਕਰਨਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰੋ. ਬਲਬੀਰ, ਸੋਹਨ ਲਾਲ ਸਾਬਕਾ ਡੀ ਪੀ ਆਈ (ਕਾਲਜਾਂ), ਬਲਦੇਵ ਰਾਜ ਭਾਰਦਵਾਜ, ਜਸਵਿੰਦਰ ਵਰਿਆਣਾ, ਪਰਮਿੰਦਰ ਸਿੰਘ ਖੁੱਤਣ ਐਡਵੋਕੇਟ, ਰਾਜ ਕੁਮਾਰ ਵਰਿਆਣਾ, ਕਮਲਸੀਲ ਬਾਲੀ, ਸੋਮ ਲਾਲ ਮੱਲ (ਰਿ. ਪ੍ਰਿੰਸੀਪਲ), ਰਾਜ ਕੁਮਾਰ ਮੱਲਣ (ਬੈਂਕ ਮੈਨੇਜਰ) ਅਤੇ ਡਾ. ਮਹਿੰਦਰ ਸੰਧੂ ਹਾਜਰ ਸਨ।

ਸਰਕਾਰੀ ਮੰਡੀਆਂ ਬਾਬਤ ਫੈਸਲੇ ਦੀ ਭਾਰਤੀ ਕਿਸਾਨ ਯੂਨੀਅਨ ਮਾਝਾ ਵੱਲੋਂ ਨਿਖੇਧੀ

ਧਾਰੀਵਾਲ (ਮਨਦੀਪ ਸਿੰਘ ਵਿੱਕੀ)-ਭਾਰਤੀ ਕਿਸਾਨ ਯੂਨੀਅਨ ਮਾਝਾ ਦੇ ਸੂਬਾ ਜਨਰਲ ਸਕੱਤਰ ਰਜਿੰਦਰ ਸਿੰਘ ਜਫਰਵਾਲ ਨੇ ਪੰਜਾਬ ਸਰਕਾਰ ਵਲੋਂ ਮੰਡੀ ਬੋਰਡ ਦੇ ਬਣੇ ਐਕਟ 1961 ਵਿੱਚ ਸੋਧ ਕਰਕੇ ਪੰਜਾਬ ਦੀਆਂ 26 ਮਾਰਕੀਟ ਕਮੇਟੀਆਂ ਤੋੜ ਕੇ ਦੂਜੇ ਵਿਭਾਗਾਂ ਵਿੱਚ ਰਲੇਵਾਂ ਕਰਨ ਦੇ ਫੈਸਲੇ ਦੀ ਨਿਖੇਧੀ ਕਰਦਿਆਂ ਕਿਹਾ ਕਿ ਸਰਕਾਰੀ ਮੰਡੀਆਂ ਬੰਦ ਕਰਕੇ ਫਸਲਾਂ ਦੀ ਖਰੀਦੋ ਫਰੋਖਤ ਦਾ ਪ੍ਰਬੰਧ ਨਿੱਜੀ ਕੰਪਨੀਆਂ ਅੰਬਾਨੀ, ਅਡਾਨੀ ਦੇ ਬਣੇ ਸਾਇਲੋ ਗੋਦਾਮਾਂ ਨੂੰ ਦੇਣ ਦਾ ਲਿਆ ਫੈਸਲਾ ਕਿਸਾਨ ਅਤੇ ਪੰਜਾਬ ਵਿਰੋਧੀ ਹੈ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਆਪਣੇ ਇਸ ਫੈਸਲੇ ਨੂੰ ਵਾਪਸ ਨਹੀਂ ਲੈਂਦੀ ਤਾਂ ਆਉਣ ਵਾਲੇ ਸਮੇਂ ਵਿੱਚ ਸੰਯੁਕਤ ਕਿਸਾਨ ਮੋਰਚਾ ਗੈਰ-ਰਾਜਨੀਤਕ ਵੱਲੋਂ ਵੱਡੇ ਪੱਧਰ 'ਤੇ ਕੋਈ ਪ੍ਰੋਗਰਾਮ ਉਲੀਕਿਆ ਜਾਵੇਗਾ। ਰਜਿੰਦਰ ਸਿੰਘ ਜਫਰਵਾਲ ਨੇ ਕਿਹਾ ਪੰਜਾਬ ਸਰਕਾਰ ਆਪਣੇ ਕੀਤੇ ਹੋਏ ਵਾਅਦਿਆਂ ਤੋਂ ਮੁੱਕਰ ਰਹੀ ਹੈ। ਸਰਕਾਰ ਦਾ ਇਹ ਫੈਸਲਾ ਲਾਗੂ ਹੋਣ ਨਾਲ ਜਿਥੇ ਕਿਸਾਨਾਂ ਦਾ ਨੁਕਸਾਨ ਹੋਵੇਗਾ, ਉਥੇ ਮਾਰਕੀਟ ਕਮੇਟੀਆਂ ਵਿੱਚ ਆਪਣੀ ਸੇਵਾ ਨਿਭਾ ਰਹੇ ਮੁਲਾਜ਼ਮਾਂ ਨੂੰ ਵੀ ਸਰਕਾਰ ਰੋਜ਼ੀ ਰੋਟੀ ਤੋਂ ਵਿਹਲਿਆਂ ਕਰ ਦੇਵੇਗੀ। ਇਸ ਮੌਕੇ ਕਿਸਾਨ ਆਗੂ ਦਲਜੀਤ ਸਿੱਧਵਾਂ, ਤਰਲੋਕ ਸਿੰਘ, ਕਵਲਜੀਤ ਸਿੰਘ ਵੀ ਹਾਜ਼ਰ ਸਨ।

ਸੁਖਮਨੀ ਸਾਹਿਬ ਸੇਵਾ ਸੁਸਾਇਟੀ ਸ੍ਰੀ ਦਰਬਾਰ ਸਾਹਿਬ ਨੇ ਕੀਰਤਨ ਦੀ ਛਹਿਬਰ ਲਾਈ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਗੁਰਦੁਆਰਾ ਮੱਲ ਅਖਾੜਾ ਸਾਹਿਬ ਪਾ: ਛੇਵੀਂ, ਗੁ: ਬੁਰਜ ਅਕਾਲੀ ਬਾਬਾ ਫੂਲਾ ਸਿੰਘ ਸ਼ਹੀਦ ਛਾਉਣੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਵਿਖੇ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਸ੍ਰੀ ਦਰਬਾਰ ਨੇ ਗੁਰਬਾਣੀ ਦਾ ਜਾਪ ਅਤੇ ਸੁਖਮਨੀ ਸਾਹਿਬ ਤੇ ਹੋਰ ਬਾਣੀਆਂ ਦੇ ਸ਼ਬਦ ਗਾਇਨ ਕਰ ਕੇ ਚੱਲ ਰਹੇ ਗੁਰਬਾਣੀ ਪ੍ਰਵਾਹ ਵਿੱਚ ਹਿੱਸਾ ਪਾਇਆ।ਸੁਸਾਇਟੀ ਦੇ ਪ੍ਰਧਾਨ ਅਜੀਤ ਸਿੰਘ, ਬੀਬੀ ਗੁਰਸ਼ਰਨ ਕੌਰ ਨੇ ਸ਼ਬਦ ਕੀਰਤਨ ਰਾਹੀਂ ਹਾਜ਼ਰੀ ਭਰੀ।ਇਸ ਮੌਕੇ ਬੁੱਢਾ ਦਲ ਦੇ ਸਕੱਤਰ ਦਿਲਜੀਤ ਸਿੰਘ ਬੇਦੀ ਨੇ ਕਿਹਾ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਸ੍ਰੀ ਦਰਬਾਰ ਸਾਹਿਬ ਦਾ ਧਾਰਮਿਕ ਖੇਤਰ ਵਿੱਚ ਵੱਡਾ ਯੋਗਦਾਨ ਹੈ, ਵਿਸ਼ੇਸ਼ ਗੁਰਪੁਰਬਾਂ, ਸ਼ਤਾਬਦੀਆਂ ਸਮੇਂ ਇਸੇ ਸੁਸਾਇਟੀ ਨੇ ਨਿਸ਼ਕਾਮਤਾ, ਧਾਰਮਿਕ ਅਕੀਦੇ ਨਾਲ ਸੇਵਾ ਕੀਤੀ ਹੈ।ਪਿਛਲੇ ਛੇ ਦਹਾਕਿਆਂ ਤੋਂ ਨਿਰੰਤਰ ਕਾਰਜ ਆ ਰਹੀ ਹੈ।ਇਸ ਸਮੇਂ ਸੁਸਾਇਟੀ ਪ੍ਰਧਾਨ ਅਜੀਤ ਸਿੰਘ, ਬੀਬੀ ਗੁਰਸ਼ਰਨ ਕੌਰ, ਬੀਬੀ ਸਸਪੰਤ ਕੌਰ, ਰਘਬੀਰ ਸਿੰਘ, ਹਰਪਾਲ ਸਿੰਘ, ਚਰਨ ਸਿੰਘ, ਗੁਰਦੀਪ ਸਿੰਘ, ਹਰਜੀਤ ਸਿੰਘ, ਬਲਜੀਤ ਸਿੰਘ ਆਦਿ ਸਨ।ਇਸ ਸਮੇਂ ਬੁੱਢਾ ਦਲ ਦੇ ਸਕੱਤਰ ਦਿਲਜੀਤ ਸਿੰਘ ਬੇਦੀ ਨੇ ਸੁਖਮਨੀ ਸਾਹਿਬ ਸੇਵਾ ਸੁਸਾਇਟੀ ਦੇ ਪ੍ਰਧਾਨ ਅਜੀਤ ਸਿੰਘ, ਬੀਬੀ ਗੁਰਸ਼ਰਨ ਕੌਰ, ਬੀਬੀ ਸਸਪੰਤ ਕੌਰ, ਰਘਬੀਰ ਸਿੰਘ ਨੂੰ ਸਿਰੋਪਾਓ ਨਾਲ ਸਨਮਾਨਿਤ ਕੀਤਾ।

ਕਲਾਸਵਾਲਾ ਖਾਲਸਾ ਸਕੂਲ, ਕਾਦੀਆਂ ਨੇ ਨਾਨ-ਬੋਰਡ ਜਮਾਤਾਂ ਦਾ ਨਤੀਜਾ ਐਲਾਨਿਆ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਕਲਾਸਵਾਲਾ ਖਾਲਸਾ ਸੀਨੀਅਰ ਸੈਕੰਡਰੀ ਸਕੂਲ, ਕਾਦੀਆਂ ਵਿਖੇ ਪ੍ਰਾਇਮਰੀ ਅਤੇ ਸੀਨੀਅਰ ਵਿੰਗ ਦੀਆਂ ਨਾਨ-ਬੋਰਡ ਕਲਾਸਾਂ ਦਾ ਨਤੀਜਾ ਐਲਾਨਿਆ ਗਿਆ ਜਿਸ ਵਿੱਚ ਗਿਆਰਵੀਂ ਸਾਇੰਸ ਵਿੱਚ ਕ੍ਰਮਵਾਰ ਬੇਨਿਕਾ, ਹਰਜੋਤ ਕੌਰ ਅਤੇ ਬਵਪ੍ਰੀਤ ਕੌਰ ਪਹਿਲੇ, ਦੂਸਰੇ ਅਤੇ ਤੀਸਰੇ ਸਥਾਨ 'ਤੇ ਰਹੀਆਂ ।ਗਿਆਰਵੀਂ ਆਰਟਸ ਜਮਾਤ ਵਿੱਚ ਅਨਮੋਲ, ਮੁਸਕਾਨ ਅਤੇ ਸੁਨੇਹਾ ਨੇ ਪਹਿਲਾ, ਦੂਸਰਾ ਅਤੇ ਤੀਸਰਾ ਸਥਾਨ ਹਾਸਿਲ ਕੀਤਾ।ਗਿਆਰਵੀਂ ਕਾਮਰਸ ਵਿੱਚੋਂ ਜਤਿਨ ਘਈ, ਕੀਰਤੀ ਭਗਤ ਅਤੇ ਅਕਾਸ਼ਦੀਪ ਸਿੰਘ ਨੇ ਪਹਿਲਾ, ਦੂਸਰਾ ਅਤੇ ਤੀਸਰਾ ਸਥਾਨ ਹਾਸਿਲ ਕੀਤਾ।ਨੌਵੀਂ ਜਮਾਤ ਵਿੱਚੋਂ ਅਜੇ ਕੁਮਾਰ ਨੇ ਪਹਿਲਾ, ਮਨਪ੍ਰੀਤ ਕੌਰ ਨੇ ਦੂਸਰਾ ਅਤੇ ਪ੍ਰਿੰਸ ਕੁਮਾਰ ਨੇ ਤੀਸਰਾ ਸਥਾਨ ਹਾਸਿਲ ਕੀਤਾ।ਸੱਤਵੀਂ ਜਮਾਤ 'ਚੋਂ ਸੋਨਾਕਸ਼ੀ ਰਾਜ ਪਹਿਲੇ, ਸਿਮਰਨਜੀਤ ਦੂਸਰੇ ਅਤੇ ਮਨਪ੍ਰੀਤ ਤੀਸਰੇ ਸਥਾਨ 'ਤੇ ਰਹੀ।ਛੇਵੀਂ ਜਮਾਤ ਵਿੱਚੋਂ ਰਮਨ ਕੁਮਾਰ ਨੇ ਪਹਿਲਾ, ਮਨਦੀਪ ਕੌਰ ਨੇ ਦੂਸਰਾ ਅਤੇ ਨੇਹਾ ਨੇ ਤੀਸਰਾ ਸਥਾਨ ਹਾਸਿਲ ਕੀਤਾ।ਇਸੇ ਤਰ੍ਹਾਂ ਪ੍ਰਾਇਮਰੀ ਵਿੰਗ ਵਿੱਚ ਚੌਥੀ ਜਮਾਤ ਵਿੱਚ ਲਖਵਿੰਦਰ ਕੌਰ ਪਹਿਲੇ ਸਥਾਨ 'ਤੇ, ਤੀਸਰੀ ਜਮਾਤ ਵਿੱਚੋਂ ਪਰੀ ਗੋਸਵਾਮੀ ਪਹਿਲੇ ਸਥਾਨ, ਦੂਸਰੀ ਜਮਾਤ ਵਿੱਚੋਂ ਜਤਿਨ ਸੋਹਲ ਪਹਿਲੇ ਸਥਾਨ , ਪਹਿਲੀ ਜਮਾਤ ਵਿੱਚ ਆਲੀਆ ਪਹਿਲੇ ਸਥਾਨ 'ਤੇ ਅਤੇ ਨਰਸਰੀ ਕਲਾਸ ਵਿੱਚੋਂ ਤਨੂ ਨੇ ਪਹਿਲਾ ਸਥਾਨ ਹਾਸਿਲ ਕੀਤਾ।ਇਸ ਮੌਕੇ ਪ੍ਰਿੰਸੀਪਲ ਸ਼ਾਲਿਨੀ ਸ਼ਰਮਾ ਨੇ ਜੇਤੂ ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਤਾ-ਪਿਤਾ ਨੂੰ ਵਧਾਈ ਦਿੰਦਿਆਂ ਕਿਹਾ ਕਿ ਬੱਚਿਆਂ ਦੀ ਸਫ਼ਲਤਾ ਪਿੱਛੇ ਅਧਿਆਪਕਾਂ ਦੀ ਮਿਹਨਤ ਦੇ ਨਾਲ-ਨਾਲ ਉਨ੍ਹਾਂ ਦੇ ਮਾਤਾ-ਪਿਤਾ ਦਾ ਵੀ ਯੋਗਦਾਨ ਬਹੁਤ ਮਹੱਤਵ ਰੱਖਦਾ ਹੈ ਅਤੇ ਬੱਚਿਆਂ ਨੂੰ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ ਅਤੇ ਆਪਣੇ ਮਾਤਾ ਪਿਤਾ ਦਾ ਨਾਮ ਰੌਸ਼ਨ ਕਰਨ ਲਈ ਕਿਹਾ।ਇਸ ਮੌਕੇ ਉਪ ਪ੍ਰਿੰ. ਪਰਮਿੰਦਰ ਕੌਰ, ਹੈੱਡਮਾਸਟਰ ਪਰਮਜੀਤ ਸਿੰਘ, ਹਰਦੀਪ ਸਿੰਘ, ਧਿਆਨ ਸਿੰਘ, ਸ਼ਰਨਬੀਰ ਕੌਰ ਅਤੇ ਸਮੂਹ ਸਕੂਲ ਸਟਾਫ ਹਾਜ਼ਰ ਸੀ।

ਸਰਬੱਤ ਦਾ ਭਲਾ ਸੋਸਾਇਟੀ ਦੀਨਾਨਗਰ ਨੇ ਖ਼ੂਨਦਾਨ ਕੈਂਪ ਲਗਾਇਆ

ਦੀਨਾਨਗਰ (ਸੰਜੀਵ)-ਦੀਨਾਨਗਰ ਦੇ ਸਰਬੱਤ ਦਾ ਭਲਾ ਸੋਸਾਇਟੀ ਵਿੱਚ ਸੇਵਾਦਾਰ ਬੱਚਿਤਰ ਸਿੰਘ ਬਿੱਕਾ ਅਤੇ ਉਸਦੇ ਸਾਥੀਆਂ ਵੱਲੋਂ ਖ਼ੂਨਦਾਨ ਕੈਂਪ ਲਗਵਾਇਆ ਗਿਆ। ਕੈਂਪ ਵਿੱਚ ਵਿਸ਼ੇਸ਼ ਤੌਰ 'ਤੇ ਮੌਜੂਦਾ ਵਿਧਾਇਕਾ ਅਰੁਣਾ ਚੌਧਰੀ ਅਤੇ ਉਨ੍ਹਾਂ ਦੇ ਪਤੀ ਸੀਨੀਅਰ ਕਾਂਗਰਸੀ ਨੇਤਾ ਅਸ਼ੋਕ ਚੌਧਰੀ ਪਹੁੰਚੇ। ਕੈਂਪ ਵਿੱਚ 100 ਤੋਂ ਵੱਧ ਖ਼ੂਨਦਾਨੀ ਸੱਜਣ ਪਹੁੰਚੇ। ਮੈਡਮ ਚੌਧਰੀ ਨੇ ਸੰਸਥਾ ਵਿੱਚ ਰਹਿ ਰਹੇ ਆਸ਼ਰਤਾਂ ਦਾ ਹਾਲ-ਚਾਲ ਜਾਣਿਆ ਅਤੇ ਸੰਸਥਾ ਦੇ ਸੇਵਾਦਾਰਾਂ ਦੀ ਹੌਸਲਾ ਅਫ਼ਜ਼ਾਈ ਕੀਤੀ। ਉਨ੍ਹਾਂ ਕਿਹਾ ਕਿ ਅੱਜਕੱਲ ਤਾਂ ਇਕ ਪਰਿਵਾਰ ਨੂੰ ਪਾਲਣਾ ਔਖਾ ਹੈ ਪਰ ਇਹ ਸੰਸਥਾ ਕਈ ਪਰਿਵਾਰਾਂ ਨੂੰ ਆਸਰਾ ਦੇ ਰਹੀ ਹੈ। ਜੇ ਇਸੇ ਤਰ੍ਹਾਂ ਹਰ ਇਨਸਾਨ ਇਨਸਾਨੀਅਤ ਨੂੰ ਸਮਝੇ ਤਾਂ ਦੇਸ਼ ਵਿੱਚ ਕਿਸੇ ਚੀਜ਼ ਦੀ ਕਮੀ ਨਾ ਰਹੇ।

ਸੇਵਾਮੁਕਤੀ 'ਤੇ ਵਾਹਿਗੁਰੂ ਦਾ ਲੱਖ-ਲੱਖ ਸ਼ੁਕਰਾਨਾ

ਝਬਾਲ (ਹਰਜਿੰਦਰ ਸਿੰਘ ਸੋਨੀ)-ਬੀਤੇ ਦਿਨ ਪਿੰਡ ਕੋਟ ਧਰਮ ਚੰਦ ਖੁਰਦ ਦੇ ਜੰਮਪਲ ਤੇ ਜੰਮੂ-ਕਸ਼ਮੀਰ ਦੇ ਸਾਬਕਾ ਡੀਜੀਪੀ ਦਿਲਬਾਗ ਸਿੰਘ (ਆਈਪੀਐੱਸ) ਨੇ ਆਪਣੀਆਂ ਸੇਵਾਵਾਂ ਤੋਂ ਸੇਵਾਮੁਕਤ ਹੋਣ 'ਤੇ ਮਾਝੇ ਦੇ ਗੁਰਦੁਆਰਾ ਬੀੜ ਬਾਬਾ ਬੁੱਢਾ ਜੀ ਵਿਖੇ ਵਾਹਿਗੁਰੂ ਦੇ ਸ਼ੁਕਰਾਨੇ ਵਜੋਂ ਸ੍ਰੀ ਅਖੰਡ ਪਾਠ ਸਾਹਿਬ ਦੇ ਭ

2-Aipral-PAGE-4-2024.qxd 4/1/2024 10:48 PM Page 1

ਨਵਾਂ ਜ਼ਮਾਨਾ
ਮੰਗਲਵਾਰ, 2 ਅਪ੍ਰੈਲ 2024

ਚੋਣ ਕਮਿਸ਼ਨ ਦੀ ਬੇਹਰਕਤੀ

ਆਪੋਜ਼ੀਸ਼ਨ ਪਾਰਟੀਆਂ ਤੋਂ ਬਾਅਦ ਤਿੰਨ ਸਾਬਕਾ ਮੁੱਖ ਚੋਣ ਕਮਿਸ਼ਨਰਾਂ ਨੇ ਕਿਹਾ ਹੈ ਕਿ ਮੋਦੀ ਸਰਕਾਰ ਕੇਂਦਰੀ ਜਾਂਚ ਏਜੰਸੀਆਂ ਦੀ ਮਦਦ ਨਾਲ ਲੋਕ ਸਭਾ ਚੋਣਾਂ ਨੂੰ ਪ੍ਰਭਾਵਤ ਕਰਨ ਦੀ ਕੋਸ਼ਿਸ਼ ਕਰ ਰਹੀ ਹੈ। ਉਨ੍ਹਾਂ ਦਾ ਕਹਿਣਾ ਹੈ ਕਿ ਇਨਕਮ ਟੈਕਸ ਵਿਭਾਗ ਤੇ ਈ ਡੀ ਨੇ ਜਿਸ ਤਰ੍ਹਾਂ ਆਪੋਜ਼ੀਸ਼ਨ ਪਾਰਟੀਆਂ ਤੇ ਆਗੂਆਂ ਖਿਲਾਫ ਕਾਰਵਾਈ ਕੀਤੀ ਹੈ, ਉਹ ਚੋਣਾਂ ਵਿਚ ਗੈਰ-ਬਰਾਬਰੀ ਪੈਦਾ ਕਰ ਰਹੀ ਹੈ। ਸਾਬਕਾ ਮੁੱਖ ਚੋਣ ਕਮਿਸ਼ਨਰ ਐੱਸ ਵਾਈ ਕੁਰੈਸ਼ੀ ਦਾ ਕਹਿਣਾ ਹੈ—ਮੈਨੂੰ ਨਿੱਜੀ ਤੌਰ 'ਤੇ ਲਗਦਾ ਹੈ ਕਿ ਚੋਣ ਕਮਿਸ਼ਨ ਨਿਸਚਿਤ ਤੌਰ 'ਤੇ ਆਪੋਜ਼ੀਸ਼ਨ ਵਿਰੁੱਧ ਇਸ ਮੌਕੇ ਕੀਤੀਆਂ ਜਾ ਰਹੀਆਂ ਕਾਰਵਾਈਆਂ ਨੂੰ ਰੋਕ ਸਕਦਾ ਹੈ, ਕਿਉਂਕਿ ਇਹ ਬਰਾਬਰ ਮੌਕਿਆਂ ਨੂੰ ਪ੍ਰਭਾਵਤ ਕਰ ਰਹੀਆਂ ਹਨ। ਚੋਣ ਕਮਿਸ਼ਨ ਦੇ ਅੰਦਰ ਅਸੀਂ ਹਮੇਸ਼ਾ ਇਸ ਸਿਧਾਂਤ ਦੀ ਪਾਲਣਾ ਕੀਤੀ ਕਿ ਚੋਣਾਂ ਦੌਰਾਨ ਉਨ੍ਹਾਂ ਕਾਰਵਾਈਆਂ ਨੂੰ ਟਾਲ ਦਿੱਤਾ ਜਾਵੇ, ਜਿਨ੍ਹਾਂ ਨੂੰ ਟਾਲਿਆ ਜਾ ਸਕਦਾ ਹੈ। ਇਹ ਪੁੱਛਿਆ ਜਾਣਾ ਚਾਹੀਦਾ ਹੈ ਕਿ ਕੀ ਚੋਣਾਂ ਦੌਰਾਨ ਅਜਿਹੀਆਂ ਕਾਰਵਾਈਆਂ ਨੂੰ ਟਾਲਣ ਨਾਲ ਕੋਈ ਨਾ ਪੂਰਾ ਹੋਣ ਵਾਲਾ ਘਾਟਾ ਪੈਂਦਾ ਹੈ। ਇਸ ਮਾਮਲੇ ਵਿਚ ਅਜਿਹਾ ਲੱਗਦਾ ਨਹੀਂ। ਇਹ ਕਾਰਵਾਈਆਂ ਤਿੰਨ ਮਹੀਨਿਆਂ ਬਾਅਦ ਵੀ ਕੀਤੀਆਂ ਜਾ ਸਕਦੀਆਂ ਹਨ।

ਇਕ ਹੋਰ ਸਾਬਕਾ ਮੁੱਖ ਚੋਣ ਕਮਿਸ਼ਨਰ ਨੇ ਨਾਂਅ ਨਾ ਛਾਪਣ ਦੀ ਸ਼ਰਤ ਨਾਲ ਕਿਹਾ—ਚੋਣ ਕਮਿਸ਼ਨ ਵਿਚ ਸਾਡੇ ਸਮੇਂ ਦੌਰਾਨ ਅਜਿਹੀਆਂ ਸਥਿਤੀਆਂ ਕਦੇ ਪੈਦਾ ਨਹੀਂ ਹੋਈਆਂ। ਚੋਣ ਜ਼ਾਬਤੇ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੁੰਦਾ ਹੈ ਕਿ ਚੋਣਾਂ ਵਿਚ ਹਿੱਸਾ ਲੈਣ ਵਾਲੇ ਹਰੇਕ ਵਿਅਕਤੀ ਨੂੰ ਬਰਾਬਰ ਮੌਕੇ ਮਿਲਣ। ਜੇ ਚੋਣ ਪ੍ਰਚਾਰ ਦੌਰਾਨ ਇਨਕਮ ਟੈਕਸ ਵਿਭਾਗ ਪ੍ਰਮੁੱਖ ਆਪੋਜ਼ੀਸ਼ਨ ਪਾਰਟੀਆਂ ਨੂੰ ਨੋਟਿਸ ਜਾਰੀ ਕਰਦਾ ਰਹਿੰਦਾ ਹੈ, ਉਨ੍ਹਾਂ ਦੇ ਖਾਤੇ ਫ੍ਰੀਜ਼ ਕਰ ਦਿੰਦਾ ਹੈ ਤੇ ਉਨ੍ਹਾਂ ਵਿੱਚੋਂ ਪੈਸੇ ਵੀ ਕੱਟ ਲੈਂਦਾ ਹੈ, ਤਾਂ ਚੋਣ ਕਮਿਸ਼ਨ ਨੂੰ ਸੈਂਟਰਲ ਬੋਰਡ ਆਫ ਡਾਇਰੈਕਟ ਟੈਕਸਿਜ਼ (ਸੀ ਬੀ ਡੀ ਟੀ) ਤੋਂ ਠੋਸ ਸਬੂਤ ਪੁੱਛਣਾ ਚਾਹੀਦਾ ਹੈ ਕਿ ਚੋਣਾਂ ਦੇ ਬਾਅਦ ਤੱਕ ਉਡੀਕ ਕਿਉਂ ਨਹੀਂ ਕੀਤੀ ਜਾ ਸਕਦੀ? ਇਹ ਚੋਣ ਕਮਿਸ਼ਨ ਤੇ ਸੀ ਬੀ ਡੀ ਟੀ ਵਿਚਾਲੇ ਮੀਟਿੰਗ ਨਾਲ ਕੀਤਾ ਜਾ ਸਕਦਾ ਹੈ। ਇਸ ਤੋਂ ਇਲਾਵਾ ਜਦ ਈ ਡੀ ਆਗੂਆਂ ਨੂੰ ਚੋਣ ਪ੍ਰਚਾਰ ਦੌਰਾਨ ਤਲਬ ਕਰਦੀ ਹੈ ਤਾਂ ਇਹ ਉਨ੍ਹਾਂ ਨੂੰ ਪ੍ਰਚਾਰ ਤੋਂ ਰੋਕਣ ਦੇ ਤੁਲ ਹੈ। ਜੇ ਕੋਈ ਕੌਮੀ ਸੁਰੱਖਿਆ ਦਾ ਮੁੱਦਾ ਨਹੀਂ ਤਾਂ ਜਾਂਚ ਏਜੰਸੀਆਂ ਨੂੰ ਕਾਰਵਾਈ ਚੋਣਾਂ ਮੁਕੰਮਲ ਹੋਣ ਤੱਕ ਟਾਲਣੀ ਚਾਹੀਦੀ ਹੈ।

ਤੀਜੇ ਮੁੱਖ ਚੋਣ ਕਮਿਸ਼ਨਰ ਨੇ ਵੀ ਨਾਂਅ ਨਾ ਛਾਪਣ ਦੀ ਸ਼ਰਤ 'ਤੇ ਕਿਹਾ—ਜਦੋਂ ਕਿਸੇ ਸਿਆਸੀ ਪਾਰਟੀ ਦੀ ਧਨ ਤੱਕ ਪਹੁੰਚ ਬੰਦ ਹੋ ਜਾਂਦੀ ਹੈ ਤਾਂ ਤੁਸੀਂ ਕਿਵੇਂ ਉਮੀਦ ਕਰ ਸਕਦੇ ਹੋ ਕਿ ਉਹ ਚੋਣ ਲੜ ਸਕੇਗੀ। ਚੋਣ ਕਮਿਸ਼ਨ ਅੰਪਾਇਰ ਦੇ ਰੂਪ ਵਿਚ ਖਾਮੋਸ਼ ਤਮਾਸ਼ਾਈ ਬਣਿਆ ਨਹੀਂ ਰਹਿ ਸਕਦਾ, ਉਸ ਨੂੰ ਕੇਂਦਰੀ ਏਜੰਸੀਆਂ ਨਾਲ ਮੀਟਿੰਗ ਕਰਕੇ ਹੱਲ ਕੱਢਣਾ ਪੈਣਾ।

ਨੌਕਰੀਆਂ ਤੇ ਕੁਦਰਤੀ ਸਾਧਨਾਂ ਨੂੰ ਕੌਣ ਨਿਗਲ ਰਿਹਾ?

ਗੁਰਚਰਨ ਸਿੰਘ ਨੂਰਪੁਰ

ਦੁਨੀਆ ਵਿੱਚ ਵਾਪਰਨ ਵਾਲੀਆਂ ਵੱਡੀਆਂ ਘਟਨਾਵਾਂ ਦੀ ਸਮਝ ਰੱਖਣ ਵਾਲੇ ਜਾਣਦੇ ਹੋਣਗੇ ਕਿ ਪਿਛਲੇ ਅਰਸੇ ਦੌਰਾਨ ਇੱਕ ਵਾਰ ਮੈਕਸੀਕੋ ਦੇ ਬਾਰਡਰ 'ਤੇ ਰੀਓ ਗ੍ਰਾਂਡੇ ਨਦੀ ਕੰਢੇ ਪਿਓ-ਧੀ ਦੀਆਂ ਲਾਸ਼ਾਂ ਮਿਲੀਆਂ ਸਨ। ਦਿਲ ਦਹਿਲਾਅ ਦੇਣ ਵਾਲੀ ਪਿਓ-ਧੀ ਦੀ ਇਸ ਤਸਵੀਰ ਨੇ ਦੁਨੀਆ ਭਰ ਦੇ ਲੋਕਾਂ ਦਾ ਧਿਆਨ ਖਿੱਚਿਆ ਸੀ ਅਤੇ ਇਹ ਤਸਵੀਰ ਵੱਡੀ ਚਰਚਾ ਦਾ ਵਿਸ਼ਾ ਬਣੀ ਰਹੀ ਸੀ। ਇਸ ਵਿੱਚ ਇਹ ਬਦਕਿਸਮਤ ਪਿਤਾ ਚੰਗੇ ਭਵਿੱਖ ਦੀ ਤਲਾਸ਼ ਵਿੱਚ ਆਪਣੀ ਨਿੱਕੀ ਜਿਹੀ ਧੀ ਵਲੇਰੀਆ ਨੂੰ ਮੈਕਸੀਕੋ ਦੇ ਬਾਰਡਰ 'ਤੇ ਨਦੀ ਪਾਰ ਕਰਾ ਕੇ ਆਪਣੀ ਪਤਨੀ ਨੂੰ ਲੈਣ ਗਿਆ। ਇਸ ਦੌਰਾਨ ਉਹ ਮਾਸੂਮ ਬੱਚੀ ਦਰਿਆ ਵਿੱਚ ਕੁਦ ਪਈ। ਜਦੋਂ ਉਸ ਦਾ ਪਿਤਾ ਉਹਨੂੰ ਬਚਾਉਣ ਲਈ ਵਾਪਸ ਮੁੜਿਆ ਤਾਂ ਵਲੇਰੀਆ ਡੂੰਘੇ ਵਹਿਣ ਵਿੱਚ ਵਹਿ ਗਈ ਸੀ। ਵਲੇਰੀਆ ਨੂੰ ਬਚਾਉਂਦਾ ਉਹਦਾ ਪਿਤਾ ਵੀ ਡੂੰਘੇ ਪਾਣੀ ਦੀ ਭੇਟ ਚੜ੍ਹ ਗਿਆ। ਇਹ ਘਟਨਾ ਭਾਵੇਂ ਕਈ ਵੱਡੇ ਸਵਾਲ ਖੜੇ ਕਰਦੀ ਹੈ, ਪਰ ਇਸ ਦਰਦਨਾਕ ਘਟਨਾ ਦੀ ਹਕੀਕਤ ਇਹ ਹੈ ਕਿ ਦੁਨੀਆ ਦੇ ਬਹੁਗਿਣਤੀ ਲੋਕਾਂ ਨੂੰ ਜੜ੍ਹੋਂ ਉਖਾੜ ਦਿੱਤਾ ਗਿਆ। ਉਹ ਆਪਣੇ ਹਿੱਸੇ ਦੀ ਧਰਤੀ ਅਤੇ ਸਿਰ ਜੋਗਾ ਅੰਬਰ ਲੱਭਣ ਦੀ ਤਲਾਸ਼ ਵਿੱਚ ਭਟਕ ਰਹੇ ਹਨ। ਇਸ ਸਾਰੇ ਵਰਤਾਰੇ ਪਿੱਛੇ ਕੰਮ ਕਰਦੀਆਂ ਵਿਸ਼ਵੀਕਰਨ ਦੀਆਂ ਖਤਰਨਾਕ ਨੀਤੀਆਂ ਹਨ, ਜਿਹਨਾਂ ਤਹਿਤ ਦੁਨੀਆ ਦੇ ਕਈ ਦੇਸ਼ਾਂ ਵਿੱਚ ਆਮ ਲੋਕਾਂ ਨੂੰ ਉਹਨਾਂ ਦੇ ਕੁਦਰਤੀ ਸਾਧਨਾਂ ਵਾਂਝਿਆਂ ਕੀਤਾ ਜਾ ਰਿਹਾ ਹੈ।

ਵਿਸ਼ਵੀਕਰਨ ਦੇ ਇਸ ਦੌਰ ਵਿੱਚ ਸਾਡੀਆਂ ਸਮਾਜਿਕ ਕਦਰਾਂ-ਕੀਮਤਾਂ, ਸਿੱਖਿਆ, ਆਰਥਿਕਤਾ, ਰਾਜਨੀਤੀ, ਸੰਚਾਰ ਸਾਧਨ, ਵਾਤਾਵਰਨ, ਕਿਰਤ ਸ਼ਕਤੀ, ਮਾਂ ਬੋਲੀ, ਰਹਿਣ ਸਹਿਣ, ਮਨੋਰੰਜਨ, ਸਾਹਿਤ, ਗੀਤੀ-ਰਿਵਾਜ ਆਦਿ ਸਭ ਕੁਝ ਪ੍ਰਭਾਵਿਤ ਹੋਇਆ ਹੈ। ਪੂੰਜੀਵਾਦ ਇੱਕ ਅਜਿਹਾ ਦੈਂਤ ਹੈ, ਜੋ ਆਮ ਮਨੁੱਖ ਦੇ ਖੂਨ 'ਤੇ ਪਲਦਾ ਹੈ, ਵਿਸ਼ਾਲ ਹੁੰਦਾ ਹੈ ਅਤੇ ਜਿੰਨਾ ਵਿਸ਼ਾਲ ਹੁੰਦਾ ਹੈ, ਓਨੀ ਹੀ ਤੇਜ਼ੀ ਨਾਲ ਹੋਰ ਲੋਕਾਂ ਨੂੰ ਆਪਣਾ ਸ਼ਿਕਾਰ ਬਣਾਉਂਦਾ ਹੈ। ਵਿਸ਼ਵੀਕਰਨ ਅਜਿਹੀ ਭਿਆਨਕ ਬਿਮਾਰੀ ਹੈ, ਜਿਸ ਦੇ ਪ੍ਰਭਾਵ ਨਾਲ ਲੋਕਤੰਤਰ ਨੂੰ ਅਧਰੰਗ ਹੋ ਜਾਂਦਾ ਹੈ। ਇਹ ਗੂੰਗਾ, ਬੋਲਾ ਅਤੇ ਬਹਿਰਾ ਹੋ ਜਾਂਦਾ ਹੈ। ਜਿਸ ਖਿੱਤੇ ਦੇ ਲੋਕ ਮਾਲਕ ਹੁੰਦੇ ਹਨ, ਰਾਤੋ-ਰਾਤ ਉਸ ਖਿੱਤੇ ਨੂੰ ਕੋਈ ਧਨਾਢ ਕਾਰਪੋਰੇਟ ਕੰਪਨੀ ਖਰੀਦ ਲੈਂਦੀ ਹੈ ਅਤੇ ਇੱਥੋਂ ਦੇ ਜੰਗਲਾਂ ਦਾ ਵਢਾਂਗਾ ਕਰਕੇ ਖਣਿਜਾਂ ਨੂੰ ਕੱਢਣ ਦਾ ਕੰਮ ਸ਼ੁਰੂ ਕਰ ਦਿੰਦੀ ਹੈ। ਜਲ, ਜੰਗਲ ਤੇ ਜ਼ਮੀਨ ਦਾ ਸੌਦਾ ਏ ਸੀ ਕਮਰਿਆਂ ਵਿੱਚ ਬੈਠ ਕੇ ਹੋ ਜਾਂਦਾ ਹੈ ਅਤੇ ਸਦੀਆਂ ਤੋਂ ਇਹਨਾਂ ਥਾਵਾਂ 'ਤੇ ਰਹਿਣ ਵਾਲਿਆਂ ਨੂੰ ਖਦੇੜਨ ਲਈ ਪੁਲਸ ਬਲ ਭੇਜ ਦਿੱਤੇ ਜਾਂਦੇ ਹਨ। ਜਿਸ ਸੜਕ 'ਤੇ ਸਦੀਆਂ ਤੋਂ ਉਹਨਾਂ ਦੇ ਬਾਪ-ਦਾਦੇ ਗੁਜ਼ਰਦੇ ਹਨ, ਉਹ ਸੜਕ ਰਾਤੋ-ਰਾਤ ਇਸੇ ਕੰਪਨੀ ਦੀ ਸੜਕ ਹੋ ਜਾਂਦੀ ਹੈ ਅਤੇ ਇੱਥੋਂ ਲੰਘਣ ਲਈ ਟੋਲ ਟੈਕਸ ਲੱਗਣਾ ਸ਼ੁਰੂ ਹੋ ਜਾਂਦਾ ਹੈ। ਜਿਸ ਅਦਾਰੇ ਤੋਂ ਲੋਕ ਦਹਾਕਿਆਂ ਤੋਂ ਸਰਵਿਸ ਲੈ ਰਹੇ ਹੁੰਦੇ ਹਨ, ਉਸ ਅਦਾਰੇ ਨੂੰ ਕੋਈ ਵੱਡੀ ਕੰਪਨੀ ਖਰੀਦ ਲੈਂਦੀ ਹੈ ਅਤੇ ਲੋਕ ਉਸ ਜਨਤਕ ਅਦਾਰੇ ਦੀ ਬਜਾਏ ਕੰਪਨੀ ਦੇ ਗਾਹਕ ਬਣ ਜਾਂਦੇ ਹਨ। ਜਿਸ ਅਦਾਰੇ ਨੂੰ ਸਰਕਾਰੀ ਅਦਾਰਾ ਸਮਝ ਕੇ ਸਾਡੇ ਲੋਕ ਸਰਕਾਰੀ ਨੌਕਰੀ ਕਰ ਰਹੇ ਹੁੰਦੇ ਹਨ, ਉਹ ਅਦਾਰਾ ਹੀ ਰਾਤੋ-ਰਾਤ ਵਿਕ ਜਾਂਦਾ ਹੈ ਅਤੇ ਇਸ ਵਿੱਚ ਨੌਕਰੀ ਕਰਨ ਵਾਲੇ ਵੀ ਰਾਤੋ ਰਾਤ ਕੰਪਨੀ ਦੇ ਕਰਿੰਦੇ ਬਣ ਕੇ ਰਹਿ ਜਾਂਦੇ ਹਨ। ਅੱਜ ਜਦੋਂ ਅਸੀਂ ਦੇਖਦੇ ਹਾਂ ਕਿ ਪੂਰੀ ਧਰਤੀ 'ਤੇ ਮਨੁੱਖਾਂ ਦੀ ਗਿਣਤੀ ਵਿੱਚ ਵਾਧਾ ਹੋ ਰਿਹਾ ਹੈ, ਪਰ ਨੌਕਰੀਆਂ ਸਿਮਟ ਰਹੀਆਂ ਹਨ, ਰੋਜ਼ਗਾਰ ਦੇ ਸਾਧਨ ਘਟ ਰਹੇ ਹਨ, ਸਰਵਿਸ ਲੈਣ ਵਾਲੇ ਲੋਕਾਂ ਦੀਆਂ ਲਾਈਨਾਂ ਲੰਮੀਆਂ ਹੋ ਰਹੀਆਂ ਹਨ ਪਰ ਸਰਵਿਸ ਦੇਣ ਵਾਲੇ ਅਦਾਰਿਆਂ ਵਿੱਚ ਮੁਲਾਜ਼ਮਾਂ ਦੀ ਗਿਣਤੀ ਵਧਣ ਦੀ ਬਜਾਏ ਘਟ ਰਹੀ ਹੈ। ਵਿਸ਼ਵੀਕਰਨ ਦੇ ਇਸ ਦੌਰ ਵਿੱਚ ਅਸੀਂ ਆਪਣੀ ਵੋਟ ਦੀ ਤਾਕਤ ਨੂੰ ਇੰਝ ਸਮਝ ਸਕਦੇ ਹਾਂ ਕਿ ਅਸੀਂ ਜਿਹੜੇ ਨੁਮਾਇੰਦੇ ਚੁਣਦੇ ਹਾਂ, ਉਹ ਪੂੰਜੀਵਾਦੀ ਤਾਕਤਾਂ ਅੱਗੇ ਲੇਲ੍ਹੜੀਆਂ ਕੱਢਦੇ ਹਨ ਕਿ ਸਾਡੇ ਮੁਲਕ ਵਿੱਚ ਆ ਕੇ ਪੈਸਾ ਲਾਓ, ਅਸੀਂ ਤੁਹਾਨੂੰ ਸਸਤੀ ਲੇਬਰ ਮੁਹੱਈਆ ਕਰਵਾਂਗੇ ਅਤੇ ਇਹ ਸਸਤੀ ਲੇਬਰ ਵੋਟ ਦੀ ਵੱਡੀ ਸ਼ਕਤੀ ਵਾਲੇ ਸਾਡੇ ਲੋਕ ਹੁੰਦੇ ਹਨ, ਜਿਹਨਾਂ ਨੂੰ ਇਸ ਵਰਤਾਰੇ ਨੇ ਦੀਨ ਹੀਣ ਬਣਾ ਦਿੱਤਾ ਹੈ। ਵਿਸ਼ਵੀਕਰਨ ਕਿਸੇ ਖਿੱਤੇ ਦੇ ਲੋਕਾਂ, ਅਦਾਰਿਆਂ, ਜਲ, ਜੰਗਲ, ਜ਼ਮੀਨ, ਪਾਣੀਆਂ ਸਭ ਤਰ੍ਹਾਂ ਦੇ ਸੇਵਾ ਸਾਧਨਾਂ ਆਦਿ ਸਭ ਕੁਝ 'ਤੇ ਗਲਬਾ ਪਾਉਣ ਦੀ ਕਵਾਇਦ ਹੈ। ਹੈਰਾਨੀ ਦੀ ਗੱਲ ਇਹ ਇੱਕ ਅਜਿਹੀ ਗੁਲਾਮੀ ਹੈ, ਜੋ ਵੇਖਣ ਵਿੱਚ ਚੰਗੀ ਲੱਗਦੀ ਹੈ, ਪਰ ਇਸ ਦੇ ਪ੍ਰਭਾਵ ਬੜੇ ਖਤਰਨਾਕ ਹਨ। ਵਿਸ਼ਵੀਕਰਨ ਨੇ ਸਾਡੀਆਂ ਹੱਦਾਂ-ਸਰਹੱਦਾਂ ਨੂੰ ਲਚਕੀਲਾ ਬਣਾਇਆ ਹੈ। ਸੰਚਾਰ ਸਾਧਨਾਂ ਦਾ ਫੈਲਾਅ ਹੋਇਆ ਹੈ, ਇੱਕ ਮੁਲਕ ਦੇ ਵਿਦਿਆਰਥੀ ਦੂਜੇ ਮੁਲਕਾਂ ਵਿੱਚ ਪੜ੍ਹਨ ਜਾ ਰਹੇ ਹਨ। ਵੇਖਣ ਨੂੰ ਇਹ ਸਭ ਕੁਝ ਬੜਾ ਸਾਰਥਕ ਪ੍ਰਤੀਤ ਹੁੰਦਾ ਹੈ, ਪਰ ਇਸ ਦੇ ਨਿਰਾਰਥਕ ਪ੍ਰਭਾਵ ਕੀ ਹਨ, ਉਹਨਾਂ ਦਾ ਵਿਸ਼ਲੇਸ਼ਣ ਕੀਤਾ ਜਾਣਾ ਸ਼ਾਇਦ ਅਜੇ ਬਾਕੀ ਹੈ। ਸਾਡੇ ਕਾਲਜ, ਯੂਨੀਵਰਸਿਟੀਆਂ ਖਾਲੀ ਹੋਣ ਲੱਗ ਪਏ ਹਨ। ਬੌਧਿਕ ਪੱਖੋਂ ਸਾਡਾ ਸਮਾਜ ਕੰਗਾਲੀ ਦੇ ਰਾਹ 'ਤੇ ਹੈ। ਸਾਡਾ ਸਰਮਾਇਆ ਬੜੀ ਤੇਜ਼ੀ ਨਾਲ ਬਾਹਰ ਜਾਣ ਲੱਗਿਆ ਹੈ। ਦੂਜੇ ਪਾਸੇ ਵਿਕਸਤ ਮੁਲਕਾਂ ਨੂੰ ਸਸਤੀ ਲੇਬਰ, ਸਰਮਾਇਆ ਅਤੇ ਪੜ੍ਹੇ-ਲਿਖੇ ਕਰਿੰਦੇ ਮੁਹੱਈਆ ਹੋਣ ਲੱਗ ਪਏ ਹਨ। ਦੂਜੇ ਪਾਸੇ ਉਸ ਦੇਸ਼/ਖਿੱਤੇ ਦੇ ਲੋਕਾਂ ਦਾ ਭਵਿੱਖ ਕੀ ਹੋਵੇਗਾ, ਜਿੱਥੋਂ ਦੇ ਕਾਲਜ ਯੂਨੀਵਰਸਿਟੀਆਂ ਖੰਡਰ ਬਣਨ ਜਾ ਰਹੇ ਹੋਣ? ਇਹ ਸਭ ਕੁਝ ਇੱਕ ਡੂੰਘੀ ਸਾਜ਼ਿਸ਼ ਅਧੀਨ ਹੋ ਰਿਹਾ ਹੈ, ਜਿਸ ਨੂੰ ਸਾਡੇ ਦੇਸ਼ ਦੇ ਹਾਕਮਾਂ ਨੇ ਸਮਝਿਆ ਨਹੀਂ ਅਤੇ ਨਾ ਹੀ ਇਸ ਵਰਤਾਰੇ ਨੂੰ ਸਮਝਣ ਵਿੱਚ ਉਹਨਾਂ ਦੀ ਕੋਈ ਦਿਲਚਸਪੀ ਹੈ। ਪੁਰਾਣੇ ਸਮੇਂ ਵਿੱਚ ਇੱਕ ਰਾਜਾ ਦੂਜੀ ਸਲਤਨਤ 'ਤੇ ਹਮਲਾ ਕਰਦਾ ਸੀ, ਇਸ ਸਥਿਤੀ ਵਿੱਚ ਹਾਰਨ ਅਤੇ ਗੁਲਾਮ ਹੋ ਜਾਣ ਵਾਲੀਆਂ ਕੌਮਾਂ ਨੂੰ ਆਪਣੀ ਗੁਲਾਮੀ ਦਾ ਅਹਿਸਾਸ ਹੁੰਦਾ ਸੀ, ਸਮਝ ਹੁੰਦੀ ਸੀ, ਪਰ ਵਿਸ਼ਵੀਕਰਨ ਸਾਮਰਾਜੀ ਤਾਕਤਾਂ ਵੱਲੋਂ ਕੀਤਾ ਗਿਆ ਅਜਿਹਾ ਹਮਲਾ ਹੈ, ਜਿਸ ਦੀ ਗੁਲਾਮੀ ਕਈ ਗੁਣਾਂ ਖਤਰਨਾਕ ਹੈ ਅਤੇ ਇਸ ਗੁਲਾਮੀ ਨੂੰ ਸਮਝਣਾ ਹਾਰੀ-ਸਾਰੀ ਦੇ ਵੱਸ ਦਾ ਕੰਮ ਨਹੀਂ। ਲੋਕਤੰਤਰ ਬਾਰੇ ਕਿਹਾ ਜਾਂਦਾ ਹੈ ਕਿ ਇਸ ਵਿੱਚ ਲੋਕ ਸਭ ਤੋਂ ਵੱਡੀ ਤਾਕਤ ਹੁੰਦੇ ਹਨ, ਇਸ ਵਿੱਚ ਕੋਈ ਸ਼ੱਕ ਨਹੀਂ, ਪਰ ਅਸੀਂ ਕਹਿ ਸਕਦੇ ਹਾਂ ਕਿ ਹੁਣ ਪੂੰਜੀਵਾਦੀ ਤਾਕਤਾਂ ਨੇ ਲੋਕ ਸ਼ਕਤੀ ਨੂੰ ਆਪਣੇ ਹੱਕ ਵਿੱਚ ਭੁਨਾਉਣ ਦੀਆਂ ਸਭ ਯੁਗਤਾਂ ਲੱਭ ਲਈਆਂ ਹਨ। ਮਸ਼ੀਨਾਂ, ਫੈਕਟਰੀਆਂ, ਕਾਰਖਾਨਿਆਂ ਅਤੇ ਵਸਤਾਂ ਦੀ ਰਹਿੰਦ-ਖੂੰਹਦ ਤੋਂ ਪੈਦਾ ਹੋਏ ਕਚਰੇ ਨੇ ਵਾਤਾਵਰਨ ਨੂੰ ਗੰਭੀਰ ਖਤਰਿਆਂ ਦੇ ਮੁਹਾਣ 'ਤੇ ਲਿਆ ਖੜਾ ਕੀਤਾ ਹੈ। ਇਸ ਵਿਵਸਥਾ ਨੇ ਤੀਜੀ ਦੁਨੀਆ ਦੇ ਦੇਸ਼ਾਂ ਦੇ ਲੋਕਾਂ ਦੇ ਭਿਆਨਕ ਭਵਿੱਖ ਦੀ ਸਿਰਜਣਾ ਕੀਤੀ ਹੈ। ਬੇਕਾਰੀ, ਭੁੱਖਮਰੀ, ਗਰੀਬੀ ਅਤੇ ਬਿਮਾਰੀਆਂ, ਦੁਸ਼ਵਾਰੀਆਂ ਦੇ ਸਤਾਏ ਲੋਕਾਂ ਤੋਂ ਕਮਾਈਆਂ ਕਰਨ ਲਈ ਇਹ ਵੱਡੀਆਂ ਕਾਰਪੋਰੇਟ ਦਵਾਈ ਕੰਪਨੀਆਂ ਦੇ ਦੋਹੀਂ ਹੱਥੀਂ ਲੱਡੂ ਦਿੱਤੇ ਹਨ। ਇਸ ਤਰ੍ਹਾਂ ਕਾਰਪੋਰੇਟ ਤਾਕਤਾਂ ਦੋਧਾਰੀ ਤਲਵਾਰ ਵਾਂਗ ਹਨ ਜੋ ਲੋਕਾਂ ਦੀਆਂ ਲੋੜਾਂ ਤੋਂ ਤਾਂ ਕਮਾਈਆਂ ਕਰਦੀਆਂ ਹੀ ਹਨ ਇਹ ਆਮ ਮਨੁੱਖ ਦੀ ਤਬਾਹੀ ਤੋਂ ਵੀ ਮਾਲਾਮਾਲ ਹੁੰਦੀਆਂ ਹਨ।

ਵਿਸ਼ਵੀਕਰਨ ਦੀਆਂ ਨੀਤੀਆਂ ਆਮ ਮਨੁੱਖ ਲਈ ਬੇਹੱਦ ਘਾਤਕ ਇਸ ਲਈ ਹਨ ਕਿ ਇਹ ਵਰਤਾਰਾ ਸਮਾਜ ਨੂੰ ਪੜ੍ਹਿਆ-ਲਿਖਿਆ ਅਤੇ ਸਾਧਨ ਸੰਪੰਨ ਬਣਾਉਣ ਦੀ ਬਜਾਏ ਆਮ ਮਨੁੱਖ ਦੀ ਪੜ੍ਹੇ ਲਿਖੇ ਸਸਤੇ ਕਰਿੰਦਿਆਂ ਵਜੋਂ ਸਿਰਜਣਾ ਕਰਦਾ ਹੈ। ਇਹ ਵਰਤਾਰਾ ਇਸ ਲਈ ਖਤਰਨਾਕ ਹੈ, ਜਿਸ ਲੋਕਤੰਤਰੀ ਵਿਵਸਥਾ ਦੀ ਸਿਰਜਣਾ ਕਰਨ ਦਾ ਲੋਕ ਭਰਮ ਪਾਲਦੇ ਹਨ, ਉਸ ਵਿਵਸਥਾ ਨੂੰ ਚਲਾਉਣ ਅਤੇ ਆਪਣੀ ਮਰਜ਼ੀ ਅਨੁਸਾਰ ਢਾਲਣ ਦੀ ਤਾਕਤ ਕਾਰਪੋਰੇਟ ਤਾਕਤਾਂ ਕੋਲ ਹੈ। ਇਸ ਤਰ੍ਹਾਂ ਵਿਸ਼ਵੀਕਰਨ ਦੀ ਇਸ ਵਿਵਸਥਾ ਨੇ ਇੱਕ ਅਜਿਹੇ ਕਪਟੀ ਸੱਭਿਆਚਾਰ ਨੂੰ ਜਨਮ ਦਿੱਤਾ ਹੈ ਜੋ ਕੁਰੱਪਟ ਹੋਣ ਵਿੱਚ ਮਾਣ ਮਹਿਸੂਸ ਕਰਦਾ ਹੈ।

ਅੱਜ ਲੋੜ ਹੈ ਸਾਡੇ ਵਿਦਵਾਨ ਬੁੱਧੀਜੀਵੀ ਇਸ ਵਿਵਸਥਾ ਪ੍ਰਤੀ ਲੋਕਾਂ ਨੂੰ ਜਾਗਰੂਕ ਕਰਨ। ਲੋਕਾਂ ਨੂੰ ਇਹ ਸਮਝ ਦੇਣ ਕਿ ਇਹ ਕਿਹੜੀ ਵਿਵਸਥਾ ਹੈ? ਜੋ ਉਹਨਾਂ ਦੇ ਭਵਿੱਖ ਨੂੰ ਨਿਗਲ ਰਹੀ ਹੈ, ਉਹਨਾਂ ਨੂੰ ਜੜ੍ਹਾਂ ਤੋਂ ਖਦੇੜ ਰਹੀ ਹੈ? ਉਹਨਾਂ ਦੇ ਬੱਚੇ ਬੇਰੁਜ਼ਗਾਰੀ ਦਾ ਸੰਤਾਪ ਭੋਗਣ ਲਈ ਕਿਉਂ ਮਜਬੂਰ ਹਨ? ਕਿਉਂ ਜਾਣਬੁੱਝ ਕੇ ਵਾਤਾਵਰਨ ਦੀ ਤਬਾਹੀ ਦਾ ਮੰਜ਼ਰ ਸਿਰਜਿਆ ਜਾ ਰਿਹਾ ਹੈ? ਕਿਉਂ ਬੇਲਿਹਾਜ ਹੋ ਕੇ ਸਾਡੇ ਕੁਦਰਤੀ ਸਾਧਨਾਂ ਨੂੰ ਲੁੱਟਿਆ ਜਾ ਰਿਹਾ ਹੈ? ਇਸ ਸਭ ਕੁਝ ਦੀ ਆਮ ਮਨੁੱਖ ਨੂੰ ਸਮਝ ਪਵੇ, ਇਹ ਇੱਕ ਵੱਡਾ ਮਸਲਾ ਹੈ, ਜਿਸ ਲਈ ਲੋਕ ਪੱਖੀ ਧਿਰਾਂ ਨੂੰ ਵੱਡੀ ਭੂਮਿਕਾ ਨਿਭਾਉਣ ਦੀ ਲੋੜ ਹੈ।

ਸੰਪਰਕ : 98550-51099

ਕਿਤਾਬਾਂ ਨਾਲ ਨੇੜਤਾ ਜ਼ਰੂਰੀ

ਗੀਤਕਾਰ ਕਾਲਾ ਖਾਨਪੁਰੀ

ਕਿਤਾਬਾਂ ਪੂਰਾ ਜੀਵਨ ਹੁੰਦੀਆਂ ਹਨ। ਪਿਛ

2-APRIL-PAGE-5.qxd 4/1/2024 10:38 PM Page 1

ਠੇਕਾ ਮੁਲਾਜ਼ਮਾਂ ਵੱਲੋਂ ਡਿਊਟੀ ਦੌਰਾਨ ਕਾਲੇ ਬਿੱਲੇ ਲਾ ਕੇ ਰੋਸ ਪ੍ਰਦਰਸ਼ਨ

ਗੈਰ-ਜ਼ਮਾਨਤੀ ਵਾਰੰਟ ਰਾਹੀਂ ਆਗੂਆਂ ਨੂੰ ਜੇਲ੍ਹਾਂ 'ਚ ਬੰਦ ਕਰਨ ਦੀ ਥਾਂ ਮੰਗਾਂ ਪ੍ਰਵਾਨ ਕਰੇ ਸਰਕਾਰ : ਆਗੂ

ਜਲਾਲਾਬਾਦ (ਜੀਤ ਕੁਮਾਰ)

ਵੱਖ-ਵੱਖ ਸਰਕਾਰੀ ਵਿਭਾਗਾਂ 'ਚ ਪਿਛਲੇ 15-20 ਸਾਲਾਂ ਤੋਂ ਸੇਵਾਵਾਂ ਦੇ ਰਹੇ ਇਨਲਿਸਟਮੈਂਟ ਤੇ ਆਊਟਸੋਰਸ ਠੇਕਾ ਮੁਲਾਜ਼ਮਾਂ ਨੂੰ ਸਬੰਧਤ ਵਿਭਾਗਾਂ 'ਚ ਮਰਜ ਕਰਕੇ ਪੱਕੇ ਰੁਜ਼ਗਾਰ ਦਾ ਪ੍ਰਬੰਧ ਕਰਨ ਦੀ ਮੰਗ ਸਮੇਤ ਹੋਰ ਜਾਇਜ਼ ਤੇ ਹੱਕੀ ਮੰਗਾਂ ਦਾ ਹੱਲ ਕਰਵਾਉਣ ਲਈ ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ ਦੇ ਚੱਲ ਰਹੇ ਪੂਰਅਮਨ ਸੰਘਰਸ਼ ਨੂੰ ਰੋਕਣ ਲਈ ਪੰਜਾਬ ਸਰਕਾਰ ਦੀ ਸ਼ਹਿ 'ਤੇ ਪੁਲਸ ਪ੍ਰਸ਼ਾਸਨ ਵੱਲੋਂ ਚੋਣਾਂ ਦੌਰਾਨ ਗੈਰ-ਜ਼ਮਾਨਤੀ ਵਾਰੰਟ ਰਾਹੀਂ ਪੁਲਸ ਕੇਸ ਬਣਾ ਕੇ ਮੋਰਚੇ ਦੇ ਆਗੂਆਂ ਨੂੰ ਜੇਲ੍ਹਾਂ ਵਿੱਚ ਡੱਕਣ ਦੀਆਂ ਧਮਕੀਆਂ ਦੇਣ ਦੇ ਵਿਰੋਧ ਵਿੱਚ 'ਮੋਰਚੇ' ਦੇ ਪਲੇਟਫਾਰਮ ਤੋਂ ਉਲੀਕੇ ਸੰਘਰਸ਼ ਤਹਿਤ ਅੱਜ ਪੰਜਾਬ ਭਰ ਵਿੱਚ ਵੱਖ ਵੱਖ ਵਿਭਾਗਾਂ ਦੇ ਠੇਕਾ ਮੁਲਾਜ਼ਮਾਂ ਵੱਲੋਂ ਡਿਊਟੀ ਦੌਰਾਨ ਕਾਲੇ ਬਿੱਲੇ ਲਗਾ ਕੇ ਪੰਜਾਬ ਸਰਕਾਰ ਵਿਰੁੱਧ ਰੋਸ ਪ੍ਰਗਟਾਇਆ ਗਿਆ, ਜਿਸ ਤਹਿਤ ਸਾਰੇ ਪੰਜਾਬ ਵਿੱਚ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੇ ਇਨਲਿਸਟਮੈਂਟ/ਆਊਟਸੋਰਸ ਠੇਕਾ ਮੁਲਾਜ਼ਮਾਂ ਵੱਲੋਂ ਵੀ ਫੀਲਡ ਤੇ ਦਫਤਰਾਂ ਵਿੱਚ ਡਿਊਟੀ ਦੌਰਾਨ ਬਾਹਾਂ 'ਤੇ ਕਾਲੀਆਂ ਪੱਟੀਆਂ ਬੰਨ੍ਹ ਕੇ, ਕਾਲੇ ਝੰਡੇ ਲੈ ਕੇ ਪੰਜਾਬ ਸਰਕਾਰ ਦੀ ਧਮਕੀਆਂ ਦਾ ਵਿਰੋਧ ਕੀਤਾ ਗਿਆ।

ਜਲ ਸਪਲਾਈ ਠੇਕਾ ਕਾਮੇ ਡਿਊਟੀ ਦੌਰਾਨ ਕਾਲੇ ਬਿੱਲੇ ਲਗਾ ਕੇ ਰੋਸ ਪ੍ਰਗਟਾਉਂਦੇ ਹੋਏ।

ਇਸ ਸਬੰਧੀ ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਦੇ ਸੂਬਾ ਪ੍ਰਧਾਨ ਵਰਿੰਦਰ ਸਿੰਘ ਮੋਮੀ, ਸੂਬਾ ਜਨਰਲ ਸਕੱਤਰ ਕੁਲਦੀਪ ਸਿੰਘ ਬੁੱਢੇਵਾਲ, ਸੂਬਾ ਸੀਨੀਅਰ ਮੀਤ ਪ੍ਰਧਾਨ ਹਾਕਮ ਸਿੰਘ ਧਨੇਠਾ, ਸੂਬਾ ਪ੍ਰੈਸ ਸਕੱਤਰ ਸਤਨਾਮ ਸਿੰਘ ਫਲੀਆਂਵਾਲਾ, ਸੂਬਾ ਮੀਤ ਪ੍ਰਧਾਨ ਭੁਪਿੰਦਰ ਸਿੰਘ ਕੁਤਬੇਵਾਲ ਤੇ ਸੂਬਾ ਵਿੱਤ ਸਕੱਤਰ ਰੁਪਿੰਦਰ ਸਿੰਘ ਨੇ ਇਥੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਦੱਸਿਆ ਕਿ ਆਮ ਲੋਕਾਂ ਦੀ ਹਤਾਇਸ਼ੀ ਹੋਣ ਦੇ ਦਾਅਵੇ ਕਰਨ ਵਾਲੀ ਮੌਜੂਦਾ ਪੰਜਾਬ ਸਰਕਾਰ ਦੇ ਲੀਡਰ, ਜੋਕਿ ਸੱਤਾ ਵਿੱਚ ਆਉਣ ਤੋਂ ਪਹਿਲਾਂ ਹਰੇਕ ਤਰ੍ਹਾਂ ਦੇ ਠੇਕਾ ਮੁਲਾਜ਼ਮਾਂ ਨੂੰ ਪੱਕੇ ਕਰਨ ਦਾ ਵਾਅਦਾ ਕੀਤਾ ਗਿਆ ਸੀ, ਪਰ ਆਪ ਸਰਕਾਰ ਦੇ 2 ਸਾਲਾਂ ਦੇ ਸ਼ਾਸਨ ਦੌਰਾਨ ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ ਨੂੰ ਮੁੱਖ ਮੰਤਰੀ ਪੰਜਾਬ ਨਾਲ 20 ਵਾਰ ਲਿਖਤੀ ਰੂਪ ਵਿੱਚ ਮੀਟਿੰਗਾਂ ਦਾ ਸਮਾਂ ਦੇ ਕੇ ਗੱਲਬਾਤ ਕਰਨ ਤੋਂ ਇਨਕਾਰ ਕੀਤਾ ਗਿਆ ਹੈ, ਉਥੇ ਹੀ ਸਰਕਾਰੀ ਵਿਭਾਗਾਂ ਦਾ ਨਿੱਜੀਕਰਨ/ ਪੰਚਾਇਤੀਕਰਨ ਦੀਆਂ ਲੋਕ ਵਿਰੋਧੀ ਨੀਤੀਆਂ ਲਗਾਤਾਰ ਲਾਗੂ ਕੀਤੀਆਂ ਜਾ ਰਹੀਆਂ ਹਨ ਅਤੇ ਸਾਲਾਂਬੱਧੀ ਅਰਸੇ ਤੋਂ ਠੇਕਾ ਪ੍ਰਣਾਲੀ ਦਾ ਸੰਤਾਪ ਭੋਗ ਰਹੇ ਠੇਕਾ ਮੁਲਾਜ਼ਮਾਂ ਨੂੰ ਬੇਰੁਜ਼ਗਾਰ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਅਜਿਹੇ ਹਾਲਤਾਂ ਵਿੱਚ ਆਪਣੇ ਕੱਚੇ ਪਿੱਲੇ ਰੁਜ਼ਗਾਰ ਨੂੰ ਬਚਾਉਣ ਲਈ ਪੂਰਅਮਨ ਢੰਗ ਨਾਲ ਚੋਣਾਂ ਦੇ ਦੌਰਾਨ ਹੁਣ ਪਿੰਡਾਂ/ਸ਼ਹਿਰਾਂ ਵਿੱਚ ਸੱਤਾਧਾਰੀ ਲੀਡਰਾਂ ਦੇ ਆਉਣ ਸਮੇਂ, ਇਨ੍ਹਾਂ ਧੱਕੇਸ਼ਾਹੀਆਂ ਦੇ ਜਵਾਬ ਜਨਤਾ ਦੀ ਕਚਹਿਰੀ ਵਿੱਚ ਦੇਣ ਦੀ ਬਜਾਏ ਮੋਰਚੇ ਦੇ ਆਗੂਆਂ ਨੂੰ ਜੇਲ੍ਹਾਂ ਵਿੱਚ ਬੰਦ ਕਰਕੇ ਉਨ੍ਹਾਂ ਦੀ ਅਵਾਜ਼ ਨੂੰ ਬੰਦ ਕਰਨ ਦਾ ਭਰਮ ਪਾਲਿਆ ਜਾ ਰਿਹਾ ਹੈ। ਪੰਜਾਬ ਸਰਕਾਰ ਦੀਆਂ ਇਨ੍ਹਾਂ ਗੈਰ-ਜਮਹੂਰੀ ਧੱਕੜ ਤੇ ਧੱਕੇਸ਼ਾਹੀ ਦੇ ਵਿਰੁੱਧ ਠੇਕਾ ਮੁਲਾਜ਼ਮ ਅੱਜ ਡਿਊਟੀ ਦੌਰਾਨ ਕਾਲੇ ਬਿੱਲੇ ਲਗਾ ਕੇ ਰੋਸ ਪ੍ਰਗਟਾਉਣ ਦੇ ਨਾਲ ਨਾਲ ਸਰਕਾਰ ਨੂੰ ਸੁਣਾਉਣੀ ਕਰਦਾ ਹੈ ਕਿ ਜੇਕਰ ਸਰਕਾਰ ਨੇ ਠੇਕਾ ਮੁਲਾਜ਼ਮਾਂ ਦੀਆਂ ਮੰਗਾਂ ਪ੍ਰਵਾਨ ਨਹੀਂ ਕਰਨੀਆਂ ਹਨ ਤਾਂ ਸੰਘਰਸ਼ ਕਰਨਾ ਲੋਕਾਂ ਦਾ ਜਮਹੂਰੀ ਅਧਿਕਾਰ ਹੈ, ਉਹ ਸਰਕਾਰ ਦੀਆਂ ਧੱਕੇਸ਼ਾਹੀਆਂ ਦੇ ਨਾਲ ਸੰਘਰਸ਼ ਤੋਂ ਪਿੱਛੇ ਨਹੀਂ ਹਟਣਗੇ ਤੇ ਸੰਘਰਸ਼ ਨੂੰ ਜ਼ੋਰਦਾਰ ਤਰੀਕੇ ਨਾਲ ਲਾਗੂ ਕਰਨਗੇ।

ਆਗੂਆਂ ਵੱਲੋਂ ਸਮੁੱਚੇ ਪੰਜਾਬ ਦੇ ਠੇਕਾ ਮੁਲਾਜ਼ਮਾਂ, ਰੈਗੂਲਰ ਮੁਲਾਜ਼ਮਾਂ, ਕਿਸਾਨਾਂ ਤੇ ਮਜ਼ਦੂਰਾਂ ਨੂੰ ਜ਼ੋਰਦਾਰ ਅਪੀਲ ਕੀਤੀ ਗਈ ਹੈ ਕਿ ਉਹ ਸਰਕਾਰ ਦੇ ਇਨ੍ਹਾਂ ਜਬਰਾਂ ਦੀ ਜ਼ੋਰਦਾਰ ਨਿਖੇਧੀ ਕਰਨ ਅਤੇ ਪੰਜਾਬ ਵਿੱਚ ਜਿੱਥੇ ਵੀ ਸਰਕਾਰ ਵੱਲੋਂ ਆਗੂਆਂ ਨੂੰ ਨਿਸ਼ਾਨਾ ਬਣਾਉਣ ਦੀ ਕੋਸ਼ਿਸ਼ ਕੀਤੀ ਜਾਂਦੀ ਹੈ, ਉਹ ਹੋਰ ਸਾਰੇ ਕੰਮ ਕਾਰ ਛੱਡ ਕੇ ਇਸ ਜਬਰ ਵਿਰੁੱਧ ਸੰਘਰਸ਼ ਦੇ ਰਾਹ 'ਤੇ ਆਉਣ। ਆਗੂਆਂ ਨੇ ਠੇਕਾ ਮੁਲਾਜ਼ਮਾਂ ਨੂੰ ਜ਼ੋਰਦਾਰ ਸੱਦਾ ਦਿੱਤਾ ਕਿ ਉਹ ਵੀ ਸਰਕਾਰ ਦੀਆਂ ਇਨ੍ਹਾਂ ਗਿੱਦੜ ਧਮਕੀਆਂ ਦਾ ਇੱਕਜੁੱਟ ਹੋ ਕੇ ਟਾਕਰਾ ਕਰਨ, ਜਿੱਥੇ ਵੀ ਸੱਤਾਧਾਰੀ ਦਾ ਲੀਡਰ ਵੋਟਾਂ ਮੰਗਣ ਆਉਣ, ਉਨ੍ਹਾਂ ਨੂੰ ਸਵਾਲ ਕੀਤੇ ਜਾਣ ਤੇ ਮੁੱਖ ਮੰਤਰੀ ਪੰਜਾਬ ਸਰਕਾਰ ਅਤੇ ਮੰਤਰੀਆਂ ਦਾ ਜ਼ੋਰਦਾਰ ਤਰੀਕੇ ਨਾਲ ਵਿਰੋਧ ਕੀਤਾ ਜਾਵੇ।

ਕੇਂਦਰੀ ਜੇਲ੍ਹ 'ਚੋਂ 6 ਮੋਬਾਇਲ ਬਰਾਮਦ

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)

ਕੇਂਦਰੀ ਜੇਲ੍ਹ ਫਿਰੋਜ਼ਪੁਰ ਵਿੱਚ ਤਲਾਸ਼ੀ ਦੌਰਾਨ 6 ਮੋਬਾਇਲ ਫੋਨ, 1 ਅਡਾਪਟਰ, 1 ਡਾਟਾ ਕੇਬਲ ਬਰਾਮਦ ਹੋਈ ਹੈ। ਇਸ ਸਬੰਧੀ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਦੋ ਹਵਾਲਾਤੀਆਂ ਤੇ ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਗੁਰਮੇਲ ਸਿੰਘ ਨੇ ਦੱਸਿਆ ਕਿ ਪੱਤਰ ਨੰਬਰ 3211 ਰਾਹੀਂ ਜਸਵੀਰ ਸਿੰਘ ਸਹਾਇਕ ਸੁਪਰਡੈਂਟ ਕੇਂਦਰੀ ਜੇਲ੍ਹ ਫਿਰੋਜ਼ਪੁਰ ਨੇ ਦੱਸਿਆ ਕਿ 31 ਮਾਰਚ ਨੂੰ ਕੇਂਦਰੀ ਜੇਲ੍ਹ ਫਿਰੋਜ਼ਪੁਰ ਵਿੱਚ ਸਮੇਤ ਸਾਥੀ ਕਰਮਚਾਰੀਆਂ ਦੇ ਬਲਾਕ ਨੰਬਰ 3 ਦੀ ਬੈਰਕ ਨੰਬਰ 1 ਦੀ ਤਲਾਸ਼ੀ ਕੀਤੀ ਗਈ ਤੇ ਤਲਾਸ਼ੀ ਦੌਰਾਨ ਹਵਾਲਾਤੀ ਸੰਦੀਪ ਸਿੰਘ ਉਰਫ ਪੰਮਾ ਉਰਫ ਸੋਨੂੰ ਪੁੱਤਰ ਅਜੀਤ ਸਿੰਘ ਵਾਸੀ ਪਿੰਡ ਮਾਛਾ ਕਲਾਰੀਓ ਉਰਫ ਤਾਰੇ ਵਾਲਾ ਕੋਲੋਂ 1 ਮੋਬਾਇਲ ਫੋਨ ਨੋਕੀਆ ਕੀਪੈਡ ਸਮੇਤ ਬੈਟਰੀ ਤੇ ਸਿੰਮ ਕਾਰਡ ਏਅਰਟੈੱਲ ਬਰਾਮਦ ਹੋਇਆ ਤੇ ਹਵਾਲਾਤੀ ਅਰਸ਼ਦੀਪ ਸਿੰਘ ਉਰਫ ਅਰਸ਼ ਪੁੱਤਰ ਲਖਵੀਰ ਸਿੰਘ ਵਾਸੀ ਜੰਡ ਪੀਰ ਕਾਲੋਨੀ ਮਕਾਨ ਨੰਬਰ 8 ਗਲੀ ਨੰਬਰ 4 ਬੈਕਸਾਈਡ ਸੂਗਰ ਮਿੱਲ ਛੇਹਰਟਾ ਥਾਣਾ ਛੇਹਰਟਾ ਜ਼ਿਲ੍ਹਾ ਸ੍ਰੀ ਅੰਮ੍ਰਿਤਸਰ ਸਾਹਿਬ ਕੋਲੋਂ 1 ਮੋਬਾਇਲ ਫੋਨ ਰੀਅਲ ਮੀ ਸਮੇਤ ਸਿੰਮ ਕਾਰਡ ਜੀਓ ਬਰਾਮਦ ਹੋਇਆ। ਇਸ ਤੋਂ ਬਾਅਦ ਬੈਰਕ ਅੰਦਰ ਬਣੇ ਬਾਥਰੂਮ ਦੀ ਤਲਾਸ਼ੀ ਕੀਤੀ ਗਈ ਤੇ ਤਲਾਸ਼ੀ ਦੌਰਾਨ 4 ਟੱਚ ਸਕਰੀਨ ਮੋਬਾਇਲ ਫੋਨ, 1 ਅਡਾਪਟਰ ਤੇ 1 ਡਾਟਾ ਕੇਬਲ ਬਰਾਮਦ ਹੋਈ। ਜਾਂਚਕਰਤਾ ਨੇ ਦੱਸਿਆ ਕਿ ਪੁਲਸ ਨੇ ਉਕਤ ਹਵਾਲਾਤੀਆਂ ਤੇ ਅਣਪਛਾਤੇ ਵਿਅਕਤੀਆਂ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਹੈ।

ਨੌਜਵਾਨ ਵੱਲੋਂ ਨਹਿਰ 'ਚ ਛਾਲ ਮਾਰ ਕੇ ਖੁਦਕੁਸ਼ੀ, ਛੇ ਵਿਰੁੱਧ ਕੇਸ ਦਰਜ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਭਾਖੜਾ ਨਹਿਰ 'ਚ ਛਾਲ ਮਾਰ ਕੇ ਖੁਦਕੁਸ਼ੀ ਕਰ ਗਏ ਰਣਧੀਰ ਸਿੰਘ ਉਰਫ ਰੌਨੀ (36) ਵਾਸੀ ਬਸੀ ਪਠਾਣਾਂ ਦੀ ਮੌਤ ਦੇ ਮਾਮਲੇ 'ਚ ਪੁਲਸ ਵੱਲੋਂ ਤਿੰਨ ਮਹਿਲਾਵਾਂ ਸਣੇ ਛੇ ਵਿਅਕਤੀਆਂ ਵਿਰੁੱਧ ਕੇਸ ਦਰਜ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਜਸਵੰਤ ਸਿੰਘ ਵਾਸੀ ਛੋਟੀ ਬਾਲਮੀਕ ਬਸਤੀ ਬਸੀ ਪਠਾਣਾਂ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ 'ਚ ਦੱਸਿਆ ਕਿ 27 ਮਾਰਚ ਨੂੰ ਸਵੇਰੇ ਸਾਢੇ ਕੁ ਗਿਆਰਾਂ ਵਜੇ ਉਸ ਦੇ ਛੋਟੇ ਭਰਾ ਰਣਧੀਰ ਸਿੰਘ ਉਰਫ ਰੌਨੀ ਨੇ ਆਪਣੇ ਦੋਸਤ ਕਮਲ ਕ੍ਰਿਸ਼ਨ ਨੂੰ ਫੋਨ ਕਰਕੇ ਦੱਸਿਆ ਕਿ ਬੱਬੂ, ਬੱਬੂ ਦੀ ਲੜਕੀ, ਬੱਬੂ ਦੀ ਮਾਤਾ, ਬੱਬੂ ਦੇ ਦੋ ਭਰਾਵਾਂ ਤੇ ਉਸ ਦੇ ਗੋਬਿੰਦਗੜ੍ਹ ਵਾਲੇ ਪਤੀ ਨੇ ਉਸ ਦੀ ਕੁੱਟਮਾਰ ਕੀਤੀ ਹੈ ਤੇ ਉਹ ਮੈਨੂੰ ਝੂਠੇ ਕੇਸ 'ਚ ਫਸਾਉਣ ਲਈ ਕਹਿ ਰਹੇ ਹਨ, ਜਿਸ ਕਰਕੇ ਉਨਾਂ ਤੋਂ ਤੰਗ ਆ ਕੇ ਉਹ ਨਹਿਰ 'ਚ ਛਾਲ ਮਾਰ ਕੇ ਖੁਦਕੁਸ਼ੀ ਕਰਨ ਜਾ ਰਿਹਾ ਹੈ।ਜਸਵੰਤ ਸਿੰਘ ਨੇ ਦੱਸਿਆ ਕਿ ਇਸ ਬਾਰੇ ਪਤਾ ਲੱਗਣ 'ਤੇ ਉਹ ਨਹਿਰ ਕੋਲ ਪੁੱਜੇ ਤਾਂ ਪਿੰਡ ਖਾਲਸਪੁਰ ਨੇੜੇ ਭਾਖੜਾ ਨਹਿਰ ਦੇ ਕੰਢਿਓਂ ਰੌਨੀ ਦੀਆਂ ਚੱਪਲਾਂ ਮਿਲੀਆਂ।ਸ਼ਿਕਾਇਤਕਰਤਾ ਨੇ ਦੱਸਿਆ ਕਿ ਹਰਦੀਪ ਸਿੰਘ ਉਰਫ ਨਿਸ਼ੂ ਨੇ ਰੌਨੀ ਨੂੰ ਬਚਾਉਣ ਦੀ ਕੋਸ਼ਿਸ਼ ਵੀ ਕੀਤੀ, ਪਰ ਉਹ ਨਹਿਰ ਵਿੱਚ ਰੁੜ੍ਹ ਗਿਆ, ਜਿਸ ਦੀ ਲਾਸ਼ ਹੁਣ ਧਨੇਠਾ ਨੇੜੇ ਨਹਿਰ 'ਚੋਂ ਮਿਲੀ ਹੈ।ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਥਾਣਾ ਬਸੀ ਪਠਾਣਾਂ ਵਿਖੇ ਬੱਬੂ ਪਤਨੀ ਬੁੱਧੂ ਵਾਸੀ ਮੜ੍ਹੀਆਂ ਬਸੀ ਪਠਾਣਾਂ, ਬੱਬੂ ਦੀ ਲੜਕੀ, ਬੱਬੂ ਦੇ ਦੋ ਭਰਾ, ਬੱਬੂ ਦੀ ਮਾਂ ਤੇ ਬੱਬੂ ਦੇ ਗੋਬਿੰਦਗੜ੍ਹ ਵਾਲੇ ਪਤੀ ਵਿਰੁੱਧ ਅ/ਧ 306 ਆਈ.ਪੀ.ਸੀ. ਤਹਿਤ ਮੁਕੱਦਮਾ ਦਰਜ ਕਰਵਾ ਕੇ ਬਸੀ ਪਠਾਣਾਂ ਸਿਟੀ ਚੌਕੀ ਦੇ ਇੰਚਾਰਜ ਥਾਣੇਦਾਰ ਹਰਜੀਤ ਸਿੰਘ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।ਪੋਸਟਮਾਰਟਮ ਉਪਰੰਤ ਅੱਜ ਬਾਅਦ ਦੁਪਹਿਰ ਵਾਰਸਾਂ ਵੱਲੋਂ ਬਸੀ ਪਠਾਣਾਂ ਵਿਖੇ ਮ੍ਰਿਤਕ ਰਣਧੀਰ ਸਿੰਘ ਉਰਫ ਰੌਨੀ ਦਾ ਅੰਤਮ ਸੰਸਕਾਰ ਕਰ ਦਿੱਤਾ ਗਿਆ।

ਮ੍ਰਿਤਕ ਰਣਧੀਰ ਸਿੰਘ ਉਰਫ ਰੌਨੀ ਦੀ ਫਾਈਲ ਤਸਵੀਰ

ਕਾਂਗਰਸ ਤੇ ਆਮ ਆਦਮੀ ਪਾਰਟੀ ਇੱਕੋ ਸਿੱਕੇ ਦੇ ਦੋ ਪਹਿਲੂ : ਬਰਨਾਲਾ

ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)-ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਧੂਰੀ ਤੋਂ ਪ੍ਰਮੁੱਖ ਆਗੂ ਐਡਵੋਕੇਟ ਸਿਮਰਪ੍ਰਤਾਪ ਸਿੰਘ ਬਰਨਾਲਾ ਨੇ ਕਿਹਾ ਕਿ ਕਾਂਗਰਸ ਤੇ ਆਮ ਆਦਮੀ ਪਾਰਟੀ (ਆਪ) ਇਕੋ ਸਿੱਕੇ ਦੇ ਦੋ ਪਹਿਲੂ ਹਨ। ਉਨ੍ਹਾ ਕਿਹਾ ਕਿ ਸਿਰਫ ਸ਼੍ਰੋਮਣੀ ਅਕਾਲੀ ਦਲ ਹੀ ਇਕਲੌਤੀ ਪਾਰਟੀ ਹੈ, ਜੋ ਆਉਂਦੀਆਂ ਸੰਸਦੀ ਚੋਣਾਂ ਸਿਧਾਂਤਾਂ 'ਤੇ ਲੜ ਰਹੀ ਹੈ।ਉਨ੍ਹਾ ਕਿਹਾ ਕਿ ਕਾਂਗਰਸ ਤੇ ਆਪ ਦਿੱਲੀ ਵਿੱਚ ਸਾਂਝੇ ਰੋਸ ਪ੍ਰਦਰਸ਼ਨ ਕਰ ਰਹੇ ਹਨ, ਪਰ ਪੰਜਾਬ ਵਿੱਚ ਵੱਖ-ਵੱਖ ਚੋਣਾਂ ਲੜ ਕੇ ਪੰਜਾਬੀਆਂ ਨੂੰ ਮੂਰਖ ਬਣਾਉਣ ਦਾ ਯਤਨ ਕਰ ਰਹੇ ਹਨ।ਉਨ੍ਹਾ ਕਿਹਾ ਕਿ ਪੰਜਾਬ ਵਿੱਚ ਭਾਜਪਾ ਨਵੀਂ ਕਾਂਗਰਸ ਪਾਰਟੀ ਬਣ ਗਈ ਹੈ, ਕਿਉਂਕਿ ਇਸ ਵੱਲੋਂ ਆਗੂ ਤੇ ਵਰਕਰਾਂ ਨੂੰ ਦਰਾਮਦ ਕੀਤਾ ਜਾ ਰਿਹਾ ਹੈ ਤੇ ਲੋਕ ਸਭਾ ਚੋਣਾਂ ਲਈ ਟਿਕਟਾਂ ਦਿੱਤੀਆਂ ਹਨ।ਉਨ੍ਹਾ ਕਿਹਾ ਕਿ ਅਜਿਹਾ ਸੱਤਾ ਹਥਿਆਉਣ ਵਾਸਤੇ ਕੀਤਾ ਜਾ ਰਿਹਾ ਹੈ।ਉਨ੍ਹਾ ਕਿਹਾ ਕਿ ਪੰਜਾਬੀਆਂ ਨੇ ਇਹ ਦੋਗਲੀ ਖੇਡ ਵੇਖ ਲਈ ਹੈ।ਸਿਰਫ ਅਕਾਲੀ ਦਲ ਹੀ ਸਿਧਾਂਤਾਂ 'ਤੇ ਡਟਿਆ ਹੈ।ਉਨ੍ਹਾ ਕਿਹਾ ਕਿ ਅਸੀਂ ਸੱਤਾ ਛੱਡ ਸਕਦੇ ਹਾਂ, ਪਰ ਕਦੇ ਵੀ ਆਪਣੇ ਸਿਧਾਂਤਾਂ 'ਤੇ ਸਮਝੌਤਾ ਨਹੀਂ ਕਰ ਸਕਦੇ।ਅਸੀਂ ਕਿਸਾਨਾਂ ਤੇ ਗਰੀਬਾਂ ਦੇ ਨਾਲ ਹਾਂ ਤੇ ਕਿਸੇ ਸੱਤਾ ਪਿੱਛੇ ਨਹੀਂ ਹਾਂ।ਉਨ੍ਹਾ ਜ਼ੋਰ ਦੇ ਕੇ ਕਿਹਾ ਕਿ ਅਕਾਲੀ ਦਲ ਪੰਜਾਬੀਆਂ ਦੀਆਂ ਇੱਛਾਵਾਂ ਦੀ ਪ੍ਰਤੀਨਿਧਤਾ ਕਰਦਾ ਰਹੇਗਾ ਤੇ ਕਦੇ ਵੀ ਉਨ੍ਹਾਂ ਦੀਆਂ ਮੰਗਾਂ ਬਾਰੇ ਕੋਈ ਸਮਝੌਤਾ ਨਹੀਂ ਕਰੇਗਾ।ਉਨ੍ਹਾ ਕਿਹਾ ਕਿ ਕਾਂਗਰਸ ਤੇ ਆਪ ਦੋਵਾਂ ਸਰਕਾਰਾਂ ਨੇ ਪਿਛਲੇ ਸੱਤ ਸਾਲਾਂ ਵਿੱਚ ਅਣਡਿੱਠ ਕੀਤਾ ਹੈ।

ਕਾਤਰਾਂ

ਹਰਦਮ ਸਿੰਘ ਔਲਖ ਨੂੰ ਸਦਮਾ, ਪਿਤਾ ਦਾ ਦਿਹਾਂਤ

ਕੋਟਕਪੂਰਾ (ਰਛਪਾਲ ਭੁੱਲਰ)-ਪਿੰਡ ਔਲਖ ਦੇ ਜੰਮਪਲ ਤੇ ਅੱਜਕੱਲ੍ਹ ਅਮਰੀਕਾ ਦੇ ਕੈਲੇਫੋਰਨੀਆ ਦੇ ਬੇਕਰਜ਼ਫੀਲਡ ਵਿੱਚ ਰਹਿੰਦੇ ਉੱਘੇ ਟਰਾਂਸਪੋਰਟਰ ਦੇ ਪਿਤਾ ਜਗ ਸਿੰਘ (95) ਦੀ ਅਚਾਨਕ ਮੌਤ ਹੋਣ ਕਾਰਨ ਪਰਵਾਰ ਵਿੱਚ ਸੋਗ ਦੀ ਲਹਿਰ ਛਾ ਗਈ ਹੈ। ਹਰਦਮ ਸਿੰਘ ਔਲਖ ਕੋਟਕਪੂਰਾ ਤੋਂ ਸਾਡੇ ਪੱਤਰਕਾਰ ਰਛਪਾਲ ਸਿੰਘ ਭੁੱਲਰ ਦੇ ਬਹਿਨੋਈ ਹਨ। ਇਨ੍ਹਾਂ ਦਾ ਅੰਤਮ ਸੰਸਕਾਰ ਬੁੱਧਵਾਰ 10 ਅਪ੍ਰੈਲ ਨੂੰ ਗਰੀਨ ਲਾਅਨ ਬੇਕਰਜ਼ਫੀਲਡ ਵਿਖੇ ਹੋ ਰਿਹਾ ਹੈ, ਉਪਰੰਤ ਗੁਰੂਘਰ ਸਟਾਈਨ ਰੋਡ ਵਿਖੇ ਅੰਤਮ ਅਰਦਾਸ ਤੇ ਸ਼ਰਧਾਂਜਲੀ ਸਮਾਗਮ ਹੋਵੇਗਾ।

ਮਿੱਲ ਦੇ ਫਿਟਰ ਦੀ ਕਰੰਟ ਲੱਗਣ ਨਾਲ ਮੌਤ

ਸ੍ਰੀ ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਮੰਡੀ ਗੋਬਿਦਗੜ੍ਹ ਨੇੜੇ ਇੱਕ ਮਿੱਲ 'ਚ ਫਿਟਰ ਵਜੋਂ ਕੰਮ ਕਰਦੇ ਬੰਟੀ ਰਾਮ (38) ਦੀ ਕਰੰਟ ਲੱਗਣ ਕਾਰਨ ਮੌਤ ਹੋ ਗਈ। ਪ੍ਰਾਪਤ ਜਾਣਕਾਰੀ ਅਨੁਸਾਰ ਮ੍ਰਿਤਕ ਦੇ ਭਰਾ ਮਲਕੀਤ ਸਿੰਘ ਵਾਸੀ ਪਿੰਡ ਕੁੰਬੜਾ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ 'ਚ ਦੱਸਿਆ ਕਿ ਉਸ ਦਾ ਭਰਾ ਬੰਟੀ ਰਾਮ ਪਿਛਲੇ ਕਰੀਬ 15 ਸਾਲਾਂ ਤੋਂ ਅੰਬੇ ਮਾਜਰਾ ਦੀ ਜਗਤ ਮਿੱਲ ਵਿੱਚ ਬਤੌਰ ਫਿਟਰ ਕੰਮ ਕਰ ਰਿ

page-6-2-April.-2024.qxd 4/1/2024 10:56 PM Page 1

ਰਾਮ ਕੁਮਾਰ ਬਾਂਸਲ ਸ਼੍ਰੋਮਣੀ ਅਕਾਲੀ ਦਲ ਯੂਥ ਦੇ ਸ਼ਹਿਰੀ ਪ੍ਰਧਾਨ ਨਿਯੁਕਤ

ਬਾਘਾ ਪੁਰਾਣਾ, (ਮਨੀ ਸਿੰਗਲਾ) ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਜਥੇਦਾਰ ਤੀਰਥ ਸਿੰਘ ਮਾਹਲਾ ਦੀ ਸਿਫ਼ਾਰਿਸ਼ 'ਤੇ ਰਾਮ ਕੁਮਾਰ ਬਾਂਸਲ ਐਡਵੋਕੇਟ ਯੂਥ ਬਾਘਾ ਪੁਰਾਣਾ ਸ਼ਹਿਰੀ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।ਸ਼ਹਿਰ ਦੀ ਕੋਟਕਪੂਰਾ ਰੋਡ ਉਪਰ ਸਥਿਤ ਦਾਣਾ ਮੰਡੀ ਵਿੱਚ ਨਵ ਨਿਯੁਕਤ ਸ਼ਹਿਰੀ ਪ੍ਰਧਾਨ ਰਾਮ ਕੁਮਾਰ ਬਾਂਸਲ ਨੂੰ ਨਿਯੁਕਤੀ ਪੱਤਰ ਤੇ ਸਨਮਾਨ ਚਿੰਨ ਦੇਣ ਦੇ ਲਈ ਇਕ ਸਾਦੇ ਸਮਾਗਮ ਦਾ ਆਯੋਜਿਨ ਕੀਤਾ ਗਿਆ, ਜਿਸ ਵਿਚ ਜਥੇਦਾਰ ਤੀਰਥ ਸਿੰਘ ਮਾਹਲਾ ਹਲਕਾ ਇੰਚਾਰਜ ਬਾਘਾ ਪੁਰਾਣਾ, ਸੁਖਜੀਤ ਸਿੰਘ ਮਾਹਲਾ ਕੋਰ ਕਮੇਟੀ ਮੈਂਬਰ, ਯੂਥ ਦੇ ਜ਼ਿਲ੍ਹਾ ਪ੍ਰਧਾਨ ਹਰਜੋਤ ਸਿੰਘ ਡੈਮਰੂ, ਬਾਲ ਕ੍ਰਿਸ਼ਨ ਬਾਲੀ ਸਾਬਕਾ ਨਗਰ ਕੌਂਸਲ ਬਾਘਾ ਪੁਰਾਣਾ ਵੱਲੋਂ ਵਿਸ਼ੇਸ਼ ਤੌਰ 'ਤੇ ਸ਼ੂਮਲੀਅਤ ਕੀਤੀ ਗਈ।ਜਥੇਦਾਰ ਤੀਰਥ ਸਿੰਘ ਮਾਹਲਾ ਹਲਕਾ ਇੰਚਾਰਜ ਬਾਘਾ ਪੁਰਾਣਾ, ਸੁਖਜੀਤ ਸਿੰਘ ਮਾਹਲਾ ਕੋਰ ਕਮੇਟੀ ਮੈਂਬਰ, ਯੂਥ ਦੇ ਜ਼ਿਲ੍ਹਾ ਪ੍ਰਧਾਨ ਹਰਜੋਤ ਸਿੰਘ ਡੈਮਰੂ, ਬਾਲ ਕ੍ਰਿਸ਼ਨ ਬਾਲੀ ਸਾਬਕਾ ਨਗਰ ਕੌਂਸਲ ਬਾਘਾ ਪੁਰਾਣਾ ਵੱਲੋਂ ਨਵ ਨਿਯੁਕਤ ਸ਼ਹਿਰੀ ਪ੍ਰਧਾਨ ਰਾਮ ਕੁਮਾਰ ਬਾਂਸਲ ਦਾ ਮੂੰਹ ਮਿੱਠਾ ਕਰਾ ਕੇ ਉਸ ਨੂੰ ਨਿਯੁਕਤੀ ਪੱਤਰ ਸੌਂਪਿਆ ਗਿਆ ਅਤੇ ਸਿਰੋਪਾਓ ਪਾ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਕੋਰ ਕਮੇਟੀ ਮੈਂਬਰ ਸੁਖਜੀਤ ਸਿੰਘ ਮਾਹਲਾ ਤੇ ਜ਼ਿਲ੍ਹਾ ਯੂਥ ਪ੍ਰਧਾਨ ਹਰਜੋਤ ਸਿੰਘ ਡੇਮਰੂ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਹਾਈਕਮਾਂਡ ਨੇ ਹਮੇਸ਼ਾ ਹੀ ਮਿਹਨਤੀ ਆਗੂਆਂ ਦਾ ਮੁੱਲ ਮੋੜਿਆ ਤੇ ਪਾਰਟੀ ਲਈ ਦਿਨ-ਰਾਤ ਕੰਮ ਕਰਨ ਵਾਲੇ ਆਗੂਆਂ ਨੂੰ ਬਣਦਾ ਮਾਣ ਸਨਮਾਨ ਬਖਸ਼ਿਆ।ਇਸ ਮੌਕੇ ਨਵ ਨਿਯੁਕਤ ਪ੍ਰਧਾਨ ਨੇ ਕਿਹਾ ਕਿ ਜੋ ਉਸ ਨੂੰ ਜ਼ਿੰਮੇਵਾਰੀ ਦਿੱਤੀ ਗਈ ਹੈ, ਉਹ ਉਸ ਨੂੰ ਤਨਦੇਹੀ ਦੇ ਨਾਲ ਨਿਭਾਵੇਗਾ।

ਪੰਜਾਬ ਦੇ ਲੋਕ ਭਾਜਪਾ ਦੀਆਂ ਦਮਨਕਾਰੀ ਨੀਤੀਆਂ ਤੋਂ ਤੰਗ : ਚੱਠਾ

ਧੂਰੀ, (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)- ਪੰਜਾਬ ਕੰਨਟੇਨਰ ਵੇਅਰ ਹਾਊਸਿੰਗ ਕਾਰਪੋਰੇਸ਼ਨ ਦੇ ਚੇਅਰਮੈਨ ਸਤਿੰਦਰ ਸਿੰਘ ਚੱਠਾ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਪੰਜਾਬ ਵਿਰੋਧੀ ਪਾਰਟੀ ਹੈ, ਕਿਉਂਕਿ ਭਾਰਤੀ ਜਨਤਾ ਪਾਰਟੀ ਨੇ ਪੰਜਾਬ ਵਿੱਚ ਹੋਏ ਹੜ੍ਹਾਂ ਦੇ ਨੁਕਸਾਨ ਲਈ ਕੋਈ ਪੈਕਜ ਨਹੀਂ ਦਿੱਤਾ।ਇੱਥੋਂ ਤੱਕ ਕਿ ਪੰਜਾਬ ਦਾ ਹੱਕ ਜੋ ਰੂਰਲ ਡਿਵੈਲਪਮੈਂਟ ਫੰਡ ਤਕਰੀਬਨ 5700 ਕਰੋੜ ਪੰਜਾਬ ਨੂੰ ਜਾਰੀ ਨਹੀਂ ਕੀਤਾ, ਇਸ ਫੰਡ ਦੀ ਵਰਤੋਂ ਨਾਲ ਪੰਜਾਬ ਦੀਆਂ ਲਿੰਕ ਸੜਕਾਂ ਦੀ ਉਸਾਰੀ ਤੇ ਮੁਰੰਮਤ ਤੇ ਮੰਡੀਆਂ ਦੀ ਡਿਵੈਲਪਮੈਂਟ ਕੀਤੀ ਜਾਣੀ ਹੁੰਦੀ ਹੈ।ਉਨ੍ਹਾ ਕਿਹਾ ਕਿ ਖੇਤੀ ਹਾਦਸਿਆਂ ਦੌਰਾਨ ਨੁਕਸਾਨ ਹੋਣ ਕਾਰਨ ਕਿਸਾਨ ਮਜ਼ਦੂਰਾਂ ਨੂੰ ਆਰਥਿਕ ਮਦਦ ਦਿੱਤੀ ਜਾਣੀ ਹੁੰਦੀ ਹੈ।ਵੇਖਰਾ ਪੈਕੇਜ ਦੇਣ ਦੀ ਬਜਾਏ ਪੰਜਾਬੀਆਂ ਦਾ ਪੈਸਾ ਰੋਕ ਕੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਕੇਂਦਰ ਨੇ ਪੰਜਾਬ ਵਿਰੋਧੀ ਹੋਣ ਦਾ ਸਬੂਤ ਦਿੱਤਾ ਹੈ।ਇਸੇ ਤਰ੍ਹਾਂ ਹੈਲਥ ਮਿਸ਼ਨ ਤੇ ਹੋਰ ਫੰਡ, ਜੋ ਪੰਜਾਬ ਦਾ ਹੱਕ ਹੈ, ਕੇਂਦਰ ਨੇ ਤਕਰੀਬਨ 8000 ਕਰੋੜ ਤੋਂ ਵੱਧ ਦੇ ਫੰਡ ਰੋਕ ਰੱਖੇ ਹਨ।ਦੂਜੇ ਪਾਸੇ ਪੰਜਾਬ ਦੇ ਕਿਸਾਨ ਮਜ਼ਦੂਰ ਜਦੋਂ ਦਿੱਲੀ ਜਾ ਕੇ ਰੋਸ ਵਿਖਾਵਾ ਕਰਨ ਲਈ ਸੰਘਰਸ਼ ਕਰਦੇ ਹਨ ਤਾਂ ਪੰਜਾਬ ਹਰਿਆਣਾ ਦੇ ਬਾਰਡਰਾਂ 'ਤੇ ਅੱਥਰੂ ਗੈਸ ਦੇ ਗੋਲਿਆਂ, ਬੰਬਾਂ ਤੇ ਕੰਕਰੀਟ ਦੀਆਂ ਕੰਧਾਂ ਦੇ ਨਾਲ ਨਾਲ ਸੜਕਾਂ 'ਤੇ ਨੁਕੀਲੇ ਕਿੱਲ ਲਗਾ ਕੇ ਰੋਕ ਦਿੱਤਾ ਜਾਂਦਾ ਹੈ, ਜੋ ਪੰਜਾਬ ਵਿਰੋਧੀ ਹੋਣ ਦਾ ਵੱਡਾ ਸਬੂਤ ਹੈ।ਉਨ੍ਹਾ ਕਿਹਾ ਕਿ ਆਮ ਆਦਮੀ ਪਾਰਟੀ ਨੇ ਦੋ ਸਾਲਾਂ ਦੌਰਾਨ ਪੰਜਾਬ ਵਿੱਚ ਇੱਕ ਬਦਲਾਅ ਦੀ ਲਹਿਰ ਚਲਾ ਕੇ ਹਰ ਵਰਗ ਤੇ ਹਰ ਪਰਿਵਾਰ ਨੂੰ ਸਹੂਲਤਾਂ ਦੇ ਕੇ ਪੰਜਾਬ ਨੂੰ ਵਿਕਾਸ ਦੀਆਂ ਲੀਹਾਂ 'ਤੇ ਤੋਰਨਾ ਆਪ ਸਰਕਾਰ ਦੀਆਂ ਪ੍ਰਾਪਤੀਆਂ ਹਨ।ਅੱਜ ਪੰਜਾਬ ਦੇ ਲੋਕ ਭਾਰਤੀ ਜਨਤਾ ਪਾਰਟੀ ਦੀਆਂ ਦਮਨਕਾਰੀ ਨੀਤੀਆਂ ਤੋਂ ਤੰਗ ਹਨ ਤੇ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਜਿਤਾਉਣ ਲਈ ਤਤਪਰ ਹਨ।

ਏਜੀਆਈ ਕ੍ਰਿਕਟ ਲੀਗ ਟੂਰਨਾਮੈਂਟ ਭਲਕੇ

ਜਲੰਧਰ (ਰਾਜੇਸ਼ ਥਾਪਾ) ਏਜੀਆਈ ਇੰਫਰਾ ਲਿਮਟਿਡ ਦੇ ਮੈਨੇਜਿੰਗ ਡਾਇਰੈਕਟਰ ਸੁਖਦੇਵ ਸਿੰਘ ਅਨੁਸਾਰ 3 ਜਲੰਧਰ ਹਾਈਟਸ 1 ਦੇ ਟੀ-ਬਲਾਕ ਕ੍ਰਿਕਟ ਗਰਾਊਂਡ ਵਿਖੇ ਹੋਣ ਵਾਲੇ ਐਗੀ ਕ੍ਰਿਕਟ ਲੀਗ ਦੇ ਪੰਜ ਦਿਨਾਂ ਟੂਰਨਾਮੈਂਟ ਦਾ ਉਦਘਾਟਨ 3 ਅਪ੍ਰੈਲ ਨੂੰ ਹੋਵੇਗਾ ਅਤੇ ਫਾਈਨਲ 7 ਅਪ੍ਰੈਲ 2024 ਨੂੰ ਖੇਡਿਆ ਜਾਵੇਗਾ। ਮੈਚਾਂ ਦੇ ਹਰ ਦਿਨ, ਦਰਸ਼ਕਾਂ ਨੂੰ ਮੁਫਤ ਪਾਣੀ ਵਾਲੀ ਚਾਹ ਕੌਫੀ, ਮੁਫਤ ਸਨੈਕਸ ਜਿਵੇਂ ਕਿ ਪੀਜਾ, ਨਿਊਟ੍ਰੀਸ਼ਨ ਕੁਲਚਾ, ਗੋਲ ਗੱਪੇ, ਚਾਟ ਪਾਪੜੀ ਅਤੇ ਵਿਸ਼ੇਸ਼ ਅੰਮ੍ਰਿਤਸਰੀ ਕੁਲਚਾ ਆਦਿ ਪਰੋਸਿਆ ਜਾਵੇਗਾ।

ਭਾਜਪਾ ਉਮੀਦਵਾਰ ਦਿਨੇਸ਼ ਬੱਬੂ ਨੇ ਸ਼ਿਵ ਮੰਦਰ 'ਚ ਮੱਥਾ ਟੇਕਿਆ

ਕਲਾਨੌਰ, (ਮਨਦੀਪ ਕੋਹਲੀ)-ਭਾਰਤੀ ਜਨਤਾ ਪਾਰਟੀ ਵੱਲੋਂ ਗੁਰਦਾਸਪੁਰ ਦੀ ਲੋਕ ਸਭਾ ਸੀਟ ਤੋਂ ਇਸ ਵਾਰ ਫਿਲਮੀ ਸਿਤਾਰਿਆਂ ਨੂੰ ਛੱਡ ਕੇ ਲੋਕਲ ਕੈਂਡੀਡੇਟ ਦਿਨੇਸ਼ ਬੱਬੂ ਨੂੰ ਮੈਦਾਨ ਵਿੱਚ ਉਤਾਰਿਆ ਗਿਆ ਹੈ। ਦਿਨੇਸ਼ ਬੱਬੂ ਟਿਕਟ ਮਿਲਣ ਤੋਂ ਬਾਅਦ ਪਹਿਲੀ ਵਾਰ ਕਲਾਨੌਰ ਸ਼ਿਵ ਮੰਦਿਰ ਵਿੱਚ ਵਿਖੇ ਨਤਮਸਤਕ ਹੋਣ ਲਈ ਪਹੁੰਚੇ ਅਤੇ ਸ਼ਿਵ ਭੋਲੇ ਦਾ ਅਸ਼ੀਰਵਾਦ ਲਿਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਨੇ ਲੋਕਾਂ ਦੀ ਮੰਗ ਨੂੰ ਮੁੱਖ ਰੱਖਦੇ ਹੋਏ ਲੋਕਲ ਉਮੀਦਵਾਰ ਵਜੋਂ ਮੈਨੂੰ ਟਿਕਟ ਦੇ ਕੇ ਲੋਕਾਂ ਦੀ ਕਚਹਿਰੀ ਵਿੱਚ ਭੇਜਿਆ ਹੈ। ਉਨ੍ਹਾਂ ਕਿਹਾ ਕਿ ਇਲੈਕਸ਼ਨ ਜਿੱਤਣ ਤੋਂ ਬਾਅਦ ਮੈਂ ਲੋਕਲ ਉਮੀਦਵਾਰ ਹਾਂ ਅਤੇ ਆਪਣੇ ਲੋਕਾਂ ਵਿੱਚ ਹੀ ਰਹਾਂਗਾ। ਲੋਕਾਂ ਦੇ ਸਾਰੇ ਅਧੂਰੇ ਕੰਮ ਪਹਿਲ ਦੇ ਆਧਾਰ 'ਤੇ ਕਰਵਾਏ ਜਾਣਗੇ। ਉਨ੍ਹਾਂ ਨੇ ਕਿਹਾ ਕਿ ਕੇਜਰੀਵਾਲ ਭਰਿਸ਼ਟਾਚਾਰ ਦੇ ਕੇਸਾਂ ਫਸੇ ਹਨ। ਕਈ ਵਾਰ ਈਡੀ ਵੱਲੋਂ ਉਨ੍ਹਾਂ ਨੂੰ ਸੰਮਣ ਭੇਜਣ ਦੇ ਬਾਵਜੂਦ ਉਹ ਪੇਸ਼ ਨਹੀਂ ਹੋ ਰਹੇ ਸਨ। ਮੈਨੂੰ ਆਪਣੇ ਲੋਕਾਂ 'ਤੇ ਪੂਰਾ ਮਾਣ ਅਤੇ ਭਰੋਸਾ ਹੈ ਕਿ ਉਹ ਮੈਨੂੰ ਪੂਰੀ ਸ਼ਾਨ ਨਾਲ ਜਿਤਾਉਣਗੇ ਅਤੇ ਮੈਂ ਜਿੱਤ ਕੇ ਗੁਰਦਾਸਪੁਰ ਦੀ ਲੋਕ ਸਭਾ ਸੀਟ ਭਾਰਤੀ ਜਨਤਾ ਪਾਰਟੀ ਦੀ ਝੋਲੀ ਵਿੱਚ ਪਾਵਾਂਗਾ। ਇਸ ਮੌਕੇ ਕੁਲਦੀਪ ਸਿੰਘ ਕਾਹਲੋਂ, ਨਰਿੰਦਰ ਵਿੱਜ ਨੀਤੀ, ਅਸ਼ੋਕ ਕੋਹਲੀ, ਸ਼ਿਵ ਵੀਰ ਰਾਜਨ ਜ਼ਿਲਾ ਪ੍ਰਧਾਨ ਗੁਰਦਾਸਪੁਰ, ਅਸ਼ੋਕ ਸ਼ਰਮਾ, ਜਨਕ ਰਾਜ ਖੁੱਲਰ, ਵਿਨੋਦ ਸ਼ਰਮਾ, ਚਰਨਜੀਤ ਭੰਡਾਰੀ ਮੰਡਲ ਪ੍ਰਧਾਨ ਕਲਾਨੌਰ, ਸੰਜੀਵ ਠਾਕੁਰ , ਅਸ਼ਵਨੀ ਸ਼ਰਮਾ, ਸੁਭਾਸ਼ ਮਹਾਜਨ ਆਦਿ ਵੀ ਹਾਜ਼ਰ ਸਨ।

ਉਤਰ ਰੇਲਵੇ

Expression of Interest

No. NR-FZR0COML(NFR)/4/2024 **Date: 30/03/2024**

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ, ਸੀਨੀਅਰ ਮੰਡਲ ਵਾਣਿਜ ਪ੍ਰਬੰਧਕ, ਉਤਰ ਰੇਲਵੇ, ਫਿਰੋਜਪੁਰ ਮੰਡਲ, ਗੈਰ-ਮੇਲਾ ਦਿਨਾਂ ਵਿਚ ਰੇਲਵੇ ਸਟੇਸ਼ਨ ਸੁਲਤਾਨਪੁਰ ਲੋਧੀ ਵਿਚ ਮੇਲਾ ਵੇਟਿੰਗਹਾਲ ਦੇ ਸੰਚਾਲਨ, ਨਵੀਨੀਕਰਨ ਅਤੇ ਰਖਰਖਾਅ ਦੇ ਲਈ Expression of Interest ਮੰਗ ਕਰਦਾ ਹੈ। ਇਛੁਕ ਪਾਰਟੀਆਂ ਨੂੰ ਅਨੁਰੋਧ ਹੈ ਕਿ ਉਹ ਰੇਲਵੇ ਸਟੇਸ਼ਨ/ਸਥਾਨ/ ਖੇਤਰ ਦਾ ਦੌਰਾ ਕਰਕੇ ਕਮਾਈ ਸਮਰਥਾ ਤੋਂ ਪਰਿਚਿਤ ਹੋਣ ਅਤੇ ਆਪਣੇ ਵਿਚਾਰਾਂ ਨੂੰ ਵਿਸਤ੍ਰਿਤ ਪ੍ਰਸਤਾਵ ਦੇ ਨਾਲ 01/05/2024 ਤਕ ਇਸ ਦਫਤਰ ਵਿਚ ਪ੍ਰਸਤੂਤ ਕਰਨ। ਪਾਰਟੀਆਂ ਦੁਆਰਾ ਪ੍ਰਸਤੂਤ ਵਿਚਾਰਾਂ ਤੇ ਅੰਤਮ ਫੈਸਲਾ ਰੇਲਵੇ ਪ੍ਰਸ਼ਾਸਨ ਦੁਆਰਾ ਲਿਆ ਜਾਵੇਗਾ।

ਵਧੇਰੇ ਜਾਣਕਾਰੀ ਦੇ ਲਈ ਕਿਰਪਾ ਉਤਰ ਰੇਲਵੇ ਦੀ ਵੈਬਸਾਈਟ https://nr.indianrailways.gov.in 'ਤੇ ਵੇਖੋ ਜਾਂ ਸੀਨੀਅਰ ਮੰਡਲ ਵਾਣਿਜ ਪ੍ਰਬੰਧਕ, ਦਫਤਰ, ਉਤਰ ਰੇਲਵੇ, ਡੀਆਰਐਮ ਦਫਤਰ, ਫਿਰੋਜਪੁਰ ਕੈਂਟ-152001 ਦੇ ਦਫਤਰ ਵਿਚ ਦਫਤਰ ਸਮੇਂ ਦੇ ਦੌਰਾਨ ਕਿਸੇ ਵੀ ਕੰਮ ਵਾਲੇ ਦਿਓ ਵਿਚ ਸੰਪਰਕ ਕਰੋ।

ਸੀਨੀਅਰ ਮੰਡਲ ਵਾਣਿਜ ਪ੍ਰਬੰਧਕ,
ਉਤਰ ਰੇਲਵੇ, ਫਿਰੋਜਪੁਰ ਮੰਡਲ,
ਟੈਲੀਫੋਨ ਨੰਬਰ: 01632244470,
ਈ-ਮੇਲ: pamcell.fzr@gmail.com

951/2024

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

ਸ਼ਾਖਾ ਦਫ਼ਤਰ ਕਮ ਨਿਵਾਸ, 264 ਬੰਸਤ ਐਵੀਨਿਊ, ਅੰਮ੍ਰਿਤਸਰ

ਜਨਤਕ ਨੋਟਿਸ

ਆਈ. ਡੀ. ਐੱਫ. ਸੀ. ਬੈਂਕ, ਲਿਮਟਿਡ ਦੇ ਨਿਰਦੇਸ਼ਾਂ ਅਨੁਸਾਰ ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਤਰਸੇਮ ਸਿੰਘ ਪੁੱਤਰ ਜੋਗਿੰਦਰ ਸਿੰਘ ਪ੍ਰਾਪਰਟੀ ਜਿਸਦਾ ਨਿੱਜੀ ਨੰਬਰ 42, ਜਿਸ ਦੀ ਲੰਬਾਈ 34 ਫੁੱਟ, ਚੌੜਾਈ 14 ਫੁੱਟ, ਕੁੱਲ ਰਕਬਾ 46.6 ਵਰਗ ਗਜ਼, 2538 ਮਿਨ ਜਿਸ ਦਾ ਆਲਾ -ਦੁਆਲਾ ਪੂਰਬ : ਨਰਿੰਦਰ ਸਿੰਘ, ਪੱਛਮ : ਦੂਜਿਆਂ ਦੀ ਮਲਕੀਅਤ, ਉੱਤਰ : ਰਸਤਾ 16 ਫੁੱਟ ਚੌੜਾ, ਦੱਖਣ : ਦੂਜਿਆਂ ਦੀ ਮਲਕੀਅਤ, ਸੁਲਤਾਨਵਿੰਡ ਸਬ ਅਰਬਨ ਤਰਫ ਬੋਹੜੀਵਾਲ ਆਬਾਦੀ ਈਸ਼ਵਰ ਨਗਰ ਤਰਨ ਤਾਰਨ ਰੋਡ, ਤਹਿਸੀਲ ਅਤੇ ਜ਼ਿਲ੍ਹਾ ਅੰਮ੍ਰਿਤਸਰ ਦੇ ਖੇਤਰ ਵਿਚ ਸਥਿਤ ਹੈ। ਜਮ੍ਹਾਂਬੰਦੀ ਸਾਲ 2005-06, 2010-11 ਵਿਚ ਬਲਬੀਰ ਸਿੰਘ ਪੁੱਤਰ ਮੋਤਾ ਸਿੰਘ 1.16 ਮਰਲੇ ਜਾਇਦਾਦ ਦਾ ਮਾਲਕ ਹੈ। ਫਿਰ ਬਲਬੀਰ ਸਿੰਘ ਪੁੱਤਰ ਮੋਤਾ ਸਿੰਘ ਨੇ 46.6 ਵਰਗ ਗਜ਼ ਦੀ ਜਾਇਦਾਦ ਦਲਬੀਰ ਕੌਰ ਪਤਨੀ ਸੋਤੇਖ ਸਿੰਘ ਨੂੰ ਵਿਕਰੀ ਡੀਡ ਰਜਿਸਟਰ ਮਿਤੀ 04.07.2006 ਰਾਹੀਂ ਦਸਤਾਵੇਜ਼ ਨੰਬਰ 3169 ਵਜੋਂ ਵੇਚ ਦਿੱਤੀ, ਜਿਸ ਦਾ ਇੰਤਕਾਲ ਨੰਬਰ 41884 ਮਾਲ ਅਧਿਕਾਰੀਆਂ ਵੱਲੋਂ ਮਨਜ਼ੂਰ ਕੀਤਾ ਗਿਆ ਹੈ। ਦਲਬੀਰ ਕੌਰ ਪਤਨੀ ਸੋਤੇਖ ਸਿੰਘ ਦੀ ਮੌਤ ਤੋਂ ਬਾਅਦ ਮਨਜ਼ੂਰ ਕੀਤਾ ਗਿਆ ਹੈ, ਜਿਸ ਦਾ ਇੰਤਕਾਲ ਨੰਬਰ 41885 ਮਾਲ ਅਧਿਕਾਰੀਆਂ ਵੱਲੋਂ ਮਨਜ਼ੂਰ ਕੀਤਾ ਗਿਆ ਹੈ। ਫਿਰ ਬੇਅੰਤ ਕੌਰ ਪੁੱਤਰੀ ਸੋਤੇਖ ਸਿਘ ਅਤੇ ਜਸਬੀਰ ਕੌਰ ਪੁੱਤਰੀ ਸੋਤੇਖ ਸਿਘ, ਜਸਪਾਲ ਸਿਘ ਪੁੱਤਰ ਸੋਤੇਖ ਸਿਘ (3/4 ਸ਼ੇਅਰ), ਰਾਜਬੀਰ ਕੌਰ ਪੁੱਤਰੀ ਜਸਵੰਤ ਸਿੰਘ, ਗੁਰਸ਼ੇਰ ਸਿਘ ਪੁੱਤਰ ਜਸਵੰਤ ਸਿਘ, ਮਨਦੀਪ ਕੌਰ ਪੁੱਤਰੀ ਜਸਵੰਤ ਸਿਘ (1/4) ਨੇ 46.6 ਵਰਗ ਗਜ਼ ਦੀ ਜਾਇਦਾਦ ਜੋਗਿੰਦਰ ਸਿਘ ਪੁੱਤਰ ਕਰਨੈਲ ਸਿਘ ਨੂੰ 02.11.2012 ਦੀ ਵਿਕਰੀ ਡੀਡ ਰਜਿਸਟਰੇਸ਼ਨ ਰਾਹੀਂ ਦਸਤਾਵੇਜ਼ ਨੰ: 10480 ਵਜੋਂ ਵੇਚੀ, ਜਿਸ ਦਾ ਇੰਤਕਾਲ ਨੰ: 42818 ਨੂੰ ਮਾਲ ਅਧਿਕਾਰੀਆਂ ਦੁਆਰਾ ਮਨਜ਼ੂਰ ਕੀਤਾ ਗਿਆ ਹੈ, ਨੂੰ ਸਾਲ 2015-16 ਲਈ ਸਮ੍ਹੰਬੰਦੀ ਵਿਚ 1.25 ਮਰਲੇ ਦੇ ਮਾਲਕ ਵਜੋਂ ਦਰਸਾਇਆ ਗਿਆ ਹੈ। ਫਿਰ ਜੋਗਿੰਦਰ ਸਿਘ ਪੁੱਤਰ ਕਰਨੈਲ ਸਿਘ ਦੀ ਮੌਤ ਤੋਂ ਬਾਅਦ ਉਸ ਦੀ ਜਾਇਦਾਦ ਇੰਦਰਜੀਤ ਕੌਰ ਵਿਧਵਾ ਜੋਗਿੰਦਰ ਸਿਘ, ਸੁਖਜੀਤ ਕੌਰ, ਰਾਜਿੰਦਰ ਕੌਰ ਪੁੱਤਰੀਆਂ ਜੋਗਿੰਦਰ ਸਿਘ, ਦਲਜੀਤ ਸਿਘ, ਤਰਸੇਮ ਸਿਘ ਪੁੱਤਰ ਜੋਗਿੰਦਰ ਸਿਘ ਨੂੰ ਮਿਲੀ, ਜਿਸ ਦਾ ਇੰਤਕਾਲ ਨੰ: 56059 ਮਾਲ ਅਧਿਕਾਰੀਆਂ ਵੱਲੋਂ ਮਨਜ਼ੂਰੀ ਦਿੱਤੀ ਗਈ ਹੈ। ਫਿਰ ਇੰਦਰਜੀਤ ਕੌਰ ਪੁੱਤਰੀ ਜੋਗਿੰਦਰ ਸਿਘ, ਸੁਖਜੀਤ ਕੌਰ ਪੁੱਤਰੀ ਜੋਗਿੰਦਰ ਸਿਘ, ਰਣਜੀਤ ਕੌਰ ਪੁੱਤਰੀ ਜੋਗਿੰਦਰ ਸਿਘ, ਦਲਜੀਤ ਸਿਘ ਪੁੱਤਰ ਜੋਗਿੰਦਰ ਸਿਘ ਨੇ ਆਪਣਾ 4/5 ਹਿੱਸਾ ਭਾਵ 37.28 ਵਰਗ ਗਜ਼ ਦੀ ਜਾਇਦਾਦ ਤਰਸੇਮ ਸਿਘ ਪੁੱਤਰ ਜੋਗਿੰਦਰ ਸਿਘ ਨੂੰ ਤਬਦੀਲ ਕਰ ਦਿੱਤੀ। ਵਿਕਰੀ ਡੀਡ ਮਿਤੀ 21.03.2023 ਨੂੰ ਦਸਤਾਵੇਜ਼ ਨੰਬਰ 2022-23/89/1/9870 ਦੇ ਰੂਪ ਵਿਚ ਤਬਾਦਲਾ ਡੀਡ ਰੈਗੂਲੇਸ਼ਨ ਰਾਹੀਂ ਜਿਸ ਦਾ ਇੰਤਕਾਲ ਨੰਬਰ 56524 ਮਾਲ ਅਧਿਕਾਰੀਆਂ ਦੁਆਰਾ ਮਨਜ਼ੂਰ ਕੀਤਾ ਗਿਆ ਹੈ। ਇੱਥੇ ਵਰਨਣਯੋਗ ਹੈ ਕਿ ਮਾਲ ਰਿਕਾਰਡ ਵਿਚ ਜਾਇਦਾਦ 0.5 ਮਰਲੇ ਦੀ ਹੋਰ ਤੱਕ ਘੱਟ ਹੈ। ਇਹ ਤਸਦੀਕ ਕੀਤਾ ਜਾਂਦਾ ਹੈ ਕਿ ਦਲਬੀਰ ਕੌਰ ਅਤੇ ਸੋਤੇਖ ਸਿਘ ਦੀ ਮੌਤ ਤੋਂ ਬਾਅਦ ਉਸ ਦੀ ਜਾਇਦਾਦ ਬੇਅੰਤ ਕੌਰ, ਜਸਬੀਰ ਕੌਰ ਪੁੱਤਰੀਆਂ ਸੋਤੇਖ ਸਿਘ, ਜਸਪਾਲ ਸਿਘ ਪੁੱਤਰ ਸੋਤੇਖ ਸਿਘ (3/4 ਹਿੱਸਾ) ਅਤੇ ਜਸਵੰਤ ਸਿਘ ਪੁੱਤਰੀ ਰਾਜਬੀਰ ਕੌਰ ਨੂੰ ਵਿਰਾਸਤ ਵਿਚ ਮਿਲੀ, ਗੁਰਸ਼ੇਰ ਸਿਘ ਪੁੱਤਰ ਜਸਵੰਤ ਸਿਘ, ਮਨਦੀਪ ਕੌਰ ਪੁੱਤਰੀ ਜਸਵੰਤ ਸਿਘ (1/4 ਸ਼ੇਅਰ)। ਇਹ ਤਸਦੀਕ ਕੀਤਾ ਜਾਂਦਾ ਹੈ ਕਿ ਉਪਰੋਕਤ ਦੱਸੇ ਗਏ ਕਾਨੂੰਨੀ ਵਾਰਸਾਂ ਤੋਂ ਇਲਾਵਾ ਦਲਬੀਰ ਕੌਰ ਅਤੇ ਸੋਤੇਖ ਸਿਘ ਦਾ ਕੋਈ ਹੋਰ ਕਾਨੂੰਨੀ ਵਾਰਸ ਨਹੀਂ ਹੈ। ਇਹ ਹੋਰ ਤਸਦੀਕ ਕੀਤਾ ਜਾਂਦਾ ਹੈ ਕਿ ਜੋਗਿੰਦਰ ਸਿਘ ਪੁੱਤਰ ਕਰਨੈਲ ਸਿਘ ਦੀ ਮੌਤ ਤੋਂ ਬਾਅਦ ਉਸ ਦੀ ਜਾਇਦਾਦ ਇੰਦਰਜੀਤ ਕੌਰ ਵਿਧਵਾ ਜੋਗਿੰਦਰ ਸਿਘ, ਸੁਖਜੀਤ ਕੌਰ, ਰਾਜਿੰਦਰ ਕੌਰ ਪੁੱਤਰੀਆਂ ਜੋਗਿੰਦਰ ਸਿਘ, ਦਲਜੀਤ ਸਿਘ, ਤਰਸੇਮ ਸਿਘ ਪੁੱਤਰ ਜੋਗਿੰਦਰ ਸਿਘ ਨੂੰ ਵਿਰਾਸਤ ਵਿਚ ਮਿਲੀ ਹੈ। ਇਹ ਹੋਰ ਤਸਦੀਕ ਕੀਤਾ ਜਾਂਦਾ ਹੈ ਕਿ ਉਪਰੋਕਤ ਦੱਸੇ ਗਏ ਕਾਨੂੰਨੀ ਵਾਰਸਾਂ ਤੋਂ ਇਲਾਵਾ ਜੋਗਿੰਦਰ ਸਿਘ ਪੁੱਤਰ ਕਰਨੈਲ ਸਿਘ ਦਾ ਕੋਈ ਹ

2-APRIL-PAGE-7.qxd 4/1/2024 10:37 PM Page 1

ਪਰਚਾ ਦਰਜ, ਪਰ ਪੁਲਸ ਨਹੀਂ ਕਰ ਰਹੀ ਗ੍ਰਿਫ਼ਤਾਰ, ਵਿਰੋਧ ਜਾਰੀ

ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)

ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੀ ਮੀਟਿੰਗ ਬਲਾਕ ਪ੍ਰਧਾਨ ਰਣਜੀਤ ਸਿੰਘ ਲੌਂਗੋਵਾਲ ਦੀ ਅਗਵਾਈ ਵਿੱਚ ਮਸਤੁਆਣਾ ਸਾਹਿਬ ਗੁਰੂ ਘਰ ਵਿੱਚ ਕੀਤੀ ਗਈ, ਜਿਸ ਵਿੱਚ ਪਿੰਡ ਜੱਲੀਆਂ ਅਵਤਾਰ ਸਿੰਘ ਜ਼ਮੀਨ ਦਾ ਭੌਅ ਮਾਫੀਆ ਬਲਜਿੰਦਰ ਸਿੰਘ ਧੋਖਾਧੜੀ ਨਾਲ ਅਵਤਾਰ ਸਿੰਘ ਦੀ ਜ਼ਮੀਨ ਨੂੰ ਹੜੱਪ ਕਰ ਰਿਹਾ ਸੀ, ਉਸ ਦੇ ਸਬੰਧ ਵਿੱਚ ਅਵਤਾਰ ਸਿੰਘ ਨੂੰ ਧਮਕੀਆਂ ਦਿੰਦਾ ਸੀ।

ਅਵਤਾਰ ਸਿੰਘ ਦੀ ਮੌਤ ਹੋ ਗਈ, ਜਿਸ ਦੇ ਸਬੰਧ ਵਿੱਚ ਅਵਤਾਰ ਸਿੰਘ ਦੇ ਬੇਟੇ ਦੇ ਬਿਆਨਾਂ ਦੇ ਆਧਾਰ 'ਤੇ ਪਰਚਾ ਹੋਇਆ ਹੈ। ਪਰਚਾ ਹੋਣ ਦੇ ਬਾਵਜੂਦ ਪੁਲਸ ਬਲਜਿੰਦਰ ਸਿੰਘ ਦੀ ਗ੍ਰਿਫ਼ਤਾਰੀ ਤੋਂ ਟਾਲਾ ਵੱਟ ਰਹੀ ਹੈ। ਇਸ ਲਈ ਥਾਣੇ ਭਵਾਨੀਗੜ੍ਹ ਦਾ ਪੱਕਾ ਘਿਰਾਓ ਕੀਤਾ ਹੋਇਆ ਹੈ। ਇਸ ਦੇ ਨਾਲ ਜਹਾਂਗੀਰ ਦੀ ਜ਼ਮੀਨ ਦਾ ਮਸਲਾ ਭੈਣ ਕਿਰਨਜੀਤ ਕੌਰ ਦੀ ਜ਼ਮੀਨ ਨੂੰ ਗੁਰਚਰਨ ਸਿੰਘ ਠੇਕੇਦਾਰ ਨਜਾਇਜ਼ ਤੌਰ 'ਤੇ ਹੜੱਪਣਾ ਚਾਹੁੰਦਾ ਹੈ, ਜਿਸ ਦਾ ਪੁਲਸ ਪ੍ਰਸ਼ਾਸਨ ਤੇ ਸਿਵਲ ਪ੍ਰਸ਼ਾਸਨ ਸਾਥ ਦੇ ਰਿਹਾ ਹੈ। ਉਸ ਦੇ ਵਿਰੋਧ ਵਿੱਚ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਉਸ ਦਾ ਵਿਰੋਧ ਕੀਤਾ ਜਾ ਰਿਹਾ ਹੈ।

ਮੀਟਿੰਗ ਵਿੱਚ ਫੈਸਲਾ ਕੀਤਾ ਗਿਆ ਕਿ ਪੱਕੇ ਤੌਰ 'ਤੇ ਸਾਰੇ ਪਿੰਡ ਟਰੈਕਟਰ ਟਰਾਲੀਆਂ ਲੈ ਕੇ ਪੱਕਾ ਮੋਰਚਾ ਵਿੱਚ ਹਾਜ਼ਰੀ ਲਵਾਉਣਗੇ। ਦਿਨ-ਰਾਤ ਦੀ ਮੀਟਿੰਗ ਦੇ ਵਿੱਚ ਬਲਾਕ ਆਗੂ ਸਾਰੇ ਹਾਜ਼ਰ ਹੋਏ। ਜਨਰਲ ਸਕੱਤਰ ਜਗਤਾਰ ਸਿੰਘ ਲੱਡੀ, ਖ਼ਜ਼ਾਨਚੀ ਕਰਮਜੀਤ ਮੰਗਵਾਲ, ਬੂਟਾ ਲੌਂਗੋਵਾਲ, ਕਰਮਜੀਤ ਸੰਗਰੂਰ, ਚਮਕੌਰ ਲੱਡੀ, ਪ੍ਰਿਤਪਾਲ ਚੱਠੇ, ਸੁਖਦੇਵ ਸਿੰਘ ਛੰਨਾ, ਹਾਕਮ ਸਿੰਘ ਖੇੜੀ ਤੇ ਹੋਰ ਪਿੰਡਾਂ ਦੇ ਵਿੱਚੋਂ ਬਾਕੀ ਅਹੁਦੇਦਾਰ ਪ੍ਰਧਾਨ ਸਕੱਤਰ ਹਾਜ਼ਰ ਹੋਏ ।

ਸੀ ਵਿਜ਼ਲ ਐਪ ਰਾਹੀਂ ਆਈਆਂ 12 ਸ਼ਿਕਾਇਤਾਂ ਦਾ ਸੌ ਮਿੰਟ 'ਚ ਕੀਤਾ ਨਿਪਟਾਰਾ

ਫਾਜ਼ਿਲਕਾ (ਨਿਸ਼ਾ ਸ਼ਰਮਾ)-ਫਾਜ਼ਿਲਕਾ ਜ਼ਿਲ੍ਹੇ ਦੇ ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਡਾ. ਸੇਨੂ ਦੁੱਗਲ ਨੇ ਦੱਸਿਆ ਕਿ ਆਦਰਸ਼ ਚੋਣ ਜਾਬਤਾ ਲਾਗੂ ਕਰਨ ਹਿੱਤ ਚੋਣ ਕਮਿਸ਼ਨ ਵੱਲੋਂ ਬਣਾਈ ਸੀ ਵਿਜ਼ਲ ਮੋਬਾਈਲ ਐਪ ਰਾਹੀਂ ਆਦਰਸ਼ ਚੋਣ ਜਾਬਤੇ ਦੀ ਉਲੰਘਣਾ ਸਬੰਧੀ ਜ਼ਿਲ੍ਹੇ ਵਿੱਚ ਹੁਣ ਤੱਕ 12 ਸ਼ਿਕਾਇਤਾਂ ਪ੍ਰਾਪਤ ਹੋਈਆਂ ਹਨ।ਉਨ੍ਹਾਂ ਦੱਸਿਆ ਕਿ ਸਾਰੀਆਂ ਸ਼ਿਕਾਇਤਾਂ ਦਾ ਨਿਪਟਾਰਾ ਨਿਰਧਾਰਤ ਸਮਾਂ ਹੱਦ ਭਾਵ ਹਰੇਕ ਸ਼ਿਕਾਇਤ ਦਾ ਨਿਪਟਾਰਾ 100 ਮਿੰਟ ਦੇ ਅੰਦਰ ਅੰਦਰ ਕਰ ਦਿੱਤਾ ਗਿਆ। ਜ਼ਿਲ੍ਹਾ ਚੋਣ ਅਫਸਰ-ਕਮ-ਡਿਪਟੀ ਕਮਿਸ਼ਨਰ ਡਾ. ਸੇਨੂ ਦੁੱਗਲ ਨੇ ਦੱਸਿਆ ਕਿ ਕੋਈ ਵੀ ਨਾਗਰਿਕ ਸੀ ਵਿਜ਼ਲ ਮੋਬਾਈਲ ਐਪ ਰਾਹੀਂ ਆਦਰਸ਼ ਚੋਣ ਜਾਬਤੇ ਦੀ ਉਲੰਘਣਾ ਸਬੰਧੀ ਸ਼ਿਕਾਇਤ ਕਰ ਸਕਦਾ ਹੈ।ਉਨ੍ਹਾਂ ਦੱਸਿਆ ਕਿ ਸੀ ਵਿਜ਼ਲ ਐਪ ਰਾਹੀਂ ਸ਼ਿਕਾਇਤ ਕਰਦੇ ਸਮੇਂ ਨਾਗਰਿਕ ਆਪਣੀ ਪਹਿਚਾਣ ਨੂੰ ਗੁਪਤ ਵੀ ਰੱਖ ਸਕਦਾ ਹੈ, ਪਰ ਜੇਕਰ ਉਹ ਆਪਣੀ ਪਹਿਚਾਣ ਗੁਪਤ ਰੱਖੇਗਾ ਤਾਂ ਆਪਣੀ ਸ਼ਿਕਾਇਤ ਨੂੰ ਟਰੈਕ ਨਹੀਂ ਕਰ ਪਾਏਗਾ ਅਤੇ ਜੇਕਰ ਉਹ ਆਪਣੀ ਪਹਿਚਾਣ ਪ੍ਰਗਟ ਕਰਦਾ ਹੈ ਤਾਂ ਉਹ ਸ਼ਿਕਾਇਤ ਨੂੰ ਟਰੈਕ ਕਰ ਸਕਦਾ ਹੈ।ਭਾਵ ਜਾਣ ਸਕਦਾ ਹੈ ਕਿ ਉਸ ਦੀ ਸ਼ਿਕਾਇਤ 'ਤੇ ਕੀ ਕਾਰਵਾਈ ਹੋਈ।

ਉਨ੍ਹਾ ਕਿਹਾ ਕਿ ਇਸ ਐਪ ਰਾਹੀਂ ਨਾਗਰਿਕ ਆਦਰਸ਼ ਚੋਣ ਜਾਬਤੇ ਦੀ ਉਲੰਘਣਾ ਸਬੰਧੀ ਜਿਵੇਂ ਕਿਸੇ ਸਰਕਾਰੀ ਇਮਾਰਤ 'ਤੇ ਸਿਆਸੀ ਇਸ਼ਤਿਹਾਰਬਾਜ਼ੀ, ਕਿਸੇ ਨਿੱਜੀ ਸੰਪੱਤੀ 'ਤੇ ਬਿਨਾਂ ਪ੍ਰਵਾਨਗੀ ਇਸ਼ਤਿਹਾਰਬਾਜ਼ੀ, ਪੇਡ ਨਿਊਜ਼, ਨਸ਼ੇ ਵੰਡਣ, ਵੋਟਰਾਂ ਨੂੰ ਪ੍ਰਭਾਵਿਤ ਕਰਨ ਲਈ ਪੈਸੇ ਦੀ ਵੰਡ, ਨਫ਼ਰਤੀ ਭਾਸ਼ਣ ਆਦਿ ਵਰਗੀਆਂ ਉਲੰਘਣਾਵਾਂ ਦੀ ਸ਼ਿਕਾਇਤ ਦਰਜ ਕਰਾ ਸਕਦੇ ਹਨ।ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਜੇਕਰ ਉਨ੍ਹਾਂ ਦੇ ਆਸ-ਪਾਸ ਕਿਤੇ ਵੀ ਆਦਰਸ਼ ਚੋਣ ਜਾਬਤੇ ਦੀ ਉਲੰਘਣਾ ਹੋ ਰਹੀ ਹੋਵੇ ਤਾਂ ਉਹ ਬੇਝਿਜਕ ਸੀ ਵਿਜ਼ਲ ਐਪ ਰਾਹੀਂ ਆਪਣੀ ਸ਼ਿਕਾਇਤ ਦਰਜ ਕਰਵਾਉਣ।ਇਸ ਐਪ ਰਾਹੀਂ ਪ੍ਰਾਪਤ ਹੋਣ ਵਾਲੀ ਸ਼ਿਕਾਇਤ ਦਾ ਹੱਲ 100 ਮਿੰਟ ਦੇ ਅੰਦਰ ਅੰਦਰ ਕੀਤਾ ਜਾਂਦਾ ਹੈ।

ਸਰਕਾਰ ਜਬਰ ਦੇ ਜ਼ੋਰ ਸੰਘਰਸ਼ਾਂ ਨੂੰ ਕੁਚਲਣ ਦੀ ਥਾਂ ਮੰਗਾਂ ਪ੍ਰਵਾਨ ਕਰੇ : ਮੋਰਚਾ ਆਗੂ

■ ਠੇਕਾ ਮੁਲਾਜ਼ਮ ਹਰ ਕਿਸਮ ਦੇ ਜਬਰ ਦਾ ਟਾਕਰਾ ਕਰਨ ਲਈ ਤਿਆਰ

ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)

ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ ਦੇ ਸੂਬਾਈ ਆਗੂਆਂ ਵਰਿੰਦਰ ਸਿੰਘ ਮੋਮੀ, ਪਵਨਦੀਪ ਸਿੰਘ, ਬਲਿਹਾਰ ਸਿੰਘ ਕਟਾਰੀਆ, ਜਗਰੂਪ ਸਿੰਘ ਲਹਿਰਾ, ਗੁਰਵਿੰਦਰ ਸਿੰਘ ਪੰਨੂੰ, ਸ਼ੇਰ ਸਿੰਘ ਖੰਨਾ, ਸਿਮਰਨਜੀਤ ਸਿੰਘ ਨੀਲੋਂ, ਜਸਪ੍ਰੀਤ ਸਿੰਘ ਗਗਨ ਤੇ ਸੁਰਿੰਦਰ ਕੁਮਾਰ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਗੱਲਬਾਤ ਰਾਹੀਂ ਮੰਗਾਂ ਪ੍ਰਵਾਨ ਕਰਨ ਦੀ ਥਾਂ ਜਬਰ ਦੇ ਜ਼ੋਰ ਸੰਘਰਸ਼ਾਂ ਨੂੰ ਕੁਚਲਣ ਦੇ ਰਾਹ ਪਈ ਹੋਈ ਹੈ। ਭਰੋਸੇਯੋਗ ਸੂਤਰਾਂ ਅਨੁਸਾਰ ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ ਦੇ ਸੂਬਾਈ ਆਗੂਆਂ ਨੂੰ ਚੋਣਾਂ ਤੱਕ ਗੈਰ-ਜ਼ਮਾਨਤੀ ਵਾਰੰਟ ਦੇ ਅਧਾਰ 'ਤੇ ਜੇਲ੍ਹਾਂ ਵਿੱਚ ਬੰਦ ਕਰਨ ਦੀਆਂ ਧਮਕੀਆਂ ਦਿੱਤੀਆਂ ਜਾ ਰਹੀਆਂ ਹਨ, ਜਦਕਿ ਹਕੀਕਤ ਇਹ ਹੈ ਕਿ ਪੰਜਾਬ ਸਰਕਾਰ ਵੱਲੋਂ ਆਪਣੇ ਦੋ ਸਾਲਾਂ ਦੇ ਕਾਰਜਕਾਲ ਵਿੱਚ ਸੰਘਰਸ਼ ਮੋਰਚੇ ਦੀ ਲੀਡਰਸ਼ਿਪ ਨੂੰ 20 ਵਾਰ ਮੀਟਿੰਗ ਕਰਨ ਦੇ ਲਿਖ਼ਤੀ ਭਰੋਸੇ ਦੇ ਕੇ ਮੀਟਿੰਗ ਕਰਨ ਤੋਂ ਇਨਕਾਰ ਕੀਤਾ ਗਿਆ। ਹੁਣ ਜਦੋਂ ਮੁੱਖ ਮੰਤਰੀ ਸਮੇਤ ਮੰਤਰੀਆਂ ਤੇ ਵਿਧਾਇਕਾਂ ਵੱਲੋਂ ਪਿੰਡਾਂ-ਸ਼ਹਿਰਾਂ ਵਿੱਚ ਚੋਣ ਪ੍ਰਚਾਰ ਮੌਕੇ ਇਨ੍ਹਾਂ ਧੱਕੇਸ਼ਾਹੀਆਂ ਦੇ ਜਵਾਬ ਦੇਣ ਦੇ ਡਰੋਂ ਮੋਰਚੇ ਦੇ ਸੂਬਾਈ ਆਗੂਆਂ ਨੂੰ ਜੇਲ੍ਹਾਂ ਵਿੱਚ ਬੰਦ ਕਰਕੇ ਉਨ੍ਹਾਂ ਦੀ ਅਵਾਜ਼ ਨੂੰ ਬੰਦ ਕਰਨ ਦਾ ਭਰਮ

ਪਾਲ਼ਿਆ ਜਾ ਰਿਹਾ ਹੈ। ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ (ਪੰਜਾਬ) ਸੂਬਾ ਸਰਕਾਰ ਦੀਆਂ ਇਨ੍ਹਾਂ ਗੈਰ-ਜਮਹੂਰੀਅਤ ਧੱਕੜ ਤੇ ਜਾਬਰ ਕਰਵਾਈਆਂ ਦੀ ਜ਼ੋਰਦਾਰ ਨਿਖੇਧੀ ਕਰਦਾ ਹੈ ਅਤੇ ਪੰਜਾਬ ਸਰਕਾਰ ਨੂੰ ਸੁਣਾਉਣੀ ਕਰਦਾ ਹੈ ਕਿ ਜੇਕਰ ਸਰਕਾਰ ਵੱਲੋਂ ਸੰਘਰਸ਼ਾਂ ਨੂੰ ਕੁਚਲਣ ਦੀਆਂ ਘਿਨਾਉਣੀਆਂ ਕਾਰਵਾਈਆਂ ਬੰਦ ਨਾ ਕੀਤੀਆਂ ਗਈਆਂ ਤਾਂ ਠੇਕਾ ਮੁਲਾਜ਼ਮ ਸੰਘਰਸ਼ ਨੂੰ ਹੋਰ ਤਿੱਖਾ ਤੇ ਪ੍ਰਚੰਡ ਕਰਨ ਲਈ ਮਜਬੂਰ ਹੋਣਗੇ। ਆਗੂਆਂ ਨੇ ਸਮੂਹ ਸਰਕਾਰੀ ਵਿਭਾਗਾਂ ਦੇ ਠੇਕਾ ਤੇ ਰੈਗੂਲਰ ਮੁਲਾਜ਼ਮਾਂ, ਕਿਸਾਨਾਂ-ਮਜ਼ਦੂਰਾਂ ਤੇ ਸੰਘਰਸ਼ਸ਼ੀਲ ਤਬਕਿਆਂ ਨੂੰ ਜ਼ੋਰਦਾਰ ਅਪੀਲ ਕੀਤੀ ਕਿ ਉਹ ਪੰਜਾਬ ਸਰਕਾਰ ਦੇ ਸੰਘਰਸ਼ਾਂ ਨੂੰ ਕੁਚਲਣ ਦੇ ਜਾਬਰ ਕਦਮਾਂ ਦੀ ਜ਼ੋਰਦਾਰ ਨਿਖੇਧੀ ਕਰਨ ਤੇ ਪੰਜਾਬ ਵਿੱਚ ਜਿੱਥੇ ਵੀ ਪੰਜਾਬ ਸਰਕਾਰ ਵੱਲੋਂ ਆਗੂਆਂ ਨੂੰ ਨਿਸ਼ਾਨਾ ਬਣਾਉਣ ਦੀ ਕੋਸ਼ਿਸ਼ ਕੀਤੀ ਜਾਵੇ ਤਾਂ ਉਹ ਹੋਰ ਸਾਰੇ ਕੰਮ-ਕਾਰ ਛੱਡ ਕੇ ਜਬਰ ਵਿਰੁੱਧ ਸੰਘਰਸ਼ ਦੇ ਰਾਹ 'ਤੇ ਆਉਣ।

ਆਗੂਆਂ ਨੇ ਠੇਕਾ ਮੁਲਾਜ਼ਮਾਂ ਨੂੰ ਵੀ ਜ਼ੋਰਦਾਰ ਅਪੀਲ ਕੀਤੀ ਕਿ ਉਹ ਸਰਕਾਰ ਦੀਆਂ ਇਨ੍ਹਾਂ ਗਿੱਦੜ ਧਮਕੀਆਂ ਦਾ ਇੱਕ-ਜੁੱਟ ਹੋ ਕੇ ਟਾਕਰਾ ਕਰਨ, ਮੁੱਖ ਮੰਤਰੀ ਤੇ ਕੈਬਿਨਟ ਮੰਤਰੀਆਂ ਦਾ ਜ਼ੋਰਦਾਰ ਤਰੀਕੇ ਨਾਲ ਵਿਰੋਧ ਕਰਨ ਅਤੇ ਜਿੱਥੇ ਵੀ ਲੀਡਰ ਵੋਟਾਂ ਮੰਗਣ ਆਉਣ ਉਨ੍ਹਾਂ ਨੂੰ ਸਵਾਲ ਕੀਤੇ ਜਾਣ।

ਕਾਤਰਾਂ

ਅਸਲਾਧਾਰਕ ਤੁਰੰਤ ਹਥਿਆਰ ਜਮ੍ਹਾਂ ਕਰਵਾਉਣ : ਡਾ. ਦੁੱਗਲ

ਫਾਜ਼ਿਲਕਾ (ਨਿਸ਼ਾ ਸ਼ਰਮਾ)-ਫਾਜ਼ਿਲਕਾ ਦੇ ਜ਼ਿਲ੍ਹਾ ਮੈਜਿਸਟਰੇਟ ਡਾ. ਸੇਨੂ ਦੁੱਗਲ ਨੇ ਦੱਸਿਆ ਕਿ ਫਾਜ਼ਿਲਕਾ ਜ਼ਿਲ੍ਹੇ ਵਿੱਚ ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਅਸਲਾਧਾਰਕਾਂ ਨੂੰ ਹਥਿਆਰ ਜਮ੍ਹਾਂ ਕਰਾਉਣ ਬਾਬਤ ਧਾਰਾ 144 ਤਹਿਤ ਹੁਕਮ ਜਾਰੀ ਕੀਤੇ ਗਏ ਹਨ।ਉਨ੍ਹਾ ਕਿਹਾ ਕਿ ਇਨ੍ਹਾਂ ਹੁਕਮਾਂ ਅਨੁਸਾਰ ਅਸਲਾ ਧਾਰਕਾਂ ਲਈ ਲਾਜ਼ਮੀ ਹੈ ਕਿ ਉਹ ਆਪਣੇ ਹਥਿਆਰ ਨੇੜੇ ਦੇ ਪੁਲਸ ਥਾਣੇ ਜਾਂ ਮਨਜ਼ੂਰ-ਸ਼ੁਦਾ ਅਸਲਾ ਡੀਲਰ ਕੋਲ ਜਮ੍ਹਾਂ ਕਰਵਾਉਣ।ਉਨ੍ਹਾ ਆਖਿਆ ਕਿ ਹੁਣ ਤੱਕ ਜ਼ਿਲ੍ਹੇ ਵਿੱਚ 3587 ਹਥਿਆਰ ਜਮ੍ਹਾਂ ਹੋ ਚੁੱਕੇ ਹਨ, ਜਦਕਿ ਜ਼ਿਲ੍ਹੇ ਵਿੱਚ ਕੁੱਲ 14411 ਹਥਿਆਰ ਹਨ। ਜ਼ਿਲ੍ਹਾ ਮੈਜਿਸਟਰੇਟ ਨੇ ਅਪੀਲ ਕੀਤੀ ਕਿ ਜਿਨ੍ਹਾਂ ਲੋਕਾਂ ਨੇ ਹਾਲੇ ਤੱਕ ਹਥਿਆਰ ਜਮ੍ਹਾਂ ਨਹੀਂ ਕਰਵਾਏ, ਉਹ ਤੁਰੰਤ ਆਪਣੇ ਨੇੜੇ ਦੇ ਥਾਣੇ ਵਿਖੇ ਇਹ ਹਥਿਆਰ ਜਮ੍ਹਾਂ ਕਰਵਾ ਦੇਣ, ਨਹੀਂ ਤਾਂ ਉਨ੍ਹਾਂ ਖਿਲਾਫ ਸਖਤ ਕਾਰਵਾਈ ਕੀਤੀ ਜਾਵੇਗੀ।

ਨਜਾਇਜ਼ ਸ਼ਰਾਬ ਬਰਾਮਦਗੀ ਦੇ ਵੱਖ-ਵੱਖ ਕੇਸਾਂ 'ਚ ਸੱਤ ਵਿਅਕਤੀ ਨਾਮਜ਼ਦ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਜ਼ਿਲ੍ਹੇ ਦੇ ਵੱਖ-ਵੱਖ ਥਾਣਿਆਂ ਦੀ ਪੁਲਸ ਵੱਲੋਂ ਸ਼ਰਾਬ ਬਰਾਮਦਗੀ ਦੇ ਵੱਖ-ਵੱਖ ਮਾਮਲਿਆਂ 'ਚ ਸੱਤ ਵਿਅਕਤੀਆਂ ਵਿਰੁੱਧ ਅ/ਧ 61/1/14 ਆਬਕਾਰੀ ਐਕਟ ਤਹਿਤ ਕੇਸ ਦਰਜ ਕੀਤੇ ਜਾਣ ਦਾ ਸਮਾਚਾਰ ਹੈ। ਥਾਣਾ ਖਮਾਣੋਂ ਦੀ ਇੱਕ ਪੁਲਸ ਪਾਰਟੀ ਵੱਲੋਂ ਕੁਲਵੀਰ ਸਿੰਘ ਵਾਸੀ ਪਿੰਡ ਮਨੈਲਾ ਦੇ ਕਬਜ਼ੇ 'ਚੋਂ 12 ਬੋਤਲਾਂ ਡੌਲਰ ਰੰਮ ਸ਼ਰਾਬ, ਸੰਘੋਲ ਚੌਂਕੀ ਦੀ ਇੱਕ ਪੁਲਸ ਪਾਰਟੀ ਵੱਲੋਂ ਮੀਤ ਗਿੱਲ ਵਾਸੀ ਪਿੰਡ ਸਿੱਧੂਪੁਰ ਕਲਾਂ ਦੇ ਕਬਜ਼ੇ 'ਚੋਂ ਚੰਡੀਗੜ੍ਹ 'ਚ ਵਿਕਣਯੋਗ ਸ਼ਰਾਬ ਦੇ 72 ਪਊਏ, ਥਾਣਾ ਖੇੜੀ ਨੌਧ ਸਿੰਘ ਦੀ ਇੱਕ ਪੁਲਸ ਪਾਰਟੀ ਵੱਲੋਂ ਲਖਵੀਰ ਸਿੰਘ ਉਰਫ਼ ਲੱਖੀ ਵਾਸੀ ਪਿੰਡ ਪੰਜਰੁੱਖਾ (ਲੁਧਿਆਣਾ) ਦੇ ਕਬਜ਼ੇ 'ਚੋਂ ਆਲ ਸੀਜ਼ਨ ਮਾਰਕਾ ਅੰਗਰੇਜ਼ੀ ਸ਼ਰਾਬ ਦੀਆਂ 12 ਬੋਤਲਾਂ, ਥਾਣਾ ਖਮਾਣੋਂ ਦੀ ਇੱਕ ਪੁਲਸ ਪਾਰਟੀ ਵੱਲੋਂ ਸੁਰਿੰਦਰ ਸਿੰਘ ਵਾਸੀ ਪਿੰਡ ਮੱਲਮਾਜਰਾ ਦੇ ਕਬਜ਼ੇ 'ਚੋਂ ਬਿੰਨੀ ਰਸਭਰੀ ਸ਼ਰਾਬ ਦੇ 24 ਅਧੀਏ, ਥਾਣਾ ਖੇੜੀ ਨੌਧ ਸਿੰਘ ਦੀ ਇੱਕ ਪੁਲਸ ਪਾਰਟੀ ਵੱਲੋਂ ਮੋਟਰਸਾਈਕਲ 'ਤੇ ਪੇਟੀ ਰੱਖੀ ਜਾ ਰਹੇ ਰਾਜੂ ਸਾਹਨੀ ਅਤੇ ਰਵਿੰਦਰ ਮਹਾਤੋ ਵਾਸੀਆਨ ਬਿਹਾਰ ਨੂੰ ਕਾਬੂ ਕਰਕੇ ਉਨ੍ਹਾਂ ਦੇ ਕਬਜ਼ੇ 'ਚੋਂ ਰਾਇਲ ਸਟੈਗ ਮਾਰਕਾ ਸ਼ਰਾਬ ਦੀਆਂ 12 ਬੋਤਲਾਂ ਅਤੇ ਥਾਣਾ ਖਮਾਣੋਂ ਦੀ ਇੱਕ ਪੁਲਸ ਪਾਰਟੀ ਵੱਲੋਂ ਦਰਬਾਰਾ ਸਿੰਘ ਵਾਸੀ ਪਿੰਡ ਕਾਲੇਵਾਲ ਦੇ ਕਬਜ਼ੇ 'ਚੋਂ ਗ੍ਰੈਂਡ ਅਫੇਅਰ ਮਾਰਕਾ ਸ਼ਰਾਬ ਦੀਆਂ 9 ਬੋਤਲਾਂ ਬਰਾਮਦ ਕੀਤੇ ਜਾਣ ਦੀ ਸੂਚਨਾ ਹੈ।

ਪੁਲਸ ਨੇ ਆਤਮ ਹੱਤਿਆ ਕਰਨ ਜਾ ਰਹੀ ਮਹਿਲਾ ਦੀ ਬਚਾਈ ਜਾਨ

ਫਾਜ਼ਿਲਕਾ (ਨਿਸ਼ਾ ਸ਼ਰਮਾ)-ਫਾਜ਼ਿਲਕਾ ਜ਼ਿਲ੍ਹਾ ਪੁਲਸ ਨੇ ਤੇਜ਼ੀ ਨਾਲ ਕਾਰਵਾਈ ਕਰਦੇ ਹੋਏ ਇੱਕ ਮਹਿਲਾ ਦੀ ਜਾਨ ਬਚਾਈ ਹੈ, ਜੋ ਆਤਮ ਹੱਤਿਆ ਕਰਨ ਲਈ ਨਹਿਰ ਵੱਲ ਜਾ ਰਹੀ ਸੀ।ਜ਼ਿਲ੍ਹੇ ਦੇ ਐੱਸ ਐੱਸ ਪੀ ਡਾ. ਪ੍ਰਿਗਿਆ ਜੈਨ ਨੇ ਜਾਣਕਾਰੀ ਦਿੱਤੀ ਕਿ ਪੁਲਸ ਕੰਟਰੋਲ ਰੂਮ ਦੇ ਫੋਨ ਨੰਬਰ 112 'ਤੇ ਸੂਚਨਾ ਮਿਲੀ ਸੀ ਕਿ ਇੱਕ ਔਰਤ ਨਹਿਰ ਵਿੱਚ ਛਾਲ ਮਾਰ ਕੇ ਆਤਮਹੱਤਿਆ ਕਰਨ ਦੀ ਕੋਸ਼ਿਸ਼ ਕਰ ਰਹੀ ਹੈ।ਇਸ ਸਬੰਧੀ ਸੜਕ ਸੁਰੱਖਿਆ ਫੋਰਸ ਨੂੰ ਵੀ ਕਿਸੇ ਰਾਹਗੀਰ ਤੋਂ ਸੂਚਨਾ ਮਿਲੀ, ਜਿਸ ਤੋਂ ਬਾਅਦ ਥਾਣਾ ਅਰਨੀਵਾਲਾ ਦੀ ਪੁਲਸ ਤੇ ਸੜਕ ਸੁਰੱਖਿਆ ਫੋਰਸ ਦੀ ਟੀਮ ਨੇ ਟੈਕਨੀਕਲ ਸੈੱਲ ਤੋਂ ਉਕਤ ਔਰਤ ਦੀ ਸਹੀ ਲੋਕੇਸ਼ਨ ਤਕਨੀਕੀ ਤਰੀਕੇ ਨਾਲ ਹਾਸਲ ਕਰਕੇ ਤੇਜ਼ੀ ਨਾਲ ਉਸ ਸਥਾਨ 'ਤੇ ਪਹੁੰਚ ਕੇ ਉਕਤ ਮਹਿਲਾ ਦੀ ਜਾਨ ਬਚਾਈ ਤੇ ਉਸ ਨੂੰ ਥਾਣਾ ਅਰਨੀਵਾਲਾ ਦੇ ਹਵਾਲੇ ਕੀਤਾ ਗਿਆ।ਇਸ ਟੀਮ ਵਿੱਚ ਸੜਕ ਸੁਰੱਖਿਆ ਫੋਰਸ ਤੋਂ ਏ ਐੱਸ ਆਈ ਦੇਵੀ ਦਿਆਲ, ਕਾਂਸਟੇਬਲ ਬੌਬੀ ਕੁਮਾਰ ਤੇ ਜਤਿੰਦਰ ਸਿੰਘ ਅਤੇ ਲੇਡੀ ਕਾਂਸਟੇਬਲ ਚਰਨਜੀਤ ਤੇ ਪ੍ਰੀਆ ਰਾਣੀ ਸ਼ਾਮਲ ਸਨ, ਜਦਕਿ ਅਰਨੀਵਾਲਾ ਪੁਲਸ ਸਟੇਸ਼ਨ ਤੋਂ ਏ ਐੱਸ ਆਈ ਸੁਭਾਸ਼ ਚੰਦਰ, ਸੀਨੀਅਰ ਸਿਪਾਹੀ ਵੀਰਪਾਲ ਤੇ ਪੰਜਾਬ ਹੋਮਗਾਰਡ ਦੇ ਜਵਾਨ ਗੁਰਜੰਟ ਸਿੰਘ ਅਤੇ ਨਛੱਤਰ ਸਿੰਘ ਸ਼ਾਮਲ ਸਨ।ਉਕਤ ਮਹਿਲਾ ਔਰਤ ਜ਼ਿਲ੍ਹਾ ਸ਼੍ਰੀ ਮੁਕਤਸਰ ਸਾਹਿਬ ਦੇ ਇਕ ਪਿੰਡ ਦੀ ਦੱਸੀ ਜਾ ਰਹੀ ਹੈ।

ਬਾਜ਼ੀਗਰ ਸਿੱਖ ਕੌਮ ਪੰਜਾਬ ਸੋਸ਼ਲ ਸੁਸਾਇਟੀ ਵੱਲੋਂ ਮੈਡੀਕਲ ਕੈਂਪ

ਲੁਧਿਆਣਾ (ਐੱਮ ਐੱਸ ਭਾਟੀਆ)-ਬਾਜ਼ੀਗਰ ਸਿੱਖ ਕੌਮ ਪੰਜਾਬ ਸੋਸ਼ਲ ਸੋਸਾਇਟੀ ਵੱਲੋਂ ਮੁੱਲਾਂਪੁਰ ਦਾਖਾ 'ਚ ਡਾਕਟਰ ਬੀ ਆਰ ਅੰਬੇਡਕਰ ਭਵਨ ਵਿਖੇ ਮਹਾਂ-ਮੈਡੀਕਲ ਕੈਂਪ ਲਗਾਇਆ ਗਿਆ।ਇਸ ਮਹਾਂ ਕੈਂਪ ਵਿੱਚ ਕਈ ਪ੍ਰਕਾਰ ਦੇ ਰੋਗਾਂ ਦੇ ਮਾਹਰ ਡਾਕਟਰਾਂ ਵੱਲੋਂ ਸ਼ਮੂਲੀਅਤ ਕੀਤੀ ਗਈ। ਖੂਨਦਾਨ ਕੈਂਪ ਤੇ ਅੱਖਾਂ ਦਾ ਚੈੱਕਅਪ ਕਰਕੇ ਦਵਾਈਆਂ ਵੀ ਮੁਹੱਈਆ ਕਰਵਾਈਆਂ ਗਈਆਂ। ਜ਼

2-APR-PAGE-8.qxd 4/1/2024 10:52 PM Page 1

ਸੰਯੁਕਤ ਕਿਸਾਨ ਮੋਰਚਾ ਮਹਾਂ-ਪੰਚਾਇਤ 'ਚ ਵਧ-ਚੜ੍ਹ ਕੇ ਕਰੇਗਾ ਸ਼ਮੂਲੀਅਤ : ਕਿਸਾਨ ਆਗੂ

ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ) ਸੰਯੁਕਤ ਕਿਸਾਨ ਮੋਰਚਾ ਸੁਲਤਾਨਪੁਰ ਲੋਧੀ ਦੇ ਆਗੂਆਂ ਵੱਲੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ 8 ਅਪ੍ਰੈਲ ਨੂੰ ਚੰਡੀਗੜ੍ਹ ਅਤੇ 21 ਮਈ ਨੂੰ ਜਗਰਾਉਂ ਵਿਖੇ ਹੋਣ ਵਾਲੀ ਮਹਾਂ-ਪੰਚਾਇਤ ਵਿਚ ਵੱਧ-ਚੜ੍ਹ ਕੇ ਸ਼ਮੂਲੀਅਤ ਕਰੇਗਾ› ਉਹਨਾਂ ਕਿਹਾ ਕਿ ਇਸ ਸੰਬੰਧੀ ਕਿਸਾਨ ਆਗੂਆਂ ਨੂੰ ਪਿੰਡ-ਪਿੰਡ ਜਾ ਕੇ ਜਾਗਰੂਕ ਕੀਤਾ ਜਾ ਰਿਹਾ ਹੈ ਅਤੇ ਵੱਡੀ ਗਿਣਤੀ ਵਿੱਚ ਜ਼ਿਲ੍ਹਾ ਕਪੂਰਥਲਾ ਦੇ ਕਿਸਾਨ ਆਗੂ ਸ਼ਮੂਲੀਅਤ ਕਰਨ ਜਾਣਗੇ।

ਇਸ ਮੌਕੇ ਰਜਿੰਦਰ ਸਿੰਘ ਰਾਣਾ, ਮਾਸਟਰ ਚਰਨ ਸਿੰਘ, ਮੁਕੰਦ ਸਿੰਘ ਸੈਦੋਭਲਾਣਾ ਆਦਿ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਕੇਂਦਰ ਦੇ ਦਬਾਅ ਅਧੀਨ ਪੰਜਾਬ ਵਿੱਚ 9 ਕਾਰਪੋਰੇਟ ਘਰਾਣਿਆਂ ਨੂੰ 26 ਮਾਰਕੀਟ ਕਮੇਟੀਆਂ ਦੇ ਅਧੀਨ ਆਉਂਦੇ ਖਰੀਦ ਕੇਂਦਰਾਂ ਵਿੱਚ 9 ਸਾਇਲੋ ਖੋਲ੍ਹਣ ਨੂੰ ਦਿੱਤੀ ਮਨਜ਼ੂਰੀ ਨੂੰ ਬੜੀ ਗੰਭੀਰਤਾ ਨਾਲ ਵਿਚਾਰਿਆ ਗਿਆ। ਇੱਥੇ ਆਗੂਆਂ ਨੇ ਕਿਹਾ ਕਿ ਅੱਜ ਬੜੇ ਦੁੱਖ ਨਾਲ ਕਹਿਣਾ ਪੈ ਰਿਹਾ ਹੈ ਕਿ ਜਿਹੜੇ ਤਿੰਨ ਕਾਲੇ ਖੇਤੀ ਕਾਨੂੰਨਾਂ ਨੂੰ ਰੱਦ ਕਰਵਾਉਣ ਲਈ ਕਿਸਾਨਾਂ ਨੇ ਸੱਤ ਸੌ ਤੀਹ ਸ਼ਹੀਦੀਆਂ ਦਿੱਤੀਆਂ ਅਤੇ 13 ਮਹੀਨੇ ਦਿੱਲੀ ਦੇ ਬਾਰਡਰਾਂ ਤੇ ਐਸ ਕੇ ਐਮ ਦੀ ਅਗਵਾਈ ਵਿੱਚ ਸੰਘਰਸ਼ ਕੀਤਾ, ਉਨ੍ਹਾਂ ਕਾਲੇ ਕਾਨੂੰਨਾਂ ਨੂੰ ਪੰਜਾਬ ਵਿੱਚ ਪੁੱਠੇ ਪਾਸਿਓਂ ਲਾਗੂ ਕਰਨ ਦਾ ਰਾਹ ਫੜ ਲਿਆ ਹੈ। ਜਦੋਂ ਕਿਸਾਨ ਆਪਣੀ ਫਸਲ ਸਿੱਧੀ ਸਾਈਲੋਜ਼ ਵਿੱਚ ਲਿਜਾਣ ਲੱਗ ਜਾਣਗੇ ਤਾਂ ਸਰਕਾਰੀ ਮੰਡੀਆਂ ਵਿੱਚ ਅਨਾਜ ਦੀ ਆਮਦ ਘਟ ਜਾਵੇਗੀ। ਇਸ ਤਰ੍ਹਾਂ ਮੰਡੀਆਂ ਨੂੰ ਫੇਲ੍ਹ ਕਰ ਦਿੱਤਾ ਜਾਵੇਗਾ ਅਤੇ ਅਖੀਰ ਵਿੱਚ ਬੰਦ ਕਰ ਕੇ ਕਿਸਾਨਾਂ ਨੂੰ ਇਨ੍ਹਾਂ ਕਾਰਪੋਰੇਟ ਘਰਾਣਿਆਂ ਦੇ ਰਹਿਮ ਕਰਮ ਤੇ ਛੱਡ ਦਿੱਤਾ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਧਰਮਿੰਦਰ ਸਿੰਘ ਭਾਰਤੀ ਕਿਸਾਨ ਯੂਨੀਅਨ ਡਕੌਂਦਾ ਰਘਬੀਰ ਸਿੰਘ ਮਹਿਰਵਾਲਾ ਭਾਰਤੀ ਕਿਸਾਨ ਯੂਨੀਅਨ ਪੰਜਾਬ, ਤਰਲੋਕ ਸਿੰਘ ਭਬਿਆਣਾ ਜਰਨਲ ਸਕੱਤਰ ਕੁੱਲ ਹਿੰਦ ਕਿਸਾਨ ਸਭਾ, ਅਮਰਜੀਤ ਸਿੰਘ ਟਿੱਬਾ ਐਕਟਿੰਗ ਪ੍ਰਧਾਨ, ਮਾਸਟਰ ਚਰਨ ਸਿੰਘ ਪ੍ਰਧਾਨ ਕੁਲ ਹਿੰਦ ਕਿਸਾਨ ਸਭਾ, ਹਰਵੰਤ ਸਿੰਘ ਵੜੈਚ, ਮਹਿੰਦਰ ਸਿੰਘ ਮੋਖੇ ਨੰਬਰਦਾਰ ਯੂਨੀਅਨ, ਮੁਕੰਦ ਸਿੰਘ ਸੈਦੋਭਲਾਣਾ, ਰਘਬੀਰ ਸਿੰਘ ਮਹਿਰਵਾਲਾ ਕਿਰਤੀ ਕਿਸਾਨ ਯੂਨੀਅਨ ਪੰਜਾਬ, ਪਲਵਿੰਦਰ ਸਿੰਘ ਕਾਲਾ ਸੰਘਿਆਂ, ਸੁੱਚਾ ਸਿੰਘ ਮਿਰਜ਼ਾ ਪੁਰ, ਨਰਿੰਦਰ ਸਿੰਘ ਸੋਨੀਆਂ, ਪੰਜਾਬ ਕਿਸਾਨ ਯੂਨੀਅਨ ਬਾਗੀ ਗੁਰਦੀਪ ਸਿੰਘ ਭੰਡਾਲ ਪ੍ਰਧਾਨ, ਅਮਰਜੀਤ ਸਿੰਘ ਟਿੱਬਾ, ਦਿਆਲ ਸਿੰਘ ਦੀਪੇਵਾਲ, ਭਾਰਤੀ ਕਿਸਾਨ ਯੂਨੀਅਨ ਡਕੌਂਦਾ ਹਰਜਿੰਦਰ ਸਿੰਘ ਰਾਣਾ ਸੈਦੋਵਾਲ ਪ੍ਰਧਾਨ, ਭਾਰਤ ਨਿਰਮਾਣ ਮਿਸਤਰੀ ਮਜ਼ਦੂਰ ਯੂਨੀਅਨ ਕਾਮਰੇਡ ਬਲਦੇਵ ਸਿੰਘ , ਅਮਰੀਕ ਸਿੰਘ, ਨਿਰਮਲ ਸਿੰਘ, ਜੋਗਿੰਦਰ ਸਿੰਘ, ਮੁਖਤਾਰ ਸਿੰਘ, ਚਰਨਜੀਤ ਸਿੰਘ, ਹਰਜੀਤ ਸਿੰਘ ,ਪੈਨਸ਼ਨ ਯੂਨੀਅਨ ਸੁਖਦੇਵ ਸਿੰਘ ਟਿੱਬਾ, ਬਲਵਿੰਦਰ ਸਿੰਘ ਧਾਲੀਵਾਲ, ਮਦਨ ਲਾਲ ਕੰਡਾ, ਮਨਜੀਤ ਸਿੰਘ ਬਿਧੀਪੁਰ, ਖੇਤ ਮਜ਼ਦੂਰ ਸਭਾ ਸਰਜੀਤ ਸਿੰਘ ਠੱਟਾ, ਮਹਿੰਗਾ ਸਿੰਘ , ਪੇਂਡੂ ਮਜ਼ਦੂਰ ਯੂਨੀਅਨ ਨਿਰਮਲ ਸਿੰਘ ਸ਼ੇਰਪੁਰ ਸੱਧਾ ,ਰਸਪਾਲ ਸਿੰਘ ਵੜੈਚ ਈਟੀਟੀ ਯੂਨੀਅਨ, ਸੁੱਚਾ ਸਿੰਘ ਮਿਰਜ਼ਾਪੁਰ, ਸੁਖਚੈਨ ਸਿੰਘ ਬੱਦਨ ਜਿਲਾ ਪ੍ਰਧਾਨ ਗੌਰਮੈਂਟ ਟੀਚਰ ਯੂਨੀਅਨ , ਨਿਸ਼ਾਨ ਸਿੰਘ ਪੱਸਣ ਕਦੀਮ, ਬੋਹੜ ਸਿੰਘ ਹਜ਼ਾਰਾ, ਤਰਸੇਮ ਲਾਲ, ਸਿੰਦਰਪਾਲ ਤਲਵੰਡੀ, ਹਰਮਿੰਦਰ ਸਿੰਘ ਟਿੱਬਾ, ਨਿਰਮਲ ਸਿੰਘ, ਕੁਲਦੀਪ ਸਿੰਘ , ਬਲਦੇਵ ਸਿੰਘ ਸੁਲਤਾਨਪੁਰ ਲੋਧੀ, ਹਰਜੀਤ ਸਿੰਘ ਮਸੀਤਾਂ, ਚਰਨਜੀਤ ਸਿੰਘ ਮਸੀਤਾਂ, ਅਮਰੀਕ ਸਿੰਘ ਮਸੀਤਾਂ, ਪਰਮਜੀਤ ਸਿੰਘ ਕਿਰਤੀ ਕਿਸਾਨ ਯੂਨੀਅਨ, ਜਗਦੀਸ਼ ਸਿੰਘ, ਬਲਬੀਰ ਸਿੰਘ , ਕੇਹਰ ਸਿੰਘ, ਦਲਜੀਤ ਸਿੰਘ, ਬਾਬਾ ਜੀਤ ਸਿੰਘ, ਦਰਸ਼ਨ ਸਿੰਘ, ਰੇਸ਼ਮ ਸਿੰਘ ਮੰਗੂਪੁਰ, ਨਿਰਮਲ ਸਿੰਘ ਸ਼ੇਰਪੁਰ ਸੱਧਾ, ਪਰਤਾਪ ਸਿੰਘ ਮੋਮੀ, ਮਲਕੀਤ ਸਿੰਘ ਹਰਨਾਮ ਪੁਰ, ਸੁਖਚੈਨ ਸਿੰਘ ਬੱਧਣ,ਹੁਕਮ ਸਿੰਘ, ਰਘਬੀਰ ਸਿੰਘ, ਅਜੀਤ ਸਿੰਘ ਅੰਜਲਾ, ਕੁਲਦੀਪ ਕੌਰ ਉੱਚਾ, ਗਸ਼ਪਾਲ ਸਿੰਘ ਵੜੈਚ, ਡਾਕਟਰ ਅਮਿਤੋਜ ਸਿੰਘ, ਡਾਕਟਰ ਨਵਜੋਤ ਕੌਰ, ਕੁਲਵੰਤ ਸਿੰਘ, ਜੀਤ ਸਿੰਘ ਪ੍ਰਧਾਨ ਗੁਰਦੁਆਰਾ ਕਮੇਟੀ, ਪਰਵਿੰਦਰ ਸਿੰਘ ਭੰਗੇ, ਹਰਬੰਸ ਮੱਟੂ, ਗੁਰਮੀਤ ਸਿੰਘ ਫੌਜੀ ਕਲੋਨੀ ਆਦਿ ਹਾਜ਼ਰ ਸਨ।

ਹਰੀਆਂ ਵੇਲਾਂ ਵਿਖੇ ਜਥੇਦਾਰ ਬਾਬਾ ਹਰਭਜਨ ਸਿੰਘ ਦੀ ਯਾਦ 'ਚ ਗੁਰਮਤਿ ਸਮਾਗਮ ਭਲਕੇ

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ) ਧੰਨ ਧੰਨ ਸ੍ਰੀ ਗੁਰੂ ਹਰਿ ਰਾਇ ਸਾਹਿਬ ਜੀ ਦੀ ਪਵਿੱਤਰ ਚਰਨ ਛੋਹ ਧਰਤੀ ਹਰੀਆਂ ਵੇਲਾਂ ਵਿਖੇ ਮਿਸਲ ਸ਼ਹੀਦਾਂ ਤਰਨਾ ਦਲ ਜਥੇਬੰਦੀ ਦੇ ਪਹਿਲੇ ਮੁੱਖੀ ਸੱਚਖੰਡ ਵਾਸੀ ਜਥੇਦਾਰ ਬਾਬਾ ਹਰਭਜਨ ਸਿੰਘ ਦੀ ਸਾਲਾਨਾ ਬਰਸੀ ਮੌਕੇ ਜਥੇਬੰਦੀ ਦੇ ਮੁੱਖ ਸੇਵਾਦਾਰ ਜਿੰਦਾ ਸ਼ਹੀਦ ਜਥੇਦਾਰ ਬਾਬਾ ਨਿਹਾਲ ਸਿੰਘ ਜੀ ਮਿਸਲ ਸ਼ਹੀਦਾਂ ਤਰਨਾ ਦਲ ਹਰੀਆਂ ਵੇਲਾਂ ਦੀ ਅਗਵਾਈ ਹੇਠ 03 ਅਪ੍ਰੈਲ ਨੂੰ ਮਹਾਨ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ। ਜਥੇਦਾਰ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ ਨੇ ਦੱਸਿਆ ਕਿ 03 ਅਪ੍ਰੈਲ ਨੂੰ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ, ਉਪਰਤ ਪੰਥ ਪ੍ਰਸਿੱਧ ਰਾਗੀ ਢਾਡੀ ਜਥੇ,ਕਥਾ ਕੀਰਤਨ ਢਾਡੀ ਵਾਰਾਂ ਗੁਰਮਤਿ ਵਿਚਾਰਾਂ ਦੁਆਰਾ ਨਿਹਾਲ ਕਰਨਗੇ। ਪੰਥ ਦੇ ਤਖਤਾਂ ਦੇ ਜਥੇਦਾਰ, ਸਮੂਹ ਨਿਹੰਗ ਸਿੰਘ ਜਥੇਬੰਦੀਆਂ ਦੇ ਮੁਖੀਆਂ ਸਮੇਤ ਸਮਾਗਮ ਵਿੱਚ ਪੁੱਜ ਕੇ ਜਥੇਦਾਰ ਬਾਬਾ ਹਰਭਜਨ ਸਿੰਘ ਨੂੰ ਸ਼ਰਧਾ ਦੇ ਫੁੱਲ ਭੇਟ ਜਾਣਗੇ। ਗੁਰੂ ਜੀ ਦੇ ਲੰਗਰ ਅਤੂੱਟ ਵਰਤਾਏ ਜਾਣਗੇ।

ਰਾਜਪੁਰ ਭਾਈਆਂ ਵਿਖੇ ਸਾਲਾਨਾ 21ਵਾਂ ਭਗਵਤੀ ਜਾਗਰਣ ਦੇ ਪੋਸਟਰ ਰਿਲੀਜ਼

ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)-ਪਿੰਡ ਰਾਜਪੁਰ ਭਾਈਆਂ ਵਿਖੇ ਮਾਂ ਅੰਬਿਕਾ ਮੰਦਰ, ਮਾਂ ਅੰਬਿਕਾ ਧਾਰਮਿਕ ਕਮੇਟੀ ਰਾਜਪੁਰ ਭਾਈਆਂ, ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸਾਲਾਨਾ 21ਵਾਂ ਵਿਸ਼ਾਲ ਭਾਗਵਤੀ ਜਾਗਰਣ 13 ਅਪ੍ਰੈਲ ਨੂੰ ਕਰਵਾਇਆ ਜਾ ਰਿਹਾ ਹੈ। ਪ੍ਰਧਾਨ ਰਾਜ ਕੁਮਾਰ ਟੋਨੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ 12 ਅਪ੍ਰੈਲ ਨੂੰ ਵਿਸ਼ਾਲ ਸ਼ੋਭਾ ਯਾਤਰਾ 03 ਵਜੇ ਕੱਢੀ ਜਾਵੇਗੀ। ਉਹਨਾਂ ਦੱਸਿਆ ਕਿ 13 ਅਪ੍ਰੈਲ ਨੂੰ ਸਾਲਾਨਾ 21ਵਾਂ ਵਿਸਾਲ ਭਾਗਵਤੀ ਜਾਗਰਣ ਦੀਆਂ ਤਿਆਰੀਆਂ ਜੋਰਾਂ ਸ਼ੋਰਾਂ ਨਾਲ ਚੱਲ ਰਹੀਆਂ ਹਨ। ਪ੍ਰਬੰਧਕਾਂ ਵੱਲੋਂ ਸਾਲਾਨਾ 21ਵੇਂ ਵਿਸਾਲ ਭਾਗਵਤੀ ਜਾਗਰਣ ਸਬੰਧੀ ਪੋਸਟਰ ਰਿਲੀਜ ਕੀਤੇ ਗਏ। ਇਸ ਮੌਕੇ ਪ੍ਰਧਾਨ ਰਾਜ ਕੁਮਾਰ ਟੋਨੀ, ਸਾਹਿਲ ਗੁਪਤਾ, ਵੰਸ ਗੁਪਤਾ , ਦਿਵਾਸ਼ੂ, ਦੀਪਕ ਗੁਪਤਾ, ਵਿਸਾਲ ਸੋਨੀ, ਸੋਨੂ, ਜਤਿਨ ਗੁਪਤਾ, ਅਜੇ ਗੁਪਤਾ, ਅਵਤਾਰ ਸਿੰਘ, ਰਿੱਪੀ ਅਮਰਜੀਤ, ਲਵਪ੍ਰੀਤ ਆਦਿ ਹਾਜਰ ਸਨ।

ਸ਼ਹੀਦ ਭਗਤ ਸਿੰਘ ਚੈਰੀਟੇਬਲ ਟਰੱਸਟ ਦਾ ਨੇਕ ਉਪਰਾਲਾ

ਮਾਹਿਲਪੁਰ, ਗੜ੍ਹਸ਼ੰਕਰ (ਸਫਰੀ, ਫੁਲਾ ਸਿੰਘ ਬੀਰਮਪੁਰ) - ਸ਼ਹੀਦ ਭਗਤ ਸਿੰਘ ਚੈਰੀਟੇਬਲ ਟਰੱਸਟ ਗੜ੍ਹਸ਼ੰਕਰ ਵੱਲੋਂ ਸ਼ਹੀਦ-ਏ-ਆਜਮ ਭਗਤ ਸਿੰਘ ਦੇ ਸਮਾਰਕ 'ਤੇ ਇੱਕ ਵਿਕਲਾਂਗ ਵਿਅਕਤੀ ਨੂੰ ਟਰਾਈ ਸਾਈਕਲ ਭੇਂਟ ਕੀਤੀ ਗਈ। ਟਰੱਸਟ ਦੇ ਪ੍ਰਧਾਨ ਦਰਸ਼ਨ ਸਿੰਘ ਮੱਟੂ ਅਤੇ ਚੇਅਰਪਰਸਨ ਬੀਬੀ ਸੁਭਾਸ਼ ਮੱਟੂ ਨੇ ਦੱਸਿਆ ਕਿ ਯੂਕੇ ਵਿੱਚ ਬ੍ਰਿਟਿਸ਼ ਇੰਮਪਾਇਰ ਆਫਿਸਰ ਡਾਕਟਰ ਅਮਰਜੀਤ ਰਾਜੂ ਵੱਲੋਂ ਇਲਾਕੇ ਵਿੱਚ ਲੋੜਵੰਦ ਅੰਗਹੀਣਾਂ ਦੀ ਮਦਦ ਲਈ ਲਗਾਤਾਰ ਟਰਾਈ ਸਾਈਕਲ ਅਤੇ ਵੀਲ ਚੇਅਰਜ ਭੇਂਟ ਕੀਤੀਆਂ ਜਾ ਰਹੀਆਂ ਹਨ। ਦਰਸ਼ਨ ਸਿੰਘ ਮੱਟੂ ਨੇ ਦੱਸਿਆ ਕਿ ਸ਼ਹੀਦ ਭਗਤ ਸਿੰਘ ਚੈਰੀਟੇਬਲ ਟਰੱਸਟ ਗੜ੍ਹਸ਼ੰਕਰ ਰਾਹੀਂ ਜਰੂਰਤਮੰਦ ਯਸ਼ਪਾਲ ਨੂੰ ਟਰਾਈ ਸਾਈਕਲ ਭੇਂਟ ਕੀਤੀ ਗਈ। ਇਸ ਮੌਕੇ ਦਰਸ਼ਨ ਸਿੰਘ ਮੱਟੂ, ਸੁਭਾਸ਼ ਮੱਟੂ, ਰਾਕੇਸ਼ ਮਹਿਦੂਦ, ਹਰੀਸ਼ ਭੱਲਾ, ਮਾਸਟਰ ਹੰਸ ਰਾਜ, ਹਰਦੇਵ ਰਾਏ, ਭੁਪਿੰਦਰ ਰਾਣਾ, ਰਾਕੇਸ਼ ਰਾਣਾ, ਡਾਕਟਰ ਵਿੱਜ, ਰਾਜੇਸ਼ ਕੁਮਾਰ ਅਤੇ ਅਮਰਜੀਤ ਸਿੰਘ ਆਦਿ ਹਾਜਰ ਸਨ।

ਯੂਨਾਈਟਡ ਸਿੱਖ ਮਿਸ਼ਨ ਯੂ ਐੱਸ ਏ ਦੇ ਸਹਿਯੋਗ ਨਾਲ ਕੱਟ 'ਚ ਅੱਖਾਂ ਦਾ ਮੁਫਤ ਕੈਂਪ ਲਗਾਇਆ

ਬੰਗਾ (ਅਵਤਾਰ ਕਲੇਰ)-ਸਮਾਜ ਸੇਵੀ ਸੰਸਥਾ ਯੂਨਾਈਟਡ ਸਿੱਖ ਮਿਸ਼ਨ ਯੂ ਐਸ ਏ ਦੇ ਸਹਿਯੋਗ ਨਾਲ ਜਥੇਦਾਰ ਰਘਵੀਰ ਸਿੰਘ ਖੜੋਦ ਦੀ ਯਾਦ ਵਿੱਚ ਸਮਾਜ ਸੇਵਕ ਬੂਟਾ ਸਿੰਘ ਖੜੋਦ ਵੱਲੋਂ ਅੱਖਾਂ ਦਾ ਮੁਫਤ ਆਪਰੇਸ਼ਨ ਅਤੇ ਚੈੱਕਅੱਪ ਕੈਂਪ ਗੁਰਦੁਆਰਾ ਸਿੰਘ ਸਭਾ ਪਿੰਡ ਕੱਟ ਵਿਖੇ ਲਗਾਇਆ ਗਿਆ। ਉੱਕਤ ਕੈਂਪ ਦਾ ਉਦਘਾਟਨ ਸਰਦਾਰ ਬੂਟਾ ਸਿੰਘ ਖੜੋਦ ਯੂ ਐੱਸ ਏ ਦੇ ਪਰਿਵਾਰ ਅਤੇ ਇਮਾਨ ਸਿੰਘ ਮਾਨ ਵਲੋਂ ਸਾਂਝੇ ਤੌਰ ਤੇ ਕੀਤਾ ਗਿਆ । ਕੈਂਪ ਦੌਰਾਨ ਸੁਪਰ ਆਈ ਕੇਅਰ ਹਸਪਤਾਲ ਦੀ ਟੀਮ ਵੱਲੋਂ 780 ਮਰੀਜ਼ਾਂ ਦਾ ਚੈੱਕਅੱਪ ਕੀਤਾ ਗਿਆ। ਮਰੀਜ਼ਾਂ ਨੂੰ ਮੁਫਤ ਦਵਾਈਆਂ, ਐਨਕਾਂ ਅਤੇ ਜ਼ਰੂਰਤਮੰਦਾਂ ਦੇ ਲੈਂਜ ਪਾਉਣ ਲਈ ਪਰਚੀਆਂ ਦਿੱਤੀਆਂ ਗਈਆਂ। ਜਿਨ੍ਹਾਂ ਦੇ ਅਪਰੇਸ਼ਨ ਜਲੰਧਰ ਵਿਖੇ ਕਰਵਾਏ ਜਾਣਗੇ। ਇਸ ਮੌਕੇ ਇਮਾਨ ਸਿੰਘ ਮਾਨ ਸੀਨੀਅਰ ਆਗੂ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ, ਕੁਸ਼ਲਪਾਲ ਸਿੰਘ ਮਾਨ ਜਨਰਲ ਸਕੱਤਰ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ , ਬੀਬੀ ਪਰਮਿੰਦਰ ਕੌਰ, ਬੀਬੀ ਸਿਮਰਜੀਤ ਕੌਰ ਯੂ ਐਸ ਏ ,ਇਵਨੀਤ ਸਿੰਘ ਖੜੋਦ ਯੂ ਐਸ ਏ, ਜਥੇਦਾਰ ਜੋਗਾ ਸਿੰਘ ਖੜੋਦ, ਜਸਵੀਰ ਸਿੰਘ ਨਾਗਰਾ ਬਹਿਰਾਮ, ਸਰਪੰਚ ਬੀਬੀ ਸੁਨੀਤਾ ਰਾਣੀ, ਪਰਮਜੀਤ ਸਿੰਘ , ਹਰਭਜਨ ਸਿੰਘ , ਸੁਰਿੰਦਰ ਸਿੰਘ , ਮੇਜਰ ਸਿੰਘ , ਮਲਕੀਤ ਚੰਦ , ਤੀਰਥ ਸਿੰਘ ਖੜੋਦ, ਜਗਦੀਪ ਪੰਚ , ਗੁਰਦੀਪ ਸਿੰਘ ਸਾਬਕਾ ਪੰਚ ਅਮਰੀਕ ਸਿੰਘ ,ਬੀਬੀ ਕੁਲਵਿੰਦਰ ਕੌਰ ਜ਼ਿਲਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਇਸਤਰੀ ਵਿੰਗ, ਬੀਬੀ ਪਰਮਿੰਦਰ ਕੌਰ ਗੋਸਲ, ਜਸਕਰਨ ਸਿੰਘ, ਭਗਤ ਸਿੰਘ ਕਰੀਹਾ, ਪ੍ਰੀਤਮ ਸਿੰਘ , ਸੰਦੀਪ ਸਿੰਘ ਨੰਬਰਦਾਰ, ਮੋਹਨ ਲਾਲ, ਰਾਜਵਿੰਦਰ ਸਿੰਘ, ਗੁਰਦੀਪ ਸਿੰਘ, ਅਵਤਾਰ ਸਿੰਘ , ਸਤਨਾਮ ਸਿੰਘ, ਬੁੱਧ ਸਿੰਘ ਆਦਿ ਹਾਜ਼ਰ ਸਨ।

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਵੱਲੋਂ ਚੰਡੀਗੜ੍ਹ ਪ੍ਰੈਸ ਕਲੱਬ ਦਾ ਦੌਰਾ

ਚੰਡੀਗੜ੍ਹ (ਗੁਰਜੀਤ ਬਿੱਲਾ)- ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਅੱਜ ਚੰਡੀਗੜ੍ਹ ਪ੍ਰੈਸ ਕਲੱਬ ਦੇ ਅਹੁਦੇਦਾਰਾਂ ਦੀ ਸਾਲਾਨਾ ਚੋਣ ਦੇ ਸਬੰਧ ਵਿੱਚ ਚੰਡੀਗੜ੍ਹ ਪ੍ਰੈਸ ਕਲੱਬ ਦਾ ਦੌਰਾ ਕੀਤਾ। ਇਸ ਮੌਕੇ ਉਨ੍ਹਾਂ ਨੇ ਕਲੱਬ ਵੱਲੋਂ ਅਹੁਦੇਦਾਰਾਂ ਦੀ ਚੋਣ ਲਈ ਪੂਰੀ ਤਰ੍ਹਾਂ ਜਮਹੂਰੀ ਪ੍ਰਕਿਰਿਆ ਅਪਣਾਉਣ ਦੀ ਸ਼ਲਾਘਾ ਕੀਤੀ।ਸਿਬਿਨ ਸੀ ਨੇ ਪਾਰਦਰਸ਼ੀ, ਆਜ਼ਾਦ ਅਤੇ ਨਿਰਪੱਖ ਚੋਣਾਂ ਨੂੰ ਯਕੀਨੀ ਬਣਾਉਣ ਲਈ ਪ੍ਰੈਸ ਦੀ ਅਹਿਮ ਭੂਮਿਕਾ 'ਤੇ ਜ਼ੋਰ ਦਿੱਤਾ। ਉਨ੍ਹਾਂ ਪੱਤਰਕਾਰਾਂ ਨੂੰ ਅਪੀਲ ਕੀਤੀ ਕਿ ਉਹ ਚੋਣ ਕਮਿਸ਼ਨ ਦੀਆਂ ਅੱਖਾਂ ਅਤੇ ਕੰਨਾਂ ਵਜੋਂ ਕੰਮ ਕਰਨ ਤਾਂ ਜੋ ਪੰਜਾਬ ਭਰ ਵਿੱਚ ਆਦਰਸ਼ ਚੋਣ ਜ਼ਾਬਤੇ ਦੇ ਦਿਸ਼ਾ-ਨਿਰਦੇਸ਼ਾਂ ਨੂੰ ਪ੍ਰਭਾਵੀ ਢੰਗ ਨਾਲ ਲਾਗੂ ਕਰਨ ਨੂੰ ਯਕੀਨੀ ਬਣਾਇਆ ਜਾ ਸਕੇ। ਇਸ ਤੋਂ ਇਲਾਵਾ ਉਨ੍ਹਾਂ ਨੇ ਪੱਤਰਕਾਰਾਂ ਨੂੰ ਚੋਣ ਜ਼ਾਬਤੇ ਦੀ ਕਿਸੇ ਵੀ ਉਲੰਘਣਾ ਦੀ ਰਿਪੋਰਟ ਕਰਨ ਵਾਸਤੇ ਸੀ-ਵਿਜਿਲ ਐਪਲੀਕੇਸ਼ਨ ਬਾਰੇ ਨਾਗਰਿਕਾਂ ਵਿੱਚ ਜਾਗਰੂਕਤਾ ਵਧਾਉਣ ਵਿੱਚ ਸਹਿਯੋਗ ਦੇਣ ਲਈ ਕਿਹਾ।

ਇਸ ਦੌਰਾਨ ਮੌਜੂਦ ਪੱਤਰਕਾਰਾਂ ਵੱਲੋਂ ਲੋਕ ਸਭਾ ਚੋਣਾਂ-2024 ਵਿੱਚ ਚੋਣ ਡਿਊਟੀ 'ਤੇ ਤਾਇਨਾਤ ਮੀਡੀਆ ਕਰਮੀਆਂ ਲਈ ਪੋਸਟਲ ਬੈਲਟ ਰਾਹੀਂ ਵੋਟ ਪਾਉਣ ਦੀ ਸਹੂਲਤ ਦੇਣ ਵਾਸਤੇ ਚੋਣ ਕਮਿਸ਼ਨ ਵੱਲੋਂ ਚੁੱਕੇ ਗਏ ਕਦਮ ਦੀ ਸ਼ਲਾਘਾ ਕੀਤੀ ਗਈ ਅਤੇ ਸਿਬਿਨ ਸੀ ਵੱਲੋਂ ਪ੍ਰੈਸ ਕਲੱਬ ਦਾ ਦੌਰਾ ਕਰਨ ਲਈ ਧੰਨਵਾਦ ਕੀਤਾ ਗਿਆ।

ਸੀ-ਵਿਜਿਲ ਐਪ 'ਤੇ ਪ੍ਰਾਪਤ 90 ਸ਼ਿਕਾਇਤਾਂ ਦਾ ਨਿਪਟਾਰਾ

ਜਲੰਧਰ (ਸੁਰਿੰਦਰ ਕੁਮਾਰ)- ਜਲੰਧਰ 'ਚ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਡਾ.ਹਿਮਾਂਸ਼ੂ ਅਗਰਵਾਲ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਸੀ-ਵਿਜਿਲ ਐਪ 'ਤੇ ਹੁਣ ਤੱਕ ਪ੍ਰਾਪਤ ਸਾਰੀਆਂ 90 ਸ਼ਿਕਾਇਤਾਂ ਦਾ 100 ਫੀਸਦ ਨਿਪਟਾਰਾ ਨਿਰਧਾਰ

2-APR-PAGE-9.qxd 4/1/2024 10:50 PM Page 1

ਭਲਾਣ 'ਚ 8ਵਾਂ ਕੁਸ਼ਤੀ ਦੰਗਲ ਤੇ ਕਬੱਡੀ ਕੱਪ

ਭਲਾਣ (ਹਰਭਜਨ ਢਿੱਲੋਂ)- ਭਲਾਣ/ਸੁਖਸਾਲ/ਸਹਿਜੋਵਾਲ ਹਲਕਾ ਸ੍ਰੀ ਅਨੰਦਪੁਰ ਸਾਹਿਬ ਦੇ ਪਿੰਡ ਭਲਾਣ ਵਿਖੇ ਸ਼ਿਵ ਸ਼ਕਤੀ ਸਪੋਰਟਸ ਕਲੱਬ, ਗ੍ਰਾਮ ਪੰਚਾਇਤ ਅਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ 8ਵਾਂ ਕੁਸ਼ਤੀ ਦੰਗਲ ਅਤੇ ਕਬੱਡੀ ਕੱਪ ਕਰਵਾਇਆ ਗਿਆ। ਇਸ ਮੌਕੇ ਭਾਜਪਾ ਜ਼ਿਲ੍ਹਾ ਰੂਪਨਗਰ ਦੇ ਪ੍ਰਧਾਨ ਅਜੈਵੀਰ ਸਿੰਘ ਲਾਲਪੁਰਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਲਾਲਪੁਰਾ ਨੇ ਖਿਡਾਰੀਆਂ ਨਾਲ ਜਾਣ ਪਹਿਚਾਣ ਕੀਤੀ ਅਤੇ ਉਨ੍ਹਾਂ ਨੂੰ ਖੇਡਾਂ ਵਿਚ ਮੱਲਾਂ ਮਾਰਨ ਦੀ ਪ੍ਰੇਰਨਾ ਦਿੱਤੀ ਅਤੇ ਆਸ਼ੀਰਵਾਦ ਦਿੱਤਾ। ਉਨ੍ਹਾਂ ਨੌਜਵਾਨਾਂ ਨੂੰ ਖੇਡਾਂ ਪ੍ਰਤੀ ਪ੍ਰੇਰਿਤ ਹੋਣ ਤੇ ਨਸ਼ਿਆਂ ਤੋਂ ਦੂਰ ਰਹਿਣ ਦੀ ਪ੍ਰੇਰਨਾ ਦਿੱਤੀ। ਲਾਲਪੁਰਾ ਨੇ ਕਿਹਾ ਕਿ ਵਿਦਿਆਰਥੀ ਜੀਵਨ ਵਿਚ ਅਕਾਦਮਿਕ ਪੜ੍ਹਾਈ ਦੇ ਨਾਲ-ਨਾਲ ਸੱਭਿਆਚਾਰਕ ਤੇ ਖੇਡ ਸਰਗਰਮੀਆਂ ਦਾ ਆਪਣਾ ਮਹੱਤਵਪੂਰਨ ਸਥਾਨ ਹੈ। ਖੇਡਾਂ ਵਿਦਿਆਰਥੀਆਂ ਅੰਦਰ ਨੈਤਿਕ ਗੁਣਾਂ, ਜਿਵੇਂ ਸਹਿਣਸ਼ੀਲਤਾ, ਅਨੁਸ਼ਾਸਨ, ਸਦਾਚਾਰ, ਜਿੱਤਣ ਦੀ ਤਾਂਘ, ਆਪਸੀ ਪ੍ਰੇਮ ਪਿਆਰ, ਇਕਜੁੱਟਤਾ, ਸਬਰ ਆਦਿ ਕੁੱਟ-ਕੁੱਟ ਕੇ ਭਰਦੀਆਂ ਹਨ। ਖਿਡਾਰੀ ਕਿਸੇ ਵੀ ਦੇਸ਼ ਜਾਂ ਕੌਮ ਦੇ ਕੀਮਤੀ ਗਹਿਣੇ ਹੁੰਦੇ ਹਨ। ਜਦੋਂ ਉਹ ਆਪਣੀ ਖੇਡ ਜ਼ਰੀਏ ਦੁਨੀਆ ਦੇ ਕਿਸੇ ਵੀ ਕੋਨੇ ਵਿਚ ਜਿੱਤ ਦੇ ਝੰਡੇ ਗੱਡਦੇ ਹਨ ਤਾਂ ਸਮੁੱਚੇ ਦੇਸ਼-ਵਾਸੀਆਂ ਦਾ ਸੀਨਾ ਚੌੜਾ ਹ�و ਜਾਂਦਾ ਹੈ। ਉਨ੍ਹਾਂ ਕਿਹਾ ਕਿ ਹਾਕੀ, ਫੁੱਟਬਾਲ, ਕ੍ਰਿਕਟ, ਬਾਸਕਟਬਾਲ, ਕਬੱਡੀ ਆਦਿ ਖੇਡਾਂ ਟੀਮ ਭਾਵਨਾ ਨਾਲ ਖੇਡੀਆਂ ਜਾਂਦੀਆਂ ਹਨ, ਜਿਸ ਨਾਲ ਖਿਡਾਰੀ ਇਕਜੁੱਟਤਾ ਤੇ ਸਹਿਯੋਗ ਆਦਿ ਗੁਣ ਸਹਿਜੇ ਸਿੱਖ ਜਾਂਦੇ ਹਨ। ਲਾਲਪੁਰਾ ਨੇ ਕਿਹਾ ਕਿ ਅੱਜ ਜ਼ਿਆਦਾਤਰ ਨੌਜਵਾਨ ਗੈਂਗਵਾਰ ਤੇ ਨਸ਼ੇ ਆਦਿ ਕੁਰੀਤੀਆਂ 'ਚ ਫਸ ਕੇ ਆਪਣਾ ਬਹੁਮੁੱਲਾ ਜੀਵਨ ਵਿਅਰਥ ਗਵਾ ਰਹੇ ਹਨ। ਉਨ੍ਹਾਂ ਦੀ ਊਰਜਾ ਤੇ ਸਮੇਂ ਨੂੰ ਸਹੀ ਵਰਤੋਂ ਵਿਚ ਲਗਾਉਣ ਲਈ ਖੇਡਾਂ ਪ੍ਰਭਾਵਸ਼ਾਲੀ ਜ਼ਰੀਆ ਹੋ ਸਕਦੀਆਂ ਹਨ, ਖੇਡਾਂ ਨੌਜਵਾਨਾਂ ਨੂੰ ਸਕਾਰਾਤਮਕ ਸੋਚ ਦਾ ਧਾਰਨੀ ਬਣਾਉਂਦੀਆਂ ਹਨ। ਉਨ੍ਹਾਂ ਇਸ ਸ਼ਾਨਦਾਰ ਉੱਦਮ ਲਈ ਸਮੁੱਚੇ ਪਿੰਡ ਵਾਸੀਆਂ ਨੂੰ ਆਪਣੀਆਂ ਸ਼ੁੱਭਕਾਮਨਾਵਾਂ ਭੇਂਟ ਕੀਤੀਆਂ। ਇਸ ਮੌਕੇ ਜ਼ਿਲ੍ਹਾ ਨਵਾਂਸ਼ਹਿਰ ਦੇ ਪ੍ਰਧਾਨ ਰਾਜਵਿੰਦਰ ਸਿੰਘ ਲੱਕੀ ਨੇ ਦੱਸਿਆ ਕਿ ਸਰਦਾਰ ਲਾਲਪੁਰਾ ਵਲੋਂ ਵੱਡੇ ਪੱਧਰ 'ਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਲਾਲਪੁਰਾ ਵਲੋਂ ਪੰਜਾਬ ਦੇ ਪਿੰਡਾਂ ਵਿਚ ਜਾ ਕੇ ਨੌਜਵਾਨਾਂ ਨੂੰ ਫੁੱਟਬਾਲ, ਕ੍ਰਿਕਟ ਤੇ ਹੋਰ ਖੇਡ ਕਿੱਟਾਂ ਵੰਡਣ ਦੇ ਨਾਲ-ਨਾਲ ਨਾਰੀ ਸਸ਼ਕਤੀਕਰਨ ਲਈ ਸਕੂਲ ਜਾਂਦੀਆਂ ਲੋੜਵੰਦ ਬੱਚੀਆਂ ਨੂੰ ਸਾਈਕਲ ਵੰਡਣ ਦੀ ਮੁਹਿਮ ਵੀ ਅਰੰਭੀ ਗਈ ਹੈ। ਇਸ ਮੌਕੇ ਪ੍ਰਬੰਧਕਾਂ ਵਲੋਂ ਲਾਲਪੁਰਾ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨਾਲ ਜੀਵਨ ਕੁਮਾਰ ਸੰਜੂ, ਐਡਵੋਕੇਟ ਨਿਪੁੰਨ ਸੋਨੀ, ਮੰਡਲ ਪ੍ਰਧਾਨ ਬਰਿੰਦਰ ਵਿੱਕੀ, ਸੁਖਵੀਰ ਤੰਬੜ, ਅਮਨਪ੍ਰੀਤ ਕਾਬੜਵਾਲ, ਕੰਵਰ ਪੋਸਵਾਲ, ਸੁਰਿੰਦਰਪਾਲ ਸੇਠੀ ਆਦਿ ਮੌਜੂਦ ਸਨ।

'ਸਾਡਾ ਟੀ ਵੀ ਯੂ ਐੱਸ ਏ' ਦਾ ਇੱਕ ਸਾਲ ਪੂਰਾ ਹੋਣ 'ਤੇ ਜਸ਼ਨ

ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ) ਪਿਛਲੇ ਹਫਤੇ ਸਿਆਟਲ ਐਵਰੇਟ ਦੇ ਰੋਇਲ ਬੈਂਕੁਇਟ ਹਾਲ ਵਿੱਚ ਸਾਡਾ ਟੀ ਵੀ ਯੂ ਐਸ ਏ ਦਾ ਇੱਕ ਸਾਲ ਪੂਰਾ ਹੋਣ 'ਤੇ ਸ਼ਹਿਰ ਦੇ ਪਤਵੰਤੇ ਸਜਣਾਂ ਨੇ ਡਾਇਰੈਕਟਰ ਸਿਮਰਨ ਸਿੰਘ ਨਾਲ ਮਿਲ ਕੇ ਸਾਡਾ ਟੀ ਵੀ ਯੂ ਐਸ ਏ ਦੀ ਪਹਿਲੀ ਐਨਵਰਸਰੀ ਮਨਾਈ। ਇਸ ਮੌਕੇ ਸ਼ਹਿਰ ਦੇ ਪਤਵੰਤੇ ਸੱਜਣਾਂ ਨੇ ਸ਼ਮੂਲੀਅਤ ਕੀਤ। ਜਿਨ੍ਹਾਂ ਵਿੱਚ ਡਾਕਟਰ ਹਰਚੰਦ ਸਿੰਘ, ਬਲਬੀਰ ਸਿੰਘ ਉਸਮਾਨਪੁਰ, ਸੁਰਿੰਦਰ ਸਿੰਘ ਰੇਖੀ, ਹਰਪਾਲ ਸਿੱਧੂ, ਇੰਦਰਜੀਤ ਸਿੰਘ ਬੱਲੋਵਾਲ, ਪਰਮਿੰਦਰ ਸਿੰਘ ਸੰਧੂ, ਮਹਿੰਦਰ ਸਿੰਘ ਬਾਜਵਾ, ਜਤਿੰਦਰ ਸਪਰਾਏ, ਕਰਨ ਸਿੱਧੂ, ਜਸਵੀਰ ਸਹੋਤਾ, ਬਲਬੀਰ ਲਹਿਰਾ, ਪਾਲ ਟਿਵਾਣਾਂ, ਜਸਦੀਪ ਸਿੰਘ ਪਨੇਸਰ, ਰਣਜੀਤ ਤੇਜੀ, ਹਰਪਰੀਤ ਪਰਮਾਰ, ਪਰਮਜੀਤ ਸਿੰਘ, ਹੈਰੀ ਰਾਜੋਵਾਲ, ਸ਼ਿੰਦਰਪਾਲ ਔਜਲਾ, ਵਸੁਧਾ ਸ਼ਰਮਾਂ, ਗੁਡੀਆ, ਪੂਨਮ ਖੰਨਾ, ਰੂਪ ਸੰਧੂ, ਕਸ਼ਮੀਰ ਮੱਟੂ, ਡਾਕਟਰ ਮਨਦੀਪ ਕੌਰ, ਹਰਦੀਪ ਗਿੱਲ, ਹਰਦੇਵ ਸਿੰਘ ਜੱਜ, ਰਿੱਪੀ ਧਾਲੀਵਾਲ ਅਤੇ ਬਹੁਤ ਸਾਰੇ ਪਤਵੰਤੇ ਸੱਜਣਾਂ ਨੇ ਸ਼ਮੂਲੀਅਤ ਕੀਤੀ। ਰੇਖਾ ਪ੍ਰਭਾਕਰ ਅਤੇ ਰਵਿੰਦਰ ਪਨੂੰ ਨੇ ਇਸ ਪਰੋਗਰਾਮ ਦਾ ਸੰਚਾਲਨ ਬਾਖੂਬੀ ਨਾਲ਼ ਕੀਤਾ। ਰਣਜੀਤ ਤੇਜੀ, ਬਲਬੀਰ ਲਹਿਰਾ, ਸਿਮਰਨ ਸਿੰਘ, ਸ਼ਿੰਦਰਪਾਲ ਔਜਲਾ, ਮਹਿੰਦਰ ਬਾਜਵਾ ਅਤੇ ਮਨਜੀਤ ਕੌਰ ਗਿੱਲ ਨੇ ਆਪਣੇ ਗੀਤਾਂ ਨਾਲ਼ ਮਹਿਮਾਨਾਂ ਦੇ ਦਿਲ ਜਿੱਤ ਲਏ। ਇਸ ਮੌਕੇ ਸਾਡਾ ਟੀ ਵੀ ਯੂਐਸਏ ਐਪ ਵੀ ਲਾਂਚ ਕੀਤਾ ਗਿਆ ਜਿਸ 24 ਘੰਟੇ ਟੀਵੀ ਅਤੇ ਰੇਡਿਓ ਨੂੰ ਸੁਣਿਆ ਤੇ ਵੇਖਿਆ ਜਾ ਸਕਦਾ ਹੈ। ਸਾਡਾ ਟੀ ਵੀ ਯੂ ਐਸ ਏ ਦੇ ਡਾਇਰੈਕਟਰ ਸਿਮਰਨ ਸਿੰਘ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ਅਤੇ ਸੁਰਿੰਦਰ ਸਿੰਘ ਰੇਖੀ ਵੱਲੋਂ ਸਾਡਾ ਟੀਵੀ ਯੂਐਸਏ ਦੇ ਸਪਾਂਸਰਾਂ ਨੂੰ ਸਨਮਾਨਿਤ ਕੀਤਾ ਗਿਆ। ਕੁੱਲ ਮਿਲਾ ਕੇ ਇਹ ਪ੍ਰੋਗਰਾਮ ਯਾਦਗਾਰੀ ਹੋ ਨਿਬੜਿਆਂ।

ਦੋਆਬਾ ਸਕੂਲ ਨੂੰ ਮਿਲਿਆ ਯੈਲੋ ਕੈਟਾਗਰੀ ਦਾ ਮਾਣ

ਮਾਹਿਲਪੁਰ (ਸਫਰੀ) - ਚੇਅਰਪਰਸ਼ਨ ਹਰਪ੍ਰੀਤ ਕੌਰ ਤੇ ਮੈਨੇਜਿੰਗ ਡਾਇਰੈਕਟਰ ਹਰਜਿੰਦਰ ਸਿੰਘ ਗਿੱਲ ਦੇ ਦਿਸ਼ਾ-ਨਿਰਦੇਸ਼ਾਂ ਹੇਠ ਚੱਲ ਰਹੀ ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਦੋਆਬਾ ਪਬਲਿਕ ਸਕੂਲ ਦੋਹਲਰੋਂ ਮਾਹਿਲਪੁਰ (ਹੁਸ਼ਿਆਰਪੁਰ) ਨੂੰ ਨਵੇਂ ਸੈਸ਼ਨ 2024-25 ਦੇ ਸ਼ੁਰੂ ਵਿੱਚ ਮਾਣ ਪ੍ਰਾਪਤ ਹੋਇਆ । ਹਰਜਿੰਦਰ ਸਿੰਘ ਗਿੱਲ ਤੇ ਮੈਡਮ ਸੁਖਵਿੰਦਰ ਕੌਰ ਗਿੱਲ ਨੇ ਦੱਸਿਆ ਕਿ ਸਾਇੰਸ ਤੇ ਵਾਤਾਵਰਣ ਵਿਭਾਗ ਨਵੀਂ ਦਿੱਲੀ ਦੁਆਰਾ 'ਗਰੀਨ ਸਕੂਲ ਪ੍ਰੋਗਰਾਮ' ਅਧੀਨ ਸਰਵੇ ਕਰਵਾਏ ਗਏ ਸਨ, ਜਿਸ ਅਧੀਨ ਵਾਤਾਵਰਣ ਪ੍ਰਤੀ ਜਾਗਰੂਕਤਾ , ਸਾਫ ਸਫਾਈ , ਕੂੜੇ ਕਰਕਟ ਦਾ ਸਹੀ ਨਿਪਟਾਰਾ, ਹਰਿਆ-ਭਰਿਆ ਚਾਰ ਚੁਫੇਰਾ , ਸਾਫ ਤੇ ਸ਼ੁੱਧ ਪਾਣੀ, ਪਾਣੀ ਦਾ ਸਹੀ ਉਪਯੋਗ , ਬਾਗਬਾਨੀ ਤੇ ਸਬਜ਼ੀਆਂ ਦੀ ਪੈਦਾਵਾਰ ਇਹਨਾਂ ਸਾਰੇ ਮਾਪਦੰਡਾਂ 'ਤੇ ਪੂਰਾ ਉਤਰਦਿਆਂ ਹੋਇਆ ਸਕੂਲ ਨੂੰ ਯੈਲੋ ਕੈਟੇਗਰੀ ਦਾ ਦਰਜਾ ਮਿਲਿਆ । ਪ੍ਰਿੰਸੀਪਲ ਅਰੁਣ ਗੁਪਤਾ ਜੀ ਨੇ ਖੁਸ਼ੀ ਦਾ ਇਜ਼ਹਾਰ ਕਰਦਿਆਂ ਇਸ ਦੇ ਇੰਚਾਰਜ ਮੈਡਮ ਪਵਨਪ੍ਰੀਤ ਕੌਰ ਨੂੰ ਵਧਾਈ ਦਿੱਤੀ । ਉਹਨਾਂ ਕਿਹਾ ਕਿ ਭਵਿੱਖ ਵਿੱਚ ਵੀ ਅਸੀਂ ਆਪਣੇ ਸਕੂਲ ਤੇ ਆਲੇ ਦੁਆਲੇ ਨੂੰ ਹਰਾ ਭਰਾ ਤੇ ਸਾਫ ਰੱਖਣ ਲਈ ਅਣਥੱਕ ਯਤਨ ਕਰਦੇ ਹੋਏ ਵਾਤਾਵਰਣ ਦੀ ਸਾਂਭ ਸੰਭਾਲ ਲਈ ਵਚਨਵੱਧ ਹਾਂ । ਇਸ ਮੌਕੇ 'ਤੇ ਸਮੂਹ ਸਟਾਫ ਹਾਜ਼ਰ ਸੀ ।

ਸਵੀਪ ਗਤੀਵਿਧੀਆਂ ਤਹਿਤ ਜ਼ਿਲ੍ਹੇ ਦੇ ਸਕੂਲਾਂ 'ਚ ਕਰਵਾਇਆ ਵੋਟਰ ਪ੍ਰਣ

ਜਲੰਧਰ, (ਸ਼ੈਲੀ ਐਲਬਰਟ)-ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਵੱਧ ਤੋਂ ਵੱਧ ਲੋਕਾਂ ਨੂੰ ਆਪਣੇ ਵੋਟ ਦੇ ਅਧਿਕਾਰ ਦੇ ਇਸਤੇਮਾਲ ਲਈ ਉਤਸ਼ਾਹਤ ਕਰਨ ਅਤੇ ਜਲੰਧਰ ਲੋਕ ਸਭਾ ਹਲਕੇ ਵਿੱਚ 70 ਫੀਸਦੀ ਵੋਟਿੰਗ ਦੇ ਟੀਚੇ ਨੂੰ ਪਾਰ ਕਰਨ ਲਈ 'ਸਿਸਟੇਮੈਟਿਕ ਵੋਟਰਜ਼ ਐਜੂਕੇਸ਼ਨ ਐਂਡ ਇਲੈਕਟੋਰਲ ਪਾਰਟੀਸੀਪੇਸ਼ਨ' ਪ੍ਰੋਗਰਾਮ (ਸਵੀਪ) ਤਹਿਤ ਜ਼ਿਲ੍ਹੇ ਵਿੱਚ ਵੱਖ-ਵੱਖ ਜਾਗਰੂਕਤਾ ਸਰਗਰਮੀਆਂ ਕਰਵਾਈਆਂ ਜਾ ਰਹੀਆਂ ਹਨ।

ਸੋਮਵਾਰ ਨੂੰ ਸਵੀਪ ਤਹਿਤ ਜ਼ਿਲ੍ਹੇ ਭਰ ਦੇ ਸਰਕਾਰੀ, ਪ੍ਰਾਈਵੇਟ, ਮਾਨਤਾ ਪ੍ਰਾਪਤ ਸਕੂਲਾਂ ਵਿੱਚ ਵੋਟਰ ਪ੍ਰਣ ਕਰਵਾਇਆ ਗਿਆ। ਇਸ ਮੌਕੇ ਸਕੂਲ ਅਧਿਆਪਕਾਂ ਅਤੇ ਸਵੀਪ ਟੀਮਾਂ ਨੇ ਵਿਦਿਆਰਥੀਆਂ ਨੂੰ ਵੋਟ ਦੀ ਮਹੱਤਤਾ ਬਾਰੇ ਜਾਣੂ ਕਰਵਾਉਂਦਿਆਂ ਦੱਸਿਆ ਕਿ ਲੋਕਤੰਤਰੀ ਪ੍ਰਣਾਲੀ ਵਿੱਚ ਹਰੇਕ ਵੋਟ ਬੇਹੱਦ ਕੀਮਤੀ ਹੈ ਅਤੇ ਇਕ-ਇਕ ਵੋਟ ਦੇਸ਼ ਦਾ ਭਵਿੱਖ ਤੈਅ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੀ ਹੈ। ਇਸ ਲਈ ਹਰੇਕ ਵੋਟਰ ਨੂੰ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਬਿਨਾਂ ਕਿਸੇ ਡਰ ਅਤੇ ਲਾਲਚ ਦੇ ਜ਼ਰੂਰ ਕਰਨੀ ਚਾਹੀਦੀ ਹੈ।

ਇਸ ਦੌਰਾਨ ਵਿਦਿਆਰਥੀਆਂ ਨੂੰ ਆਪਣੇ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ ਅਤੇ ਆਸ ਪਾਸ ਦੇ ਲੋਕਾਂ ਨੂੰ ਵੋਟਾਂ ਪਾਉਣ ਲਈ ਪ੍ਰੇਰਿਤ ਕਰਨ ਤੋਂ ਇਲਾਵਾ ਆਪਣੇ ਘਰਾਂ, ਸੁਸਾਇਟੀਆਂ ਵਿੱਚ ਵੋਟਰ ਜਾਗਰੂਕਤਾ ਦਾ ਸੁਨੇਹਾ ਪਹੁੰਚਾਉਣ ਲਈ ਉਤਸ਼ਾਹਿਤ ਵੀ ਕੀਤਾ ਗਿਆ।

ਜ਼ਿਕਰਯੋਗ ਹੈ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜਲੰਧਰ ਲੋਕ ਹਲਕੇ ਵਿੱਚ 70 ਫੀਸਦੀ ਵੋਟਿੰਗ ਦੇ ਟੀਚੇ ਨੂੰ ਪਾਰ ਕਰਨ ਲਈ ਵੱਡੇ ਪੱਧਰ 'ਤੇ ਵੋਟਰ ਜਾਗਰੂਕਤਾ ਮੁਹਿੰਮ ਚਲਾਈ ਜਾ ਰਹੀ ਹੈ, ਜਿਸ ਤਹਿਤ ਵੋਟ ਦੇ ਅਧਿਕਾਰ ਦੇ ਇਸਤੇਮਾਲ ਬਾਰੇ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ ਹਨ।

ਸਰਬਤ ਦੇ ਭਲੇ ਲਈ ਸਤਲੁਜ ਦਰਿਆ 'ਚ ਬੇੜਾ ਤਾਰਿਆ

ਫਿਲੌਰ (ਨਿਰਮਲ) ਬਾਬਾ ਮੋਤੀ ਰਾਮ ਮਹਿਰਾ ਕਸ਼ਯਪ ਰਾਜਪੂਤ ਸਭਾ ਵੱਲੋਂ ਸਰਬੱਤ ਦੇ ਭਲੇ ਲਈ ਵਰੁਣ ਦੇਵ ਖੁਆਜਾ ਪੀਰ ਜੀ ਦਾ 20ਵਾਂ ਸਾਲਾਨਾ ਬੇੜਾ ਤਾਰਨ ਲਈ ਇੱਕ ਵਿਸ਼ਾਲ ਸਮਾਗਮ ਦਾ ਆਯੋਜਨ ਕੀਤਾ ਗਿਆ।ਐਤਵਾਰ ਨੂੰ ਗੜ੍ਹਾ ਰੋਡ 'ਤੇ ਮੁਹੱਲਾ ਅੰਬੇਦਕਰ ਨਗਰ ਵਿਖੇ ਸਥਿਤ ਵਰੁਣ ਦੇਵ ਖੁਆਜਾ ਮੰਦਰ ਵਿਖੇ ਸਰਬੱਤ ਦੇ ਭਲੇ ਲਈ ਹਵਨ ਯੱਗ ਅਤੇ ਝੰਡੇ ਦੀ ਰਸਮ ਅਦਾ ਕੀਤੀ ਗਈ।ਉਪਰੰਤ ਸ਼ਰਧਾਲੂ ਮਹਿਲਾਵਾਂ ਭਜਨ ਗਾਇਨ ਕੀਤਾ ਗਿਆ।ਬਾਅਦ ਦੁਪਹਿਰ ਅਰਦਾਸ ਉਪਰੰਤ ਬੇੜਾ ਸਤਲੁਜ ਦਰਿਆ ਵਿਖੇ ਤਾਰੇ ਜਾਣ ਲਈ ਵਿਸ਼ਾਲ ਯਾਤਰਾ ਦੀ ਸ਼ੁਰੂਆਤ ਕੀਤੀ ਗਈ ਜਿਸ ਦਾ ਸ਼ਹਿਰ ਦੇ ਵੱਖ ਵੱਖ ਥਾਵਾਂ 'ਤੇ ਸ਼ਰਧਾਲੂ ਸੰਗਤਾਂ ਨੇ ਫੂਲਾਂ ਦੀ ਵਰਖਾ ਕਰਕੇ ਨਿੱਘਾ ਸਵਾਗਤ ਕੀਤਾ।ਸ਼ਹਿਰ ਦੀ ਪ੍ਰੀਕਰਮਾ ਉਪਰੰਤ ਬੇੜਾ ਸਤਲੁਜ ਦਰਿਆ ਵਿਖੇ ਲਿਜਾਇਆ ਗਿਆ।

ਜਿੱਥੇ ਸਰਬੱਤ ਦੇ ਭਲੇ ਲਈ ਖੁਆਜਾ ਪੀਰ ਦੇ ਚਰਨਾਂ ਵਿੱਚ ਅਰਦਾਸ ਕਰਕੇ ਬੇੜਾ ਸਤਲੁਜ ਦਰਿਆ ਵਿੱਚ ਤਾਰਿਆ ਗਿਆ।ਇਸ ਮੌਕੇ ਰਵੀ ਸਨਸੋਆ ਪ੍ਰਧਾਨ, ਵਿਜੇ ਕੁਮਾਰ ਵਾਇਸ ਪ੍ਰਧਾਨ, ਪ੍ਰੋ: ਸੁਖਦੀਪ ਸਿੰਘ ਸਕੱਤਰ, ਉੱਪ ਸਕੱਤਰ ਰਮਨ ਕੁਮਾਰ, ਰਾਜ ਕੁਮਾਰ ਸ਼ੈਟੀ ਕੈਸ਼ੀਅਰ, ਹਰਵਿੰਦਰ ਸਿੰਘ ਗੋਰਾ, ਬਲਵੀਰ ਸਿੰਘ, ਅਸ਼ੋਕ ਕੁਮਾਰ, ਸੰਜੀਵ ਕੁਮਾਰ ਬੋਬੀ, ਜੋਨੀ ਸਿੰਘ, ਪਿਆਰਾ ਲਾਲ ਪਹਿਲਵਾਨ, ਅਮਰਜੀਤ ਤੇਹਿੰਗ, ਜਗਦੀਪ ਜੱਗਾ ਅਤੇ ਹੋਰ ਹਾਜ਼ਰ ਸਨ।

ਪੁਲਸ ਨੇ ਦੋ ਚੋਰਾਂ ਨੂੰ ਕੀਤਾ ਕਾਬੂ

ਜਲੰਧਰ (ਸ਼ੈਲੀ ਐਲਬਰਟ)- ਪੁਲਸ ਕਮਿਸ਼ਨਰ ਸਵਪਨ ਸ਼ਰਮਾ ਦੀ ਅਗਵਾਈ ਹੇਠ ਜਲੰਧਰ ਕਮਿਸ਼ਨਰੇਟ ਪੁਲਸ ਨੇ ਦੋ ਚੋਰਾਂ ਨੂੰ ਕਾਬੂ ਕਰਕੇ ਉਨ੍ਹਾਂ ਕੋਲੋਂ ਛੇ ਮੋਬਾਇਲ ਬਰਾਮਦ ਕੀਤੇ ਹਨ।ਇਸ ਸਬੰਧੀ ਜਾਣਕਾਰੀ ਦਿੰਦਿਆਂ ਪੁਲਿਸ ਕਮਿਸ਼ਨਰ ਨੇ ਦੱਸਿਆ ਕਿ ਸ਼ਹਿਰ ਵਿੱਚੋਂ ਜੁਰਮ ਦਾ ਸਫਾਇਆ ਕਰਨ ਦੀ ਆਪਣੀ ਵਚਨਬੱਧਤਾ ਦੇ ਹਿੱਸੇ ਵਜੋਂ ਕਮਿਸ਼ਨਰੇਟ ਪੁਲਸ ਨੇ ਇੱਕ ਵਿਸ਼ੇਸ਼ ਮੁਹਿੰਮ ਸ਼ੁਰੂ ਕੀਤੀ ਹੈ। ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਤਹਿਤ ਥਾਣਾ ਡਵੀਜ਼ਨ ਨੰਬਰ 3 ਜਲੰਧਰ ਦੀ ਪੁਲਸ ਪਾਰਟੀ ਇਲਾਕੇ ਵਿੱਚ ਗਸ਼ਤ ਕਰ ਰਹੀ ਸੀ ਤਾਂ ਉਨ੍ਹਾਂ ਨੂੰ ਦੋ ਚੋਰਾਂ ਬਾਰੇ ਇਤਲਾਹ ਮਿਲੀ। ਪੁਲਸ ਕਮਿਸ਼ਨਰ ਨੇ ਦੱਸਿਆ ਕਿ ਇਨਪੁਟ 'ਤੇ ਕਾਰਵਾਈ ਕਰਦਿਆਂ ਪੁਲਸ ਪਾਰਟੀ ਨੇ ਸੁਝਾਈ ਹੋਈ ਥਾਂ 'ਤੇ ਛਾਪਾ ਮਾਰ ਕੇ ਦੋ ਚੋਰਾਂ ਨੂੰ ਕਾਬੂ ਕੀਤਾ ਹੈ।ਪੁਲਸ ਕਮਿਸ਼ਨਰ ਨੇ ਦੱਸਿਆ ਕਿ ਚੋਰਾਂ ਦੀ ਪਛਾਣ ਦਮਨ ਥਾਪਰ ਪੁੱਤਰ ਨਰੇਸ਼ ਥਾਪਰ ਵਾਸੀ ਆਰੇਵਾਲੀ ਗਲੀ ਨੰਬਰ 1, ਅਬਾਦਪੁਰਾ ਜਲੰਧਰ ਅਤੇ ਸੰਦੀਪ ਕੁਮਾਰ ਉਰਫ਼ ਪੰਕਾ ਪੁੱਤਰ ਸੁਰਿੰਦਰ ਕੁਮਾਰ ਵਾਸੀ ਨੇੜੇ ਰਾਮ ਲੀਲ੍ਹਾ ਗਰਾਊਂਡ ਲਾਠੀਮਾਰ ਮੁਹੱਲਾ ਜਲੰਧਰ ਵਜੋਂ ਹੋਈ ਹੈ। ਉਨ੍ਹਾਂ ਦੱਸਿਆ ਕਿ ਮੁਲਜ਼ਮਾਂ ਖ਼ਿਲਾਫ਼ ਥਾਣਾ ਡਵੀਜ਼ਨ ਨੰਬਰ 3 ਜਲੰਧਰ ਵਿਖੇ ਐਫ ਆਈ ਆਰ ਦਰਜ ਕੀਤੀ ਗਈ ਹੈ । ਸਵਪਨ ਸ਼ਰਮਾ ਨੇ ਦੱਸਿਆ ਕਿ ਪੁਲਸ ਨੇ ਮੌਕੇ 'ਤੇ ਮੁਲਜ਼ਮਾਂ ਕੋਲੋਂ ਚੋਰੀ ਦੇ ਚਾਰ ਮੋਬਾਇਲ ਬਰਾਮਦ ਕੀਤੇ ਹਨ।

ਸਰਕਾਰੀ ਪ੍ਰਾਇਮਰੀ ਸਕੂਲ ਭਾਮ 'ਚ ਗ੍ਰੈਜੂਏਸ਼ਨ ਸੈਰੇਮਨੀ ਮਨਾਈ

ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)-ਜ਼ਿਲ੍ਹਾ ਸਿੱਖਿਆ ਅਫਸਰ ਕਮਲਦੀਪ ਕੌਰ ਦੀ ਅਗਵਾਈ ਅਤੇ ਸੁਰਿੰਦਰ ਸੈਂਟਰ ਹੈਡ ਟੀਚਰ ਦੀ ਦੇਖ ਰੇਖ ਹੇਠ ਸਰਕਾਰੀ ਪ੍ਰਾਇਮਰੀ ਸਕੂਲ ਭਾਮ ਵਿੱਚ ਗ੍ਰੈਜੂਏਸ਼ਨ ਸੈਰੇਮਨੀ ਮਨਾਈ ਗਈ। ਬੱਚਿਆਂ ਦੀਆਂ ਸਾਲ ਭਰ ਦੀਆਂ ਸਾਰੇ ਖੇਤਰਾਂ

2-APRIL-PAGE-10.qxd 4/1/2024 10:33 PM Page 1

ਸੀ ਪੀ ਆਈ (ਐੱਮ ਐੱਲ) ਲਿਬਰੇਸ਼ਨ ਵੱਲੋਂ ਫਿਰਕੂ ਫਾਸ਼ੀਵਾਦੀ ਭਾਜਪਾ ਨੂੰ ਹਰਾਉਣ ਦਾ ਸੱਦਾ

ਮਾਨਸਾ (ਆਤਮਾ ਸਿੰਘ ਪਮਾਰ)

ਸੀ ਪੀ ਆਈ (ਐਮ.ਐਲ) ਲਿਬਰੇਸ਼ਨ ਦੀ ਜ਼ਿਲ੍ਹਾ ਕਮੇਟੀ ਦੀ ਮੀਟਿੰਗ ਬਾਬਾ ਬੂਝਾ ਸਿੰਘ ਭਵਨ ਵਿਖੇ ਹੋਈ। ਮੀਟਿੰਗ ਵਿੱਚ ਸੱਦਾ ਦਿੱਤਾ ਕਿ ਲੋਕ ਸਭਾ ਚੋਣਾਂ ਦੌਰਾਨ ਮੋਦੀ ਦੀ ਫਿਰਕੂ ਫ਼ਾਸ਼ੀਵਾਦੀ ਸਰਕਾਰ ਨੂੰ ਹਰਾਉਣ ਲਈ ਪੂਰੀ ਤਾਕਤ ਨਾਲ ਮੈਦਾਨ ਵਿੱਚ ਨਿੱਤਰਿਆ ਜਾਵੇ।

ਮੀਟਿੰਗ ਦੀ ਪ੍ਰਧਾਨਗੀ ਕਾਮਰੇਡ ਸੁਰਿੰਦਰ ਪਾਲ ਵੱਲੋਂ ਕੀਤੀ ਗਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸੀ.ਪੀ.ਆਈ ਐੱਮ.ਐੱਲ ਲਿਬਰੇਸ਼ਨ ਦੇ ਕੇਂਦਰੀ ਕਮੇਟੀ ਮੈਂਬਰ ਕਾਮਰੇਡ ਰਾਜਵਿੰਦਰ ਰਾਣਾ ਨੇ ਕਿਹਾ ਕਿ ਸੰਵਿਧਾਨ, ਲੋਕਤੰਤਰ ਫੈਡਰਲ ਢਾਂਚੇ ਤੋਂ ਇਲਾਵਾ ਦੇਸ਼ ਦੇ ਧਰਮ ਨਿਰਪੱਖ ਢਾਂਚੇ ਨੂੰ ਬਚਾਉਣ ਲਈ ਆ ਰਹੀਆਂ ਲੋਕ ਸਭਾ ਚੋਣਾਂ ਵਿੱਚ ਫਿਰਕੂ ਫ਼ਾਸ਼ਿਸ਼ਟ ਸੰਘ-ਬੀ.ਜੇ.ਪੀ ਗਿਰੋਹ ਤੇ ਉਸਦੇ ਭਾਈਵਾਲਾਂ ਨੂੰ ਹਰਾਉਣ ਲਈ ਪੂਰੀ ਤਾਕਤ ਨਾਲ ਜਨਤਕ ਲਾਮਬੰਦੀ ਕਰਕੇ ਮੁਹਿਮ ਚਲਾਈ ਜਾਵੇਗੀ

ਸੂਬਾ ਕਮੇਟੀ ਮੈਂਬਰ ਤੇ ਕਿਸਾਨ ਆਗੂ ਰੁਲਦੂ ਸਿੰਘ ਮਾਨਾ ਤੇ ਮਜ਼ਦੂਰ ਆਗੂ ਵਿਜੇ ਕੁਮਾਰ ਭੀਖੀ ਨੇ ਕਿਹਾ ਮੋਦੀ ਸਰਕਾਰ ਵੱਲੋਂ ਆਪਣੇ ਕਾਰਜ਼ਕਾਲ ਦੌਰਾਨ ਕਾਰਪੋਰੇਟ ਘਰਾਣਿਆਂ ਤੋਂ ਫੰਡ ਲੈ ਕੇ ਦੇਸ਼ ਦੇ ਜਨਤਕ ਅਦਾਰਿਆਂ ਤੇ ਕਿਸਾਨਾਂ ਦੀਆਂ ਜ਼ਮੀਨਾਂ ਨੂੰ ਜਬਰੀ ਐਕਵਾਇਰ ਕੀਤਾ ਜਾ ਰਿਹਾ ਹੈ।ਮਜ਼ਦੂਰਾਂ ਦੇ ਕਿਰਤ ਕਾਨੂੰਨਾਂ ਵਿੱਚ ਏਜੰਡੇ ਨੂੰ ਤੇਜ਼ੀ ਨਾਲ ਲਾਗੂ ਕਰਦਿਆਂ ਦੇਸ਼ ਦੀ ਧਰਮ ਨਿਰਪੱਖਤਾ ਨੂੰ ਸੱਟ ਮਾਰ ਕੇ ਦਲਿਤਾਂ, ਘੱਟ ਗਿਣਤੀਆਂ ਤੇ ਔਰਤਾਂ ਖ਼ਿਲਾਫ਼ ਮਾਹੌਲ ਸਿਰਜਿਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਸੰਵਿਧਾਨ ਨੂੰ ਬਦਲ ਕੇ ਮੰਨੂ ਸਿਮਰਤੀ ਨੂੰ ਲਾਗੂ ਕਰਨਾ ਚਾਹੁੰਦੀ ਹੈ।

ਕਾਮਰੇਡ ਨਛੱਤਰ ਖੀਵਾ ਨੇ ਕਿਹਾ ਕਿ ਲਿਬਰੇਸ਼ਨ ਦੇਸ਼ ਪੱਧਰ ਤੇ ਇੰਡੀਆ ਗਠਜੋੜ ਦਾ ਹਿੱਸਾ ਹੈ। ਇਸ ਲਈ ਪਾਰਟੀ ਪੰਜਾਬ ਅੰਦਰ ਭਾਜਪਾ ਤੇ ਉਸ ਦੇ ਸਹਿਯੋਗੀਆਂ ਨੂੰ ਹਰਾਉਣ ਲਈ ਇੰਡੀਆ ਗਠਜੋੜ ਦੇ ਉਮੀਦਵਾਰਾਂ ਦੀ ਤਨਦੇਹੀ ਨਾਲ ਮੱਦਦ ਕਰੇਗੀ।

ਬਾਬਾ ਜੋਗੀ ਪੀਰ ਸਕੂਲ ਦਾ ਨਾਨ-ਬੋਰਡ ਕਲਾਸਾਂ ਦਾ ਨਤੀਜਾ ਐਲਾਨਿਆ

ਭੀਖੀ (ਧਰਮਵੀਰ ਸ਼ਰਮਾ)-ਨੇੜਲੇ ਪਿੰਡ ਰੱਲਾ ਦੇ ਬਾਬਾ ਜੋਗੀ ਪੀਰ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦਾ ਸਾਲਾਨਾ ਨਤੀਜਾ ਐਲਾਨਿਆ ਗਿਆ। ਇਸ ਮੌਕੇ ਮੈਨੇਜਿੰਗ ਡਾਇਰੈਕਟਰ ਡਾ. ਗੁਰਤੇਜ ਸਿੰਘ ਚਹਿਲ ਤੇ ਪ੍ਰਿੰਸੀਪਲ ਨੇਹਾ ਗਰਗ ਮੌਜੂਦ ਸਨ। ਪ੍ਰਿੰਸੀਪਲ ਨੇਹਾ ਗਰਗ ਨੇ ਸਾਲ 2023-24 ਦੌਰਾਨ ਸਕੂਲ ਦੀਆਂ ਪ੍ਰਾਪਤੀਆਂ ਦਾ ਜ਼ਿਕਰ ਕੀਤਾ। ਉਨ੍ਹਾਂ ਵੱਲੋਂ ਮਾਪਿਆਂ ਨੂੰ ਨਵੇਂ ਦਾਖਲਿਆਂ ਬਾਰੇ ਪ੍ਰੇਰਿਤ ਕੀਤਾ। ਸਕੂਲ ਦਾ ਨਤੀਜਾ ਸ਼ਤ ਪ੍ਰਤੀਸ਼ਤ ਰਿਹਾ। ਨਾਨ-ਬੋਰਡ ਜਮਾਤਾਂ ਵਿੱਚੋਂ ਪੁਜ਼ੀਸ਼ਨਾਂ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਇਨਾਮ ਦਿੱਤੇ ਗਏ ਤੇ ਵਿਦਿਆਰਥੀਆਂ ਨੂੰ ਯੂਨੀਫਾਰਮ, ਸਾਲਾਨਾ ਹਾਜ਼ਰੀ ਤੇ ਉਨ੍ਹਾਂ ਦੀ ਅਕਾਦਮਿਕ ਯੋਗਤਾ ਤੇ ਐਪਰੀਸੀਏਸ਼ਨ ਐਵਾਰਡ ਦਿੱਤੇ ਗਏ। ਪ੍ਰਿੰਸੀਪਲ ਨੇਹਾ ਗਰਗ ਵੱਲੋਂ ਵਿਦਿਆਰਥੀਆਂ ਦੇ ਸੁਨਹਿਰੀ ਭਵਿੱਖ ਦੀ ਕਾਮਨਾ ਕੀਤੀ ਗਈ। ਉਨ੍ਹਾਂ ਸਕੂਲ ਵਿੱਚ ਉਪਲਬਧ ਸਹੂਲਤਾਂ ਜਿਵੇਂ ਕਿ ਕੰਪਿਊਟਰ ਲੈਬ, ਸਾਇੰਸ ਲੈਬ, ਲਾਇਬਰੇਰੀ ਆਦਿ ਦਾ ਜ਼ਿਕਰ ਕੀਤਾ। ਮਾਪਿਆਂ ਨੇ ਬਾਬਾ ਜੋਗੀ ਪੀਰ ਸਕੂਲ ਟੀਮ ਦੀ ਮਿਹਨਤ ਦੀ ਪ੍ਰਸੰਸਾ ਕੀਤੀ ਤੇ ਸਕੂਲ ਦੀ ਦਿਨ ਦੁੱਗਣੀ ਰਾਤ ਚੌਗੁਣੀ ਦੀ ਤਰੱਕੀ ਲਈ ਕਾਮਨਾ ਕੀਤੀ। ਇਸ ਮੌਕੇ ਜਸਵੀਰ ਕੌਰ, ਕਿਰਨਜੀਤ ਕੌਰ, ਅਮਰਜੀਤ ਕੌਰ, ਵੀਰਪਾਲ ਰਾਣੀ, ਸਪਨਾ ਰਾਣੀ, ਅਮਨਪ੍ਰੀਤ ਕੌਰ, ਸੁਖਬੀਰ ਕੌਰ, ਅਮਨਦੀਪ ਕੌਰ, ਅਮਰੀਕ ਸਿੰਘ, ਕੁਲਦੀਪ ਸਿੰਘ, ਚਾਨਣ ਸਿੰਘ ਤੇ ਗੁਰਪ੍ਰੀਤ ਸਿੰਘ ਆਦਿ ਅਧਿਆਪਕ ਮੌਜੂਦ ਸਨ।

ਸਾਹਿਤਕ ਸਮਾਗਮ 'ਫੁੱਲਾਂ ਦੀ ਫੁਲਕਾਰੀ' ਯਾਦਗਾਰੀ ਹੋ ਨਿੱਬੜਿਆ

ਪੰਜਾਬੀ ਮਾਤ ਭਾਸ਼ਾ ਨੂੰ ਪ੍ਰਫੁਲਿਤ ਕਰਨ ਲਈ ਅਜਿਹੇ ਸਮਾਗਮ ਸਾਰਥਿਕ ਹੁੰਦੇ ਹਨ : ਡਾ. ਹਰਪ੍ਰੀਤ ਕੌਰ

ਰਾਜਪੁਰਾ (ਰਮੇਸ਼ ਕਟਾਰੀਆ)

ਅੰਤਰਰਾਸ਼ਟਰੀ ਮਹਿਲਾ ਦਿਵਸ ਨੂੰ ਸਮਰਪਤ ਸਥਾਨਕ ਲੋਕ ਸਾਹਿਤ ਸੰਗਮ ਤੇ ਪੰਜਾਬ ਸੱਭਿਆਚਾਰਕ ਨਾਰੀ ਵਿਰਸਾ ਮੰਚ ਪੰਜਾਬ ਵੱਲੋਂ ਪ੍ਰਧਾਨ ਡਾ. ਗੁਰਵਿੰਦਰ ਅਮਨ ਤੇ ਬੀਬੀ ਸੁਰਿੰਦਰ ਕੌਰ ਬਾੜਾ ਦੀ ਦੇਖ-ਰੇਖ ਵਿੱਚ 'ਫੁੱਲਾਂ ਦੀ ਫੁਲਕਾਰੀ' ਸੱਭਿਆਚਾਰਕ ਸਾਹਿਤਕ ਸਮਾਗਮ ਸਥਾਨਕ ਰੋਟਰੀ ਕਲੱਬ ਵਿਖੇ ਕਰਵਾਇਆ ਗਿਆ, ਜਿਸ ਵਿੱਚ ਮੁੱਖ ਮਹਿਮਾਨ ਵਜੋਂ ਭਾਸ਼ਾ ਵਿਭਾਗ ਪੰਜਾਬ ਦੀ ਡਾਇਰੈਕਟਰ ਡਾ. ਹਰਪ੍ਰੀਤ ਕੌਰ ਵਿਸ਼ੇਸ਼ ਤੌਰ 'ਤੇ ਪਹੁੰਚੇ।ਸਮਾਗਮ ਵਿੱਚ ਦੇਸ਼ ਵਿਦੇਸ਼ਾਂ ਵਿੱਚ ਪੰਜਾਬੀ ਵਿਰਸੇ ਨੂੰ ਸੰਭਾਲੀ ਬੈਠੇ ਸਹਿਤਕਾਰਾਂ, ਲੇਖਕਾਂ ਤੇ ਕਲਾਕਾਰਾਂ ਨੇ ਹਿੱਸਾ ਲਿਆ।ਸਮਾਗਮ ਦੌਰਾਨ ਸਾਹਿਤਕਾਰਾਂ ਨੇ ਆਪਣੀਆਂ ਮਹਿਲਾ ਦਿਵਸ ਨੂੰ ਸਮਰਪਤ ਚੋਣਵੀਆਂ ਰਚਨਾਵਾਂ ਸੁਣਾ ਕੇ ਮਾਹੌਲ ਸਿਰਜ ਦਿੱਤਾ।ਇਸ ਮੌਕੇ ਸ਼੍ਰੋਮਣੀ ਸਾਹਿਤਕਾਰ ਡਾ. ਦਰਸ਼ਨ ਸਿੰਘ ਆਸ਼ਟ, ਸ਼੍ਰੋਮਣੀ ਕਵੀ ਡਾ. ਅਮਰਜੀਤ ਸਿੰਘ ਕੌਂਕੇ, ਉੱਘੇ ਗੀਤਕਾਰ ਧਰਮ ਕੰਮਿਆਣਾ, ਵਧੀਕ ਟ੍ਰਾਂਸਪੋਰਟ ਕਮਿਸ਼ਨਰ ਅਮਰਜੀਤ ਸਿੰਘ, ਕੈਲੀਫੋਰਨੀਆ (ਅਮਰੀਕਾ) ਦੇ ਪੰਜਾਬੀ ਸਾਹਿਤ ਸਭਾ ਦੇ ਪ੍ਰਧਾਨ ਹਰਜਿੰਦਰ ਸਿੰਘ ਪੰਧੇਰ, ਉੱਘੇ ਫਿਲਮੀ ਗੀਤਕਾਰ ਤੇ ਗਾਇਕ ਰਾਜਬੀਰ ਮੱਲ੍ਹੀ, ਫਿਲਮੀ ਕਲਾਕਾਰ ਅਸ਼ੋਕ ਤਾਂਗੜੀ, ਸਰਬਜੀਤ ਸਿੰਘ ਲੁਧਿਆਣਾ, ਉੱਘੇ ਗਾਇਕ ਜੋੜੀ ਕੁਲਵੰਤ ਬਿੱਲਾ ਤੇ ਕੁਲਵੰਤ ਕੌਰ, ਸਾਹਿਤਕਾਰ ਡਾ. ਸੋਨੀਆ ਸਵੀਡਨ, ਵਿਜੈ ਧੀਰ, ਧਰਮਿੰਦਰ ਸ਼ਾਹਿਦ ਸਮੇਤ ਲੋਕ ਸਾਹਿਤ ਸੰਗਮ ਤੇ ਨਾਰੀ ਵਿਰਸਾ ਮੰਚ ਦੇ ਮੈਂਬਰਾਂ ਨੇ ਆਪਣੀਆਂ ਰਚਨਾਵਾਂ ਸੁਣਾ ਕੇ ਰੰਗ ਬੰਨ੍ਹ ਦਿੱਤੇ ਅਤੇ ਪ੍ਰਬੰਧਕਾਂ ਵੱਲੋਂ ਸਾਰੇ ਦੇਸ਼ ਵਿਦੇਸ਼ ਤੋਂ ਆਏ ਮਹਿਮਾਨ ਸਾਹਿਤਕਾਰਾਂ ਦਾ ਸਨਮਾਨ ਕੀਤਾ ਗਿਆ।ਇਸ ਮੌਕੇ ਦਿਲਸ਼ੈਨਜੋਤ ਕੌਰ ਤੇ ਵਾਇਸ ਆਫ ਪੰਜਾਬ ਦੇ ਰਨਰਅੱਪ ਪ੍ਰਦੀਪ ਜੱਸਲ ਦਾ ਸਨਮਾਨ ਵੀ ਕੀਤਾ ਗਿਆ।ਸਮਾਗਮ ਦੀ ਮੁੱਖ ਮਹਿਮਾਨ ਡਾਇਰੈਕਟਰ ਭਾਸ਼ਾ ਵਿਭਾਗ ਪੰਜਾਬ ਡਾ. ਹਰਪ੍ਰੀਤ ਕੌਰ ਨੇ ਇਸ ਸਮਾਗਮ ਲਈ ਪ੍ਰਬੰਧਕਾਂ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਅਜਿਹੀਆਂ ਸਾਹਿਤਕ ਮਿਲਣੀਆਂ ਨਾਲ ਪੰਜਾਬੀ ਮਾਤ ਭਾਸ਼ਾ ਪ੍ਰਫੁਲਤ ਹੁੰਦੀ ਹੈ ਤੇ ਅਜਿਹੇ ਸਾਹਿਤਕ ਸਮਾਗਮ ਪੰਜਾਬ ਵਿੱਚ ਹੁੰਦੇ ਰਹਿਣੇ ਚਾਹੀਦੇ ਹਨ।ਸਾਰੇ ਪ੍ਰੋਗਰਾਮ ਦੌਰਾਨ ਮੰਗਤ ਖਾਨ ਤੇ ਡਾ. ਰਜਿੰਦਰ ਕੌਰ ਬਾਜਵਾ ਨੇ ਸਟੇਜ ਬਾਖੂਬੀ ਸੰਭਾਲੀ।ਇਸ ਮੌਕੇ ਲੋਕ ਸਾਹਿਤ ਸੰਗਮ ਦੇ ਚੇਅਰਮੈਨ ਡਾ. ਹਰਜੀਤ ਸਿੰਘ ਸੱਧਰ, ਸਰਪ੍ਰਸਤ ਬਲਦੇਵ ਸਿੰਘ ਖੁਰਾਣਾ, ਜਨਰਲ ਸਕੱਤਰ ਸੁਰਿੰਦਰ ਸਿੰਘ ਸੋਹਣਾ, ਕਰਮ ਸਿੰਘ ਹਕੀਰ, ਕੁਲਵੰਤ ਜੱਸਲ, ਸੁਨੀਤਾ ਦੇਸ ਰਾਜ, ਰਣਜੀਤ ਸਿੰਘ ਫਤਹਿਗੜ੍ਹ ਸਾਹਿਬ ਸਮੇਤ ਹੋਰ ਮੈਂਬਰਾਂ ਨੇ ਆਪਣੀਆਂ ਸੇਵਾਵਾਂ ਨਿਭਾਈਆਂ।

ਸਰੀਰ ਦਾਨੀ ਕਪੂਰ ਸਿੰਘ ਦੀ ਯਾਦ 'ਚ ਅੱਖਾਂ ਦਾ ਮੁਫਤ ਕੈਂਪ

ਬਰੇਟਾ (ਰੀਤਵਾਲ)-ਮਰਹੂਮ ਸਰੀਰਦਾਨੀ ਕਪੂਰ ਸਿੰਘ ਬਹਾਦਰਪੁਰ ਦੀ ਯਾਦ ਨੂੰ ਸਮਰਪਤ ਅੱਖਾਂ ਦਾ 111ਵਾਂ ਕੈਂਪ ਆਸਰਾ ਫਾਊਂਡੇਸ਼ਨ ਬਰੇਟਾ ਵੱਲੋਂ ਜਿਉਣਾ ਮੱਲ ਕਪੂਰ ਚੰਦ ਦੇ ਸਹਿਯੋਗ ਨਾਲ ਗੁਰਦੁਆਰਾ ਸਾਹਿਬ ਭਾਈ ਘਨ੍ਹਈਆ ਜੀ ਵਿਖੇ ਸੱਤ ਤਿਰਵੈਣ ਗਿਰੀ ਪੁਨਰਜੋਤੀ ਆਈ ਡੋਨੇਸ਼ਨ ਹਸਪਤਾਲ ਰਾਮਪੁਰਾ ਫੂਲ ਵੱਲੋਂ ਲਗਾਇਆ ਗਿਆ, ਜਿਸ ਵਿੱਚ 692 ਮਰੀਜ਼ ਚੈੱਕ ਕਰਕੇ 163 ਮਰੀਜ਼ ਫਰੀ ਲੈਂਜ ਪਾਉਣ ਲਈ ਸਿਲੈਕਟ ਕੀਤੇ ਗਏ, ਜਿਨ੍ਹਾਂ ਨੂੰ ਸ਼ਿਫਟਾਂ ਵਿੱਚ ਲੈ ਜਾ ਕੇ ਲੈਂਜ ਪਵਾਏ ਜਾਣਗੇ। ਟੀਮ ਆਸਰਾ ਦੇ ਪ੍ਰਧਾਨ ਡਾਕਟਰ ਗਿਆਨ ਚੰਦ ਆਜ਼ਾਦ, ਪਰਮਜੀਤ ਸਿੰਘ ਪੰਮਾ ਵੱਲੋਂ ਆਏ ਹੋਏ ਮਰੀਜ਼ਾਂ ਨੂੰ ਅੱਖਾਂ ਦੀਆਂ ਬਿਮਾਰੀਆਂ ਤੇ ਸਾਂਭ ਸੰਭਾਲ ਬਾਰੇ ਵਿਸਥਾਰ ਪੂਰਵਕ ਦੱਸਿਆ ਗਿਆ।ਮੁੱਖ ਮਹਿਮਾਨ ਦੇ ਤੌਰ 'ਤੇ ਪਹੁੰਚੇ ਸਮਾਜ ਸੇਵੀ ਸ੍ਰ. ਰਵਿੰਦਰ ਸਿੰਘ ਸੇਖੋਂ ਕਾਨਗੜ੍ਹ, ਗਿਆਨ ਸਾਗਰ ਕਾਨਵੈਂਟ ਸਕੂਲ ਦੇ ਚੇਅਰਮੈਨ ਰਾਮਪਾਲ ਸਿੰਘ ਸੇਖੋਂ, ਸਤਪਾਲ ਸਿੰਘ ਸਰਪੰਚ ਪਿੰਡ ਕਾਨਗੜ੍ਹ ਵੱਲੋਂ ਕੈਂਪ ਵਿੱਚ ਪਹੁੰਚ ਕੇ ਟੀਮ ਆਸਰਾ ਦੀ ਹੌਸਲਾ ਅਫਜ਼ਾਈ ਕਰਦਿਆਂ ਕਿਹਾ ਕਿ ਸਾਨੂੰ ਸਾਡੇ ਇਲਾਕੇ ਦੀ ਇਸ ਸੰਸਥਾ ਉੱਤੇ ਬਹੁਤ ਮਾਣ ਹੈ, ਜਿਹੜੀ ਕਿ ਹਰ ਤਰ੍ਹਾਂ ਦੇ ਸਮਾਜ ਭਲਾਈ ਦੇ ਕੰਮਾਂ ਤੋਂ ਇਲਾਵਾ ਹਰ ਮਹੀਨੇ ਦੇ ਆਖਰੀ ਐਤਵਾਰ ਨੂੰ ਅੱਖਾਂ ਦੇ ਕੈਂਪ ਲਗਾ ਕੇ ਲੋੜਵੰਦਾਂ ਦੇ ਘਰਾਂ ਵਿੱਚ ਚਾਨਣ ਭਰ ਰਹੀ ਹੈ।ਇਸ ਕੈਂਪ ਵਿੱਚ ਲੰਗਰ ਦੀ ਸੇਵਾ ਬਾਬਾ ਰਣਜੀਤ ਸਿੰਘ ਟੈਣੀ ਮੁੱਖ ਸੇਵਾਦਾਰ ਗੁਰਦੁਆਰਾ ਸਾਹਿਬ ਭਾਈ ਘਨ੍ਹਈਆ ਜੀ ਦੀ ਟੀਮ ਵੱਲੋਂ ਕੀਤੀ ਗਈ।ਇਸ ਮੌਕੇ ਇਲਾਕੇ ਤੇ ਸ਼ਹਿਰ ਦੇ ਮੋਹਤਬਰਾਂ ਤੋਂ ਇਲਾਵਾ ਅਕਾਲ ਯੂਨੀਵਰਸਿਟੀ ਤਲਵੰਡੀ ਸਾਬੋ, ਜ਼ਿਲ੍ਹਾ ਰੂਰਲ ਯੂਥ ਐਸੋਸੀਏਸ਼ਨ ਮਾਨਸਾ, ਮਾਤਾ ਗੁਜਰੀ ਭਲਾਈ ਕੇਂਦਰ ਬੁਢਲਾਡਾ, ਸੰਜੀਵਨੀ ਵੈੱਲਫੇਅਰ ਸੋਸਾਇਟੀ ਬੁਢਲਾਡਾ, ਏਕ ਨੂਰ ਵੈੱਲਫੇਅਰ ਐਸੋਸੀਏਸ਼ਨ ਮਾਨਸਾ, ਭਾਰਤ ਵਿਕਾਸ ਪ੍ਰੀਸ਼ਦ ਬਰੇਟਾ, ਅਰਿਹੱਤ ਕਾਲਜ ਆਫ ਐਜੂਕੇਸ਼ਨ ਤੋਂ ਇਲਾਵਾ ਆਸਰਾ ਫਾਊਂਡੇਸ਼ਨ ਬਰੇਟਾ ਦੀ ਸਾਰੀ ਟੀਮ ਹਾਜ਼ਰ ਸੀ।

ਰਾਜਾ ਗਿੱਲ ਵੱਲੋਂ ਬੂਥ ਪੱਧਰ ਦੇ ਕਾਂਗਰਸੀ ਵਰਕਰਾਂ ਨਾਲ ਮੀਟਿੰਗ

ਮਾਛੀਵਾੜਾ ਸਾਹਿਬ (ਸ਼ੈਕੀ ਸ਼ਰਮਾ, ਜਗਦੀਸ਼ ਰਾਏ)

ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਹਲਕਾ ਸਮਰਾਲਾ ਤੋਂ ਕਾਂਗਰਸ ਪਾਰਟੀ ਇੰਚਾਰਜ਼ ਰੁਪਿੰਦਰ ਸਿੰਘ ਰਾਜਾ ਗਿੱਲ ਵੱਲੋਂ ਕਈ ਪਿੰਡਾਂ ਵਿਚ ਬੂਥ ਪੱਧਰ ਦੇ ਵਰਕਰਾਂ ਨਾਲ ਮੀਟਿੰਗਾਂ ਕੀਤੀਆਂ ਗਈਆਂ। ਨੇੜਲੇ ਪਿੰਡ ਹੇੜੀਆਂ ਵਿਖੇ ਰਮਨਦੀਪ ਸਿੰਘ ਗੋਲੂ ਦੇ ਗ੍ਰਹਿ ਵਿਖੇ ਹੋਈ ਮੀਟਿੰਗ 'ਚ ਭਾਰੀ ਗਿਣਤੀ 'ਚ ਕਾਂਗਰਸੀ ਵਰਕਰਾਂ ਨੇ ਸ਼ਮੂਲੀਅਤ ਕੀਤੀ। ਰਾਜਾ ਗਿੱਲ ਨੇ ਕਿਹਾ ਕਿ ਲੋਕ ਸਭਾ ਚੋਣਾਂ ਦੀਆਂ ਤਿਆਰੀਆਂ ਸਬੰਧੀ ਬੂਥ ਪੱਧਰ ਦੇ ਵਰਕਰਾਂ ਨਾਲ ਮੀਟਿੰਗ ਕਰ ਡਿਊਟੀਆਂ ਲਾਈਆਂ ਜਾ ਰਹੀਆਂ ਹਨ ਕਿ ਉਹ ਪਿੰਡਾਂ ਵਿਚ ਜਾ ਕੇ ਲੋਕਾਂ ਨੂੰ ਪਾਰਟੀ ਨਾਲ ਜੋੜਨ। ਉਨ੍ਹਾਂ ਕਿਹਾ ਕਿ ਕਾਂਗਰਸ ਜੋ ਵੀ ਉਮੀਦਵਾਰ ਨੂੰ ਚੋਣ ਮੈਦਾਨ ਵਿਚ ਉਤਾਰੇਗੀ ਉਸ ਨੂੰ ਭਾਰੀ ਬਹੁਮਤ ਨਾਲ ਜਿਤਾਉਣਾ ਹਰੇਕ ਕਾਂਗਰਸੀ ਵਰਕਰ ਦਾ ਫ਼ਰਜ਼ ਹੈ ਅਤੇ ਉਸ ਲਈ ਸਭ ਨੂੰ ਤਨਦੇਹੀ ਨਾਲ ਕੰਮ ਕਰਨਾ ਪਵੇਗਾ। ਇਸ ਮੌਕੇ ਬਲਾਕ ਪ੍ਰਧਾਨ ਪਰਮਿੰਦਰ ਤਿਵਾੜੀ, ਪ੍ਰਧਾਨ ਯੂਥ ਕਾਂਗਰਸ ਜਸਪ੍ਰੀਤ ਸਿੰਘ ਸਹਿਜੋ ਮਾਜਰਾ, ਮੰਡਲ ਪ੍ਰਧਾਨ ਗਗਨਦੀਪ ਸਿੰਘ ਬਰਮਾ, ਮਾਲਵਿੰਦਰ ਸਿੰਘ ਸਰਪੰਚ ਮੁਸਕਾਬਾਦ, ਸਰਬਜੀਤ ਸਿੰਘ ਖੀਰਨੀਆ, ਗੁਰਪ੍ਰੀਤ ਸਿੰਘ ਸਰਪੰਚ ਟੱਪਰੀਆਂ, ਨਾਜਰ ਸਿੰਘ ਕਕਰਾਲਾ ਖੁਰਦ, ਦਲਜੀਤ ਸਿੰਘ ਸਰਪੰਚ ਕਕਰਾਲਾ ਕਲਾਂ, ਅਮਰਿੰਦਰ ਕੌਰ ਮੱਲਮਾਜਰਾ, ਵਿਜੇ ਕੁਮਾਰ ਸਿਹਾਲਾ, ਇੰਦਰਜੀਤ ਸਿੰਘ ਕਟਾਲਾ, ਗੁਰਬਚਨ ਸਿੰਘ ਟੋਡਰਪੁਰ, ਜਸਪ੍ਰੀਤ ਸਿੰਘ, ਪ੍ਰੀਤਮ ਸਿੰਘ ਬੇਦਲੀ ਹਾਜ਼ਰ ਸਨ।

ਟ੍ਰੈਫਿਕ ਇੰਚਾਰਜ ਜਗਤਾਰ ਸਿੰਘ ਦੀ ਟੀਮ ਨੂੰ ਕੀਤਾ ਸਨਮਾਨਤ

ਬਾਘਾ ਪੁਰਾਣਾ (ਮਨੀ ਸਿੰਗਲਾ)-ਟ੍ਰੈਫਿਕ ਪੁਲਸ ਬਾਘਾ ਪੁਰਾਣਾ ਦੇ ਇੰਚਾਰਜ ਏ ਐੱਸ ਆਈ ਜਗਤਾਰ ਸਿੰਘ ਦੀ ਟੀਮ ਨੂੰ ਉਨ੍ਹਾਂ ਵੱਲੋਂ ਸ਼ਹਿਰ ਅੰਦਰ ਨਿਭਾਈਆਂ ਜਾ ਰਹੀਆਂ ਸੇਵਾਵਾਂ ਤੇ ਲੋਕਾਂ ਨੂੰ ਟ੍ਰੈਫਿਕ ਸਮੱਸਿਆ ਤੋਂ ਬਚਾਉਣ ਲਈ ਉਨ੍ਹਾਂ ਦੀ ਟੀਮ ਵੱਲੋਂ ਕੀਤੀ ਜਾਂਦੀ ਜੱਦੋ ਜਹਿਦ ਨੂੰ ਦੇਖਦਿਆਂ ਪ੍ਰਸਿੱਧ ਸਮਾਜ ਸੇਵੀ ਸਤਨਾਮ ਸਿੰਘ ਵਾਸੀ ਕੋਟਲਾ ਮਿਹਰ ਸਿੰਘ ਵਾਲਾ ਵੱਲੋਂ ਆਪਣੇ ਜਨਮ ਦਿਨ 'ਤੇ ਟ੍ਰੈਫਿਕ ਪੁਲਸ ਬਾਘਾ ਪੁਰਾਣਾ ਦੇ ਇੰਚਾਰਜ ਏ ਐੱਸ ਆਈ ਜਗਤਾਰ ਸਿੰਘ, ਏ ਐੱਸ ਆਈ ਜਸਵੀਰ ਸਿੰਘ, ਜਗਰੂਪ ਸਿੰਘ ਹੈੱਡ ਕਾਂਸਟੇਬਲ, ਹੈੱਡ ਕਾਂਸਟੇਬਲ ਪਰਮਜੀਤ ਕੌਰ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਪਾ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਟ੍ਰੈਫਿਕ ਇੰਚਾਰਜ ਜਗਤਾਰ ਸਿੰਘ ਦੀ ਟੀਮ ਵੱਲੋਂ ਪ੍ਰਸਿੱਧ ਸਮਾਜ ਸੇਵੀ ਸਤਨਾਮ ਸਿੰਘ ਵਾਸੀ ਕੋਟਲਾ ਮਿਹਰ ਸਿੰਘ ਵਾਲਾ ਵੱਲੋਂ ਬਖਸ਼ੇ ਗਏ ਇਸ ਮਾਣ ਸਤਿਕਾਰ ਦੇਣ ਲਈ ਉਨ੍ਹਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਸਤਨਾਮ ਸਿੰਘ ਕੋਟਲਾ ਨੇ ਗੱਲਬਾਤ ਕਰਦਿਆਂ ਕਿਹਾ ਕਿ ਜਦੋਂ ਉਹ ਰੋਜ਼ਾਨਾ ਇਸ ਮੇਨ ਚੌਕ ਵਿੱਚੋਂ ਲੰਘਦੇ ਸਨ ਤਾਂ ਉਨ੍ਹਾਂ ਵੱਲੋਂ ਦੇਖਿਆ ਜਾਂਦਾ ਸੀ ਕਿ ਜਗਤਾਰ ਸਿੰਘ ਤੇ ਉਨ੍ਹਾਂ ਦੀ ਟੀਮ ਬਹੁਤ ਹੀ ਮੁਸ਼ੱਕਤ ਨਾਲ ਟ੍ਰੈਫਿਕ ਨੂੰ ਕੋਟਰੋਲ ਕਰ ਰਹੇ ਹੁੰਦੇ ਹਨ, ਜਦਕਿ ਲੋਕ ਆਪਣੀ ਜ਼ਿੰਮੇਵਾਰੀ ਨੂੰ ਬਿਲਕੁੱਲ ਨਾ

2-Aril-PAGE-11-Majha-24.qxd 4/1/2024 10:57 PM Page 1

ਕੁੱਲ ਹਿੰਦ ਕਿਸਾਨ ਸਭਾ ਵੱਲੋਂ ਕਨਵੈਨਸ਼ਨ 5 ਨੂੰ : ਮਾਝੀਮੇਘਾ

ਝਬਾਲ (ਹਰਜਿੰਦਰ ਸਿੰਘ ਸੋਨੀ)- ਪੰਜਾਬ ਸਰਕਾਰ ਵੱਲੋਂ ਮੰਡੀਆਂ ਕਾਰਪੋਰੇਟ ਘਰਾਣਿਆਂ ਨੂੰ ਫੜਾਉਣ ਵਿਰੁੱਧ ਅਤੇ ਮੋਦੀ ਦੀਆਂ ਲੋਕ ਵਿਰੋਧੀ ਨੀਤੀਆਂ ਵਿਰੁੱਧ ਕੁੱਲ ਹਿੰਦ ਕਿਸਾਨ ਸਭਾ ਜ਼ਿਲ੍ਹਾ ਤਰਨ ਤਾਰਨ ਵੱਲੋਂ ਇੱਕ ਕਨਵੈਨਸ਼ਨ ਸਥਾਨਕ ਰਾਮਗੜ੍ਹੀਆ ਬੁੰਗਾ ਵਿਖੇ 5 ਅਪ੍ਰੈਲ ਨੂੰ ਕੀਤੀ ਜਾਵੇਗੀ, ਜਿਸ ਵਿੱਚ ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾਈ ਜਨਰਲ ਸਕੱਤਰ ਤੇ ਸੰਯੁਕਤ ਕਿਸਾਨ ਮੋਰਚਾ ਦੇ ਆਗੂ ਬਲਦੇਵ ਸਿੰਘ ਨਿਹਾਲਗੜ੍ਹ ਤੇ ਨੌਜਵਾਨ ਕਿਸਾਨ ਆਗੂ ਸੁਖਜਿੰਦਰ ਸਿੰਘ ਮਹੇਸ਼ਵਰੀ ਉਚੇਚੇ ਤੌਰ 'ਤੇ ਪਹੁੰਚਣਗੇ। ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪ੍ਰਧਾਨ ਪੂਰਨ ਸਿੰਘ ਮਾਝੀਮੇਘਾ ਨੇ ਦੱਸਿਆ ਕਿ ਪਹਿਲਾਂ ਹੀ ਕਿਸਾਨ ਦੇਸ਼ ਦੀ ਕੇਂਦਰ ਸਰਕਾਰ ਵਿਰੁੱਧ ਸੰਯੁਕਤ ਕਿਸਾਨ ਮੋਰਚਾ ਦੇ ਝੰਡੇ ਹੇਠ ਸੰਘਰਸ਼ ਕਰ ਰਹੇ ਹਨ, ਹੁਣ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਕਈ ਖਰੀਦ ਮੰਡੀਆਂ ਕਾਰਪੋਰੇਟ ਘਰਾਣਿਆਂ ਦੇ ਹਿੱਤ ਵਿੱਚ ਕਰ ਦਿੱਤੀਆਂ ਹਨ ਤੇ ਇਨ੍ਹਾਂ ਇਲਾਕਿਆਂ ਦੇ ਕਿਸਾਨ ਇਨ੍ਹਾਂ ਕਾਰਪੋਰੇਟ ਘਰਾਣਿਆਂ ਨੂੰ ਫਸਲ ਵੇਚਣ ਲਈ ਮਜਬੂਰ ਹੋਣਗੇ। ਇਸ ਤਰ੍ਹਾਂ ਮੰਡੀਆਂ ਵਿੱਚ ਕੰਮ ਕਰਦੇ ਮਜ਼ਦੂਰਾਂ ਦਾ ਰੁਜ਼ਗਾਰ ਵੀ ਖੁੱਸੇਗਾ ਅਤੇ ਆੜ੍ਹਤੀਆਂ ਨੂੰ ਵੀ ਵੱਡਾ ਨੁਕਸਾਨ ਹੋਵੇਗਾ। ਇਸ ਕਨਵੈਨਸ਼ਨ ਵਿੱਚ ਸੰਯੁਕਤ ਕਿਸਾਨ ਮੋਰਚਾ ਵਲੋਂ 8 ਅਪ੍ਰੈਲ ਦੇ ਮੋਹਾਲੀ ਕਿਸਾਨ ਰੈਲੀ ਅਤੇ 16 ਮਈ ਦੀ ਜਗਰਾਵਾਂ ਕਿਸਾਨ ਰੈਲੀ ਨੂੰ ਸਫਲ ਬਣਾਉਣ ਲਈ ਵੀ ਵਿਚਾਰ ਚਰਚਾ ਹੋਵੇਗੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜ਼ਿਲ੍ਹਾ ਆਗੂ ਕੁਲਬੀਰ ਸਿੰਘ ਕਸੇਲ, ਮਹਾਂਬੀਰ ਸਿੰਘ ਗਿੱਲ, ਦਵਿੰਦਰ ਸੋਹਲ, ਬਲਦੇਵ ਸਿੰਘ ਧੂੰਦਾ, ਸੁਖਦੇਵ ਸਿੰਘ ਮਾਨੋਚਾਹਲ, ਰਣਜੀਤ ਸਿੰਘ ਬਹਾਦਰ ਨਗਰ, ਬਲਕਾਰ ਸਿੰਘ ਵਲਟੋਹਾ, ਕਾਮਰੇਡ ਗੁਰਬਿੰਦਰ ਸਿੰਘ ਸੋਹਲ, ਗੁਰਪ੍ਰੀਤ ਸਿੰਘ ਗੰਡੀਵਿੰਡ ਤੇ ਬਲਵਿੰਦਰ ਸਿੰਘ ਦਦੇਹਰ ਸਾਹਿਬ ਸਮੇਤ ਕਈ ਆਗੂ ਹਾਜ਼ਰ ਸਨ।

ਸ਼ਹੀਦ ਭਗਤ ਸਿੰਘ, ਰਾਜਗੁਰੂ, ਸੁਖਦੇਵ ਤੇ ਅਵਤਾਰ ਪਾਸ਼ ਲੋਕਾਂ ਦੇ ਮਹਾਨ ਨਾਇਕ: ਤਰਕਸ਼ੀਲ ਸੁਸਾਇਟੀ

* ਪੰਜਾਬ 'ਚ ਅੰਧ-ਵਿਸ਼ਵਾਸ ਰੋਕੂ ਕਾਨੂੰਨ ਲਾਗੂ ਕਰਵਾਉਣਾ ਸਮੇਂ ਦੀ ਮੁੱਖ ਮੰਗ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)—ਤਰਕਸ਼ੀਲ ਸੁਸਾਇਟੀ ਪੰਜਾਬ ਦੀ ਅੰਮ੍ਰਿਤਸਰ ਇਕਾਈ ਵੱਲੋਂ 23 ਮਾਰਚ ਦੇ ਸ਼ਹੀਦਾਂ ਸ਼ਹੀਦੇ ਆਜ਼ਮ ਭਗਤ ਸਿੰਘ, ਰਾਜਗੁਰੂ, ਸੁਖਦੇਵ ਅਤੇ ਇਨਕਲਾਬੀ ਕਵੀ ਅਵਤਾਰ ਪਾਸ਼ ਦੇ ਜੀਵਨ ਅਤੇ ਉਨ੍ਹਾਂ ਦੇ ਅਮੁੱਲੇ ਯੋਗਦਾਨ ਸਬੰਧੀ ਗੰਭੀਰ ਵਿਚਾਰ ਚਰਚਾ ਸਥਾਨਕ ਕੰਪਨੀ ਬਾਗ਼ ਵਿਖੇ ਕੀਤੀ ਗਈ ਜਿਸਦੀ ਪ੍ਰਧਾਨਗੀ ਤਰਕਸ਼ੀਲ ਆਗੂ ਮਾਸਟਰ ਬਲਦੇਵ ਰਾਜ ਵੇਰਕਾ ਨੇ ਕੀਤੀ।ਇਸ ਮੌਕੇ ਵਿਸਥਾਰ ਵਿਚ ਸੰਬੋਧਨ ਕਰਦਿਆਂ ਸੂਬਾਈ ਮੀਡੀਆ ਵਿਭਾਗ ਦੇ ਮੁਖੀ ਸੁਮੀਤ ਅੰਮ੍ਰਿਤਸਰ ਨੇ ਕਿਹਾ ਕਿ ਸ਼ਹੀਦ ਭਗਤ ਸਿੰਘ ਦੇਸ਼ -ਵਿਦੇਸ਼ ਦੇ ਕਰੋੜਾਂ ਲੋਕਾਂ ਅਤੇ ਖਾਸ ਕਰਕੇ ਮਿਹਨਤਕਸ਼ ਜਮਾਤ ਲਈ ਆਦਰਸ਼, ਮਹਾਨ ਨਾਇਕ, ਚਿੰਤਕ ਅਤੇ ਇਨਕਲਾਬ ਦਾ ਪ੍ਰਤੀਕ ਹੈ ਜਿਸਨੇ ਇਨਕਲਾਬੀ ਫ਼ਲਸਫ਼ੇ ਦਾ ਅਧਿਐਨ ਕਰਕੇ ਨੌਜਵਾਨ ਭਾਰਤ ਸਭਾ ਰਾਹੀਂ ਨੌਜਵਾਨਾਂ ਵਿਚ ਅੰਗਰੇਜ਼ ਹਕੂਮਤ ਦੇ ਖਿਲਾਫ ਆਜ਼ਾਦੀ ਵਿਦਰੋਹ ਨੂੰ ਚਰਮ ਸੀਮਾ ਉਤੇ ਪਹੁੰਚਾਇਆ ਅਤੇ ਸਿਰਫ ਸਾਢੇ ਤੇਈ ਸਾਲ ਦੀ ਉਮਰ ਵਿਚ ਆਪਣੇ ਇਨਕਲਾਬੀ ਸਾਥੀਆਂ ਰਾਜਗੁਰੂ ਅਤੇ ਸੁਖਦੇਵ ਸਮੇਤ ਹੱਸ ਕੇ ਫਾਂਸੀ 'ਤੇ ਚੜ੍ਹਦਿਆਂ ਸ਼ਹਾਦਤ ਦਿੱਤੀ ਜਦਕਿ ਆਰਐੱਸਐੱਸ ਦੇ ਸਾਵਰਕਰ ਨੇ ਅੰਗਰੇਜ਼ ਹਕੂਮਤ ਤੋਂ ਛੇ ਵਾਰ ਲਿਖਤੀ ਮਾਫ਼ੀ ਮੰਗ ਕੇ ਹਿੰਦੋਸਤਾਨ ਦੇ ਲੋਕਾਂ ਨਾਲ ਗਦਾਰੀ ਕੀਤੀ ਅਤੇ ਮੁਸਲਮਾਨਾਂ ਖਿਲਾਫ਼ ਫ਼ਿਰਕੂ ਨਫਰਤ ਦਾ ਮਾਹੌਲ ਪੈਦਾ ਕਰਕੇ ਹਿੰਦੋਸਤਾਨ ਦੇ ਖੂਨੀ ਬਟਵਾਰੇ ਦਾ ਆਧਾਰ ਤਿਆਰ ਕੀਤਾ।ਇਸ ਮੌਕੇ ਇਨਕਲਾਬੀ ਕਵੀ ਅਵਤਾਰ ਪਾਸ਼ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਉਸ ਨੇ ਆਪਣੀ ਇਨਕਲਾਬੀ ਕਵਿਤਾ ਰਾਹੀਂ ਸਮੇਂ ਦੀਆਂ ਸਾਮਰਾਜੀ ਹਾਕਮ ਜਮਾਤਾਂ ਅਤੇ ਫ਼ਿਰਕੂ ਤਾਕਤਾਂ ਦੀ ਦਹਿਸ਼ਤਗਰਦੀ ਨੂੰ ਪੂਰੀ ਨਿਡਰਤਾ ਨਾਲ ਵੰਗਾਰਿਆ ਅਤੇ ਖਾਸ ਕਰਕੇ ਨੌਜਵਾਨਾਂ ਅਤੇ ਕਿਰਤੀ ਲੋਕਾਂ ਨੂੰ ਫ਼ਿਰਕੂ ਦਹਿਸ਼ਤਵਾਦ, ਹਕੂਮਤੀ ਜਬਰ ਅਤੇ ਸਾਮਰਾਜੀ ਲੁੱਟ ਦੇ ਖਿਲਾਫ ਉਠ ਖੜੇ ਹੋਣ ਲਈ ਝੰਜੋੜਿਆ।ਇਕਾਈ ਮੁਖੀ ਜਸਪਾਲ ਬਾਸਰਕੇ ਨੇ ਕਿਹਾ ਕਿ ਮੌਜੂਦਾ ਹਕੂਮਤਾਂ ਵੱਲੋਂ ਸ਼ਹੀਦ ਭਗਤ ਸਿੰਘ ਦੀ ਵਿਚਾਰਧਾਰਾ ਦੇ ਬਿਲਕੁਲ ਉਲਟ ਕੌਮਾਂਤਰੀ ਸਾਮਰਾਜੀ ਤਾਕਤਾਂ ਦੇ ਪਿਛਲੱਗੂ ਬਣ ਕੇ ਸੰਸਾਰੀਕਰਨ, ਉਦਾਰੀਕਰਨ ਅਤੇ ਨਿੱਜੀਕਰਨ ਦੀਆਂ ਲੋਕ ਮਾਰੂ ਨੀਤੀਆਂ ਤਹਿਤ ਦੇਸ਼ ਦੇ ਚੰਗੇ ਭਲੇ ਜਨਤਕ ਅਦਾਰਿਆਂ ਨੂੰ ਬਹੁ ਕੌਮੀ ਦੇਸ਼ੀ ਅਤੇ ਵਿਦੇਸ਼ੀ ਕੰਪਨੀਆਂ ਕੋਲ ਕੌਡੀਆਂ ਦੇ ਭਾਅ ਵੇਚਿਆ ਜਾ ਰਿਹਾ ਹੈ ਅਤੇ ਫ਼ਿਰਕੂ ਨਫ਼ਰਤ ਦਾ ਮਾਹੌਲ ਪੈਦਾ ਕੀਤਾ ਗਿਆ ਹੈ।ਮਾਸਟਰ ਬਲਦੇਵ ਰਾਜ ਵੇਰਕਾ ਨੇ ਸ਼ਹੀਦਾਂ ਦੇ ਯੋਗਦਾਨ ਨੂੰ ਯਾਦ ਕਰਦਿਆਂ ਕਿਹਾ ਕਿ ਮੋਦੀ ਸਰਕਾਰ ਵਲੋਂ ਈਡੀ, ਸੀਬੀਆਈ ਅਤੇ ਇਨਕਮ ਟੈਕਸ ਵਿਭਾਗ ਦੇ ਛਾਪੇ ਮਰਵਾ ਕੇ ਭਾਜਪਾ ਦੇ ਖਾਤੇ ਵਿੱਚ ਪਿਛਲੇ ਛੇ ਸਾਲਾਂ ਵਿਚ ਕਾਰਪੋਰੇਟ ਘਰਾਣਿਆਂ ਤੋਂ 6060 ਕਰੋੜ ਰੁਪਏ ਚੋਣ ਬਾਂਡ ਦੇ ਰੂਪ ਵਿਚ ਹਾਸਿਲ ਕੀਤੇ ਗਏ ਹਨ ਅਤੇ ਇਸਦੇ ਇਵਜ਼ ਵਿਚ ਜਨਤਕ ਸਰਮਾਏ ਨੂੰ ਅੰਨ੍ਹੇਵਾਹ ਲੁਟਾਉਣ ਲਈ ਕਾਰਪੋਰੇਟ ਪੱਖੀ ਆਰਥਿਕ ਨੀਤੀਆਂ ਨੂੰ ਲਾਗੂ ਕੀਤਾ ਗਿਆ ਹੈ ਜਿਸ ਤਹਿਤ ਕਾਰਪੋਰੇਟ ਘਰਾਣਿਆਂ ਨੂੰ ਲਗਭਗ 25 ਲੱਖ ਕਰੋੜ ਰੁਪਏ ਦੀ ਕਰਜ਼ਾ ਮੁਆਫ਼ੀ ਅਤੇ 11 ਲੱਖ ਕਰੋੜ ਰੁਪਏ ਸਾਲਾਨਾ ਟੈਕਸ ਛੋਟਾਂ ਅਤੇ ਹੋਰ ਕਈ ਤਰਾਂ ਦੀਆਂ ਰਿਆਇਤਾਂ ਦਿੱਤੀਆਂ ਗਈਆਂ ਹਨ ਜੋਕਿ ਦੇਸ਼ ਦਾ ਹੁਣ ਤਕ ਦਾ ਸਭ ਤੋਂ ਵੱਡਾ ਆਰਥਿਕ ਘੁਟਾਲਾ ਹੈ। ਪ੍ਰਿੰ. ਮੇਲਾ ਰਾਮ, ਬਨਾਰਸੀ ਦਾਸ ਅਤੇ ਸੁਖਮੀਤ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਨੇ ਸਰਕਾਰੀ ਦਫਤਰਾਂ ਵਿੱਚ ਸ਼ਹੀਦ ਭਗਤ ਸਿੰਘ ਅਤੇ ਡਾ. ਅੰਬੇਡਕਰ ਦੀਆਂ ਤਸਵੀਰਾਂ ਲਾ ਕੇ ਸ਼ਹੀਦ ਭਗਤ ਸਿੰਘ ਦੇ ਸੁਫ਼ਨਿਆਂ ਨੂੰ ਸਾਕਾਰ ਕਰਨ ਦਾ ਵਿਸ਼ਵਾਸ ਦੁਆਇਆ ਸੀ ਪਰ ਅਮਲੀ ਪੱਧਰ 'ਤੇ ਸਭ ਕੁਝ ਇਸਦੇ ਉਲਟ ਕੀਤਾ ਜਾ ਰਿਹਾ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਗਰਮ ਤਰਕਸ਼ੀਲ ਸਾਥੀ ਰਾਜ ਕੁਮਾਰ ਵੇਰਕਾ, ਹਰਜਿੰਦਰ ਜਲਾਲਪੁਰ, ਪਰਮਜੀਤ ਸਿੰਘ ਅਤੇ ਵਿਦਿਆਰਥੀ ਅਨਮੋਲ ਸਿੰਘ ਨੇ ਵੀ ਵਿਚਾਰ ਚਰਚਾ ਵਿੱਚ ਭਾਗ ਲਿਆ।ਇਸ ਮੌਕੇ 6-7 ਅਪ੍ਰੈਲ ਨੂੰ ਤਰਕਸ਼ੀਲ ਭਵਨ ਬਰਨਾਲਾ ਵਿਖੇ ਹੋ ਰਹੀ ਸਾਲਾਨਾ ਸਿਖਲਾਈ ਇਕੱਤਰਤਾ ਵਿੱਚ ਸ਼ਾਮਿਲ ਹੋਣ ਅਤੇ ਵਿਧਾਇਕਾਂ ਨੂੰ ਪੰਜਾਬ ਵਿੱਚ ਅੰਧ-ਵਿਸ਼ਵਾਸ ਰੋਕੂ ਕਾਨੂੰਨ ਲਾਗੂ ਕਰਵਾਉਣ ਸਬੰਧੀ ਮੰਗ ਪੱਤਰ ਦੇਣ ਦਾ ਵੀ ਫੈਸਲਾ ਕੀਤਾ ਗਿਆ।

ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਪੁਲਸ ਵੱਲੋਂ ਬਟਾਲਾ ਸ਼ਹਿਰ 'ਚ ਫਲੈਗ ਮਾਰਚ

ਬਟਾਲਾ (ਡਾ. ਮਲਵਿੰਦਰ ਸਿੰਘ)- ਅਗਾਮੀ ਲੋਕ ਸਭਾ ਚੋਣਾਂ-2024 ਦੇ ਮੱਦੇਨਜ਼ਰ ਮੈਡਮ ਅਸ਼ਵਨੀ ਗੋਟਿਆਲ, ਐੱਸਐੱਸਪੀ ਬਟਾਲਾ ਦੀ ਅਗਵਾਈ ਹੇਠ ਪੰਜਾਬ ਪੁਲਸ ਵੱਲੋਂ ਬਟਾਲਾ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਪੈਰਾ ਮਿਲਟਰੀ ਫੋਰਸ ਸਮੇਤ ਫਲੈਗ ਮਾਰਚ ਕੀਤਾ ਗਿਆ। ਇਸ ਮੌਕੇ ਐੱਸਪੀ (ਐੱਚ) ਜਸਵੰਤ ਕੌਰ, ਡੀਐੱਸਪੀ (ਐੱਚ) ਆਜ਼ਾਦ ਦਵਿੰਦਰ ਸਿੰਘ, ਡੀਐੱਸਪੀ ਜਸਪਾਲ ਸਿੰਘ, ਬੀਐੱਸਐੱਫ ਦੇ ਸਹਾਇਕ ਕਮਾਂਡੈਂਟ ਦਿਗਵਿਜੇ ਸਿੰਘ, ਬੀਐੱਸਐੱਫ ਦੇ ਇੰਸਪੈਕਟਰ ਡੀਐੱਸ ਰਾਓ, ਐੱਸਐੱਚਓ ਯਾਦਵਿੰਦਰ ਸਿੰਘ, ਐੱਸਐੱਚਓ (ਸਿਟੀ) ਮੈਡਮ ਖੁਸ਼ਬੂ ਸ਼ਰਮਾ, ਐੱਸਐੱਚਓ ਟਰੈਫਿਕ ਆਰ. ਡੀ. ਸਿੰਘ, ਐੱਸਐੱਚਓ ਸੀਏ ਸਟਾਫ ਸੁਖਰਾਜ ਸਿੰਘ ਅਤੇ ਐੱਸਆਈ ਦਿਲਰਾਜ ਸਿੰਘ ਆਦਿ ਹਾਜ਼ਰ ਸਨ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੈਡਮ ਅਸ਼ਵਨੀ ਗੋਟਿਆਲ ਨੇ ਦੱਸਿਆ ਕਿ ਅਗਾਮੀ ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਲੋਕਾਂ ਵਿੱਚ ਸੁਰੱਖਿਆ ਅਤੇ ਸਦਭਾਵਨਾ ਦੀ ਭਾਵਨਾ ਕਾਇਮ ਰੱਖਣ ਲਈ ਪੈਰਾ ਮਿਲਟਰੀ ਫੋਰਸ ਸਮੇਤ ਪੁਲਸ ਲਾਈਨ ਬਟਾਲਾ ਤੋਂ ਗਾਂਧੀ ਚੌਕ, ਨਹਿਰੂ ਗੇਟ ਸਮੇਤ ਬਟਾਲਾ ਸ਼ਹਿਰ ਦੇ ਵੱਖ-ਵੱਖ ਬਜ਼ਾਰਾ ਵਿੱਚ ਫਲੈਗ ਮਾਰਚ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਇਸ ਫਲੈਗ ਮਾਰਚ ਦਾ ਮਕਸਦ ਲੋਕਾਂ ਨੂੰ ਸੁਰੱਖਿਅਤ ਮਹਿਸੂਸ ਕਰਵਾਉਣਾ ਅਤੇ ਸਮਾਜ ਵਿਰੋਧੀ ਅਨਸਰਾਂ ਦੇ ਮਨਾਂ ਚ ਪੁਲਸ ਦਾ ਖੌਫ ਪੈਦਾ ਕਰਨਾ ਹੈ।

ਉਨ੍ਹਾਂ ਕਿਹਾ ਕਿ ਅਗਾਮੀ ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਅਮਨ ਅਤੇ ਸੁਰੱਖਿਆ ਨੂੰ ਕਾਇਮ ਰੱਖਿ ਆਜਾਵੇਗਾ ਅਤੇ ਕਿਸੇ ਵੀ ਹਾਲਤ ਵਿੱਚ ਜ਼ਿਲ੍ਹੇ ਵਿੱਚ ਮਾਹੌਲ ਖਰਾਬ ਕਰਨ ਵਾਲੇ ਸ਼ਰਾਰਤੀ ਅਨਸਰਾਂ ਨੂੰ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਉਨ੍ਹਾਂ ਨੂੰ ਕਿਸੇ ਸਮਾਜ ਵਿਰੋਧੀ ਅਨਸਰ ਜਾਂ ਕਿਸੇ ਗੈਰ-ਕਾਨੂੰਨੀ ਕੰਮ ਬਾਰੇ ਪਤਾ ਲੱਗਦਾ ਹੈ ਤਾਂ ਉਹ ਤੁਰੰਤ ਪੁਲਸ ਨੂੰ ਸੂਚਿਤ ਕਰਨ ਜਾਂ ਪੁਲਸ ਹੈਲਪ ਲਾਈਨ ਨੰਬਰ 112 ਤੇ ਜਾਣਕਾਰੀ ਦੇਣ। ਜਾਣਕਾਰੀ ਦੇਣ ਵਾਲੇ ਦਾ ਨਾਮ ਅਤੇ ਪਹਿਚਾਣ ਗੁਪਤ ਰੱਖੀ ਜਾਵੇਗੀ।

ਨਜਾਇਜ਼ ਮਾਇਨਿੰਗ ਵਾਲੇ ਟਿੱਪਰਾਂ ਬੂਲੇ ਨੰਗਲ ਦੇ ਵਸਨੀਕਾਂ ਦਾ ਕੀਤਾ ਜਿਊਣਾ ਮੁਹਾਲ

* ਚੋਣ ਕਮਿਸ਼ਨ, ਡੀ ਸੀ ਤੇ ਐੱਸ ਡੀ ਐੱਮ ਤੋਂ ਕਾਰਵਾਈ ਦੀ ਮੰਗ

ਨਜਾਇਜ਼ ਮਾਇਨਿੰਗ ਦਾ ਵਿਰੋਧ ਕਰਦੇ ਬੂਲੇ ਨੰਗਲ ਦੇ ਵਸਨੀਕ

ਬਿਆਸ (ਨ ਜ਼ ਸ)-ਪਿੰਡ ਬੂਲੇ ਨੰਗਲ, ਤਹਿਸੀਲ ਬਾਬਾ ਬਕਾਲਾ ਸਾਹਿਬ, ਜ਼ਿਲ੍ਹਾ ਅੰਮ੍ਰਿਤਸਰ ਦੀ ਸਮੁੱਚੀ ਗ੍ਰਾਮ ਪੰਚਾਇਤ ਤੇ ਪਿੰਡ ਦੇ ਪਤਵੰਤੇ ਸੱਜਣਾਂ ਨੇ ਭਾਰਤ ਦੇ ਚੋਣ ਕਮਿਸ਼ਨ, ਡਿਪਟੀ ਕਮਿਸ਼ਨਰ ਅੰਮ੍ਰਿਤਸਰ ਤੇ ਐੱਸ ਡੀ ਐੱਮ ਬਾਬਾ ਬਕਾਲਾ ਸਾਹਿਬ ਤੋਂ ਪੁਰਜ਼ੋਰ ਮੰਗ ਕੀਤੀ ਹੈ ਕਿ ਨੇੜਲੇ ਪਿੰਡ ਕੋਟ ਮਹਿਤਾਬ ਤੋਂ ਦਰਿਆ ਬਿਆਸ ਵਿੱਚੋਂ ਨਜਾਇਜ਼ ਮਾਇਨਿੰਗ ਦੇ ਭਰੇ ਟਿੱਪਰ ਜਦੋਂ ਪਿੰਡ ਬੂਲੇ ਨੰਗਲ ਵਿਚਲੀ ਸੜਕ ਉੱਤੋਂ ਲੰਘਦੇ ਹਨ ਤਾਂ ਪਿੰਡ ਵਾਸੀਆਂ ਨੂੰ ਭਾਰੀ ਪ੍ਰੇਸ਼ਾਨੀ ਹੋ ਰਹੀ ਹੈ। ਪਿੰਡ ਦੀ ਪੰਚਾਇਤ ਨੇ ਕਿਹਾ ਕਿ ਇਹਨਾਂ ਭਾਰੀ ਵਾਹਨਾਂ ਨੇ ਸੜਕ ਖ਼ਰਾਬ ਕਰ ਦਿੱਤੀ ਹੈ। ਟੈਂਕੀ ਦੁਆਰਾ ਜੋ ਪਾਣੀ ਘਰਾਂ ਨੂੰ ਸਪਲਾਈ ਹੁੰਦਾ ਹੈ, ਉਸ ਦੇ ਪਾਈਪ ਤੋੜ ਦਿੱਤੇ ਹਨ। ਇੱਕ ਟਿੱਪਰ ਨੇ ਤਾਂ ਪਿੰਡ ਦੇ ਵਸਨੀਕ ਦਿਲਬਾਗ ਸਿੰਘ ਪੁੱਤਰ ਗੁਰਬਖਸ਼ ਸਿੰਘ ਦੀ ਸਾਈਡ ਮਾਰ ਕੇ ਲੱਤ ਹੀ ਤੋੜ ਦਿੱਤੀ ਹੈ। ਇਸ ਸੰਬੰਧੀ ਪਿਛਲੇ ਕਈ ਦਿਨਾਂ ਤੋਂ ਪਿੰਡ ਵਾਸੀਆਂ ਨੇ ਨਜਾਇਜ਼ ਮਾਇਨਿੰਗ ਵਾਲੇ ਟਿੱਪਰਾਂ ਦਾ ਸੜਕ ਤੋਂ ਦਾਖਲਾ ਬੰਦ ਕੀਤਾ ਹੋਇਆ ਹੈ। ਇਸ ਸੰਬੰਧੀ ਪੁਲਸ ਪ੍ਰਸ਼ਾਸਨ ਨੂੰ ਬੇਨਤੀ ਕੀਤੀ ਗਈ ਕਿ ਸਾਨੂੰ ਇਨਸਾਫ਼ ਦਿਵਾਇਆ ਜਾਵੇ, ਪਰ ਕੋਈ ਕਾਰਵਾਈ ਨਹੀਂ ਹੋ ਰਹੀ, ਸਗੋਂ ਸਮਝੌਤੇ ਲਈ ਦਬਅ ਪਾਇਆ ਜਾ ਰਿਹਾ ਹੈ।

ਗ੍ਰਾਮ ਪੰਚਾਇਤ ਤੇ ਸਮੁੱਚੇ ਪਿੰਡ ਵਾਸੀਆਂ ਨੇ ਸਿਵਲ ਅਤੇ ਪੁਲਸ ਅਧਿਕਾਰੀਆਂ ਨੂੰ ਬੇਨਤੀ ਕੀਤੀ ਹੈ ਕਿ ਨਜਾਇਜ਼ ਮਾਇਨਿੰਗ ਤੁਰੰਤ ਬੰਦ ਕੀਤੀ ਜਾਵੇ। ਭਾਰੀ ਟਿੱਪਰਾਂ ਨੇ ਜੋ ਲੋਕਾਂ ਦਾ ਜਿਉਣਾ ਦੁੱਭਰ ਕੀਤਾ ਹੋਇਆ ਹੈ, ਉਨ੍ਹਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇ।

ਐੱਸ ਐੱਲ ਬਾਵਾ ਡੀ ਏ ਵੀ ਕਾਲਜ 'ਚ ਸਾਲਾਨਾ ਡਿਗਰੀ ਵੰਡ ਸਮਾਗਮ

ਬਟਾਲਾ :(ਡਾ. ਮਲਵਿੰਦਰ ਸਿੰਘ)-ਐੱਸ. ਐੱਲ. ਬਾਵਾ ਡੀਏਵੀ ਕਾਲਜ ਬਟਾਲਾ ਵਿਖੇ ਸਾਲਾਨਾ ਡਿਗਰੀ ਸਮਾਗਮ ਕਰਵਾਇਆ ਗਿਆ। ਇਸ ਸਮਾਗਮ ਵਿੱਚ ਪ੍ਰਵੀਨ ਕੁਮਾਰ ਸਾਬਕਾ ਆਈਏਐੱਸ ਮੁੱਖ ਮਹਿਮਾਨ ਵਜੋਂ ਹਾਜ਼ਰ ਹੋਏ। ਸ਼ਕਤੀ ਖੁੱਲਰ ਸੀਨੀਅਰ ਮੈਂਬਰ ਸਥਾਨਕ ਕਮੇਟੀ ਅਤੇ ਕਾਲਜ ਦੇ ਸੰਸਥਾਪਕ ਮੈਂਬਰ ਅਸ਼ਵਨੀ ਮਰਵਾਹਾ ਮੈਂਬਰ ਸਥਾਨਕ ਕਮੇਟੀ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰ ਸਨ। ਇਸ ਸਮਾਗਮ ਵਿੱਚ ਗ੍ਰੈਜੂਏਟ ਅਤੇ ਪੋਸਟ ਗ੍ਰੈਜੂਏਟ ਵਿਦਿਆਰਥੀਆਂ ਨੂੰ ਡਿਗਰੀਆਂ ਵੰਡੀਆਂ ਗਈਆਂ। ਪ੍ਰੋਗਰਾਮ ਦੀ ਸ਼ੁਰੂਆਤ ਵੇਦ ਮੰਤਰਾਂ ਦੇ ਜਾਪ ਨਾਲ ਦੀਪ ਜਗਾ ਕੇ ਕੀਤੀ ਗਈ। ਪ੍ਰਿੰ. ਡਾ. ਵਰਿੰਦਰ ਭਾਟੀਆ ਨੇ ਮਹਿਮਾਨਾਂ ਦਾ ਸਵਾਗਤ ਕੀਤਾ। ਉਨ੍ਹਾਂ ਵਿਦਿਆਰਥੀਆਂ ਨੂੰ ਜੀਵਨ ਵਿੱਚ ਤਨਦੇਹੀ ਅਤੇ ਪੂਰੀ ਲਗਨ ਤੇ ਮਿਹਨਤ ਨਾਲ ਸੇਵਾਵਾਂ ਨਿਭਾਉਣ ਲਈ ਪ੍ਰੇਰਿਤ ਕੀਤਾ। ਮੁੱਖ ਮਹਿਮਾਨ ਪ੍ਰਵੀਨ ਕੁਮਾਰ ਆਈਏਐੱਸ ਨੇ ਡਿਗਰੀ ਹੋਲਡਰ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਉਨ੍ਹਾਂ ਨੂੰ ਜੀਵਨ ਦੇ ਹਰ ਖੇਤਰ ਵਿੱਚ ਸਫਲ ਹੋਣ ਲਈ ਸਾਫ ਇਰਾਦੇ,ਇਮਾਨਦਾਰੀ ਅਤੇ ਅਨੁਸ਼ਾਸਨ ਵਿੱਚ ਰਹਿਣ ਅਤੇ ਮਾਪਿਆਂ ਤੇ ਅਧਿਆਪਕਾਂ ਦਾ ਸਤ

2-APR-PAGE-12.qxd 4/1/2024 10:57 PM Page 1

ਮਾਸਟਰ ਅਜੀਤ ਸਿੰਘ ਦਾ ਪਲੇਠਾ ਨਾਵਲ 'ਦੀਸੋ ਭਾਬੀ' ਲੋਕ ਅਰਪਣ

ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ) ਪਵਿੱਤਰ ਵੇਈਂ ਨਦੀ ਦੇ ਕਿਨਾਰੇ ਨਿਰਮਲ ਕੁਟੀਆ ਸੁਲਤਾਨਪੁਰ ਲੋਧੀ ਵਿਖੇ ਸਾਹਿਤ ਸਭਾ ਸੁਲਤਾਨਪੁਰ ਲੋਧੀ ਅਤੇ ਅਰਮਾਨ ਫਾਊਂਡੇਸ਼ਨ ਵੱਲੋਂ ਕਰਵਾਏ ਗਏ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਪੰਜਾਬੀ ਜ਼ੁਬਾਨ ਦੇ ਪ੍ਰਮੁੱਖ ਵਿਦਵਾਨ ਡਾਕਟਰ ਸਤੀਸ਼ ਕੁਮਾਰ ਵਰਮਾ ਅਤੇ ਸੰਤ ਸੁਖਜੀਤ ਸਿੰਘ ਸੀਚੇਵਾਲ ਨੇ ਸੇਵਾ ਮੁਕਤ ਅਧਿਆਪਕ ਅਜੀਤ ਸਿੰਘ ਦਾ ਪਲੇਠਾ ਨਾਵਲ ਦੀਸੋ ਭਾਬੀ ਲੋਕ ਅਰਪਣ ਕਰਨ ਦੀ ਰਸਮ ਅਦਾ ਕੀਤੀ। ਇਸ ਮੌਕੇ ਪ੍ਰਧਾਨਗੀ ਮੰਡਲ ਵਿੱਚ ਡਾਕਟਰ ਸਤੀਸ਼ ਕੁਮਾਰ ਵਰਮਾ, ਸੰਤ ਸੁਖਜੀਤ ਸਿੰਘ ਸੀਚੇਵਾਲ, ਡਾਕਟਰ ਅਜੈ ਸ਼ਰਮਾ, ਡਾਕਟਰ ਸੁਧੀਰ ਸ਼ਰਮਾ ਡੀਏਵੀ ਇੰਜੀਨੀਅਰ ਕਾਲਜ, ਡਾਕਟਰ ਸਵਰਨ ਸਿੰਘ, ਪਰਮਜੀਤ ਸਿੰਘ ਮਾਨਸਾ ਨੇ ਕੀਤਾ।ਸਮਾਗਮ ਨੂੰ ਸੰਬੋਧਨ ਕਰਦਿਆਂ ਡਾਕਟਰ ਸਤੀਸ਼ ਕੁਮਾਰ ਵਰਮਾ ਨੇ ਦੱਸਿਆ ਕਿ ਮਾਸਟਰ ਅਜੀਤ ਸਿੰਘ ਦੀ ਉਮਰ 86 ਸਾਲ ਹੈ ਉਹਨਾਂ ਮਾਸਟਰ ਜੀ ਦਾ ਧੰਨਵਾਦ ਕਰਦੇ ਲੰਮੀ ਉਮਰ ਦੀ ਕਾਮਨਾ ਕਰਦੇ ਉਹਨਾਂ ਤੋਂ ਪੰਜਾਬੀ ਸਾਹਿਤ ਲਈ ਹੋਰ ਯੋਗਦਾਨ ਦੀ ਉਮੀਦ ਕੀਤੀ।ਇਸ ਮੌਕੇ ਡਾਕਟਰ ਸਤੀਸ਼ ਵਰਮਾ ਨੇ ਬੋਲਦਿਆਂ ਆਪਣੀ ਸ਼ੁੱਧ ਪੰਜਾਬੀ ਤੇ ਵਿਦਵਤਾ ਭਰਪੂਰ ਭਾਸ਼ਨ ਦੌਰਾਨ ਪੰਜਾਬੀ ਜ਼ੁਬਾਨ ਦੀ ਮਹਾਨਤਾ ਦਾ ਭਰਪੂਰ ਵਰਨਣ ਕਰਦਿਆਂ ਅੰਗਰੇਜ਼ੀ, ਉਰਦੂ, ਹਿੰਦੀ ਅਤੇ ਦੁਨੀਆਂ ਦੀਆਂ ਪ੍ਰਮੁੱਖ ਭਾਸ਼ਾਵਾਂ ਦੇ ਮੁੱਢਲੇ ਤੇ ਪ੍ਰਮੁੱਖ ਲੇਖਕਾਂ ਦਾ ਵਰਨਣ ਕਰਦੇ ਹੋਏ ਉਨ੍ਹਾਂ ਦੇ ਪੰਜਾਬੀ ਹੋਣ ਦੀ ਪੁਸ਼ਟੀ ਦਰਸਾਈ ਅਤੇ ਕਿਹਾ ਕਿ ਪੰਜਾਬੀ ਜ਼ੁਬਾਨ ਪੰਜਾਬ ਦੀ ਭੂਮੀ ਰਿਗਵੇਦ ਦੀ ਜਨਮਦਾਤੀ ਹੈ।ਸਰੋਤਿਆਂ ਨੂੰ ਉਹਨਾਂ ਅਪੀਲ ਕੀਤੀ ਕਿ ਇਹ ਕਦੇ ਨਾ ਖ਼ਤਮ ਹੋਣ ਵਾਲੀ ਜ਼ੁਬਾਨ ਨੂੰ ਪਿਆਰ ਕਰੋ। ਇਸ ਮੌਕੇ ਉਨ੍ਹਾਂ ਸੰਤ ਬਾਬਾ ਬਲਬੀਰ ਸਿੰਘ ਸੀਚੇਵਾਲ ਦੇ ਵਾਤਾਵਰਣ ਪ੍ਰੇਮ ਨੂੰ ਵਿਸ਼ੇਸ਼ ਤੌਰ 'ਤੇ ਉਜਾਗਰ ਕੀਤਾ। ਇਸ ਮੌਕੇ ਸੰਤ ਸੁਖਜੀਤ ਸਿੰਘ ਸੀਚੇਵਾਲ ਨੇ ਆਪਣੇ ਸੰਬੋਧਨ ਵਿੱਚ ਆਖਿਆ ਕਿ ਅਸੀਂ ਮਾਸਟਰ ਅਜੀਤ ਸਿੰਘ ਨੂੰ ਵਧਾਈ ਦਿੰਦੇ ਹਾਂ ਜੋ ਵਿਦੇਸ਼ਾਂ ਦੀ ਧਰਤੀ ਉੱਤੇ ਰਹਿਣ ਦੇ ਬਾਵਜੂਦ ਵੀ ਪੰਜਾਬੀ ਜ਼ੁਬਾਨ ਨਾਲ ਜੁੜੇ ਹੋਏ ਹਨ ਅਤੇ ਉਨ੍ਹਾਂ ਨਾਵਲ ਦੇ ਲੋਕ ਅਰਪਣ ਹੋਣ ਤੇ ਵੀ ਸ਼ੁੱਭਕਾਮਨਾਵਾਂ ਦਿੱਤੀਆਂ। ਇਸ ਮੌਕੇ ਡਾਕਟਰ ਅਜੈ ਸ਼ਰਮਾ, ਡਾਕਟਰ ਸੁਧੀਰ ਸ਼ਰਮਾ, ਪਰਮਜੀਤ ਗਾਂਧਰੀ, ਡਾਕਟਰ ਸਵਰਨ ਸਿੰਘ ਨੇ ਵੀ ਸੰਬੋਧਨ ਕੀਤਾ। ਸਟੇਜ ਸਕੱਤਰ ਦੀ ਭੂਮਿਕਾ ਉੱਘੇ ਲੇਖਕ ਅਤੇ ਸ਼ਾਇਰ ਮੁਖਤਿਆਰ ਸਿੰਘ ਚੰਦੀ ਨੇ ਬਾਖੂਬੀ ਨਿਭਾਈ।ਇਸ ਮੌਕੇ ਪੁਸ਼ਵਿੰਦਰ ਸਿੰਘ, ਮਾਸਟਰ ਸੁੱਚਾ ਸਿੰਘ ਮਿਰਜ਼ਾ ਪੁਰ, ਸੁਖਜੀਤ ਕੌਰ ਮਿਰਜ਼ਾ ਪੁਰ, ਸੁਰਿੰਦਰ ਖੀਵਾ, ਦਿਆਲ ਸਿੰਘ ਦੀਪੇ ਵਾਲ , ਮਾਸਟਰ ਗੁਰਸ਼ਰਨ, ਬਲਵੀਰ ਸ਼ੇਰਪੁਰੀ, ਮੁਕੰਦ ਸਿੰਘ ਸੈਦੋਭਲਾਣਾ, ਪਰਸਨ ਲਾਲ ਭੋਲਾ, ਬਲਵਿੰਦਰ ਸਿੰਘ ਧਾਲੀਵਾਲ, ਮਦਦ ਨਾਲ ਕੰਡਾ, ਚਰਨ ਸਿੰਘ ਹੈਬਤਪੁਰ, ਗੁਰਮੇਲ ਜੈਨਪੁਰੀ, ਕਰਨੈਲ ਸਿੰਘ, ਰਵਿੰਦਰ ਕੌਰ ਟਿੱਬਾ, ਡਾਕਟਰ ਸੁਨੀਲ ਧੀਰ, ਕੁਲਬੀਰ ਮਿੱਠੂ, ਮਾਸਟਰ ਦਲੀਪ ਸਿੰਘ, ਦਰਸ਼ਨ ਸਿੰਘ ਹਾਜੀਪੁਰ, ਮਾਸਟਰ ਲਿਵਤਾਰ ਸਿੰਘ, ਹਰਜਿੰਦਰ ਸਿੰਘ ਨਸੀਰਪੁਰ, ਬਲਵੀਰ ਸਿੰਘ ਮੱਲੀਆਂ ਪਰਮਜੀਤ ਸਿੰਘ ਗਾਂਧਰੀ ਆਦਿ ਹਾਜ਼ਰ ਸਨ।

ਬਸਪਾ ਲੋਕ ਸਭਾ ਉਮੀਦਵਾਰ ਰਾਕੇਸ਼ ਸੁੰਮਨ ਦਾ ਕੀਤਾ ਨਿੱਘਾ ਸਵਾਗਤ

ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ) ਬਹੁਜਨ ਸਮਾਜ ਪਾਰਟੀ ਪੰਜਾਬ ਵਲੋਂ ਬਸਪਾ ਦੇ ਰਾਸ਼ਟਰੀ ਪ੍ਰਧਾਨ ਭੈਣ ਕੁਮਾਰੀ ਮਾਇਆਵਤੀ ਦੇ ਹੁਕਮ ਅਨੁਸਾਰ ਅਤੇ ਪੰਜਾਬ ਹਰਿਆਣਾ ਚੰਡੀਗੜ੍ਹ ਦੇ ਇੰਚਾਰਜ ਰਣਧੀਰ ਸਿੰਘ ਬੈਨੀਵਾਲ ਦੇ ਦਿਸ਼ਾ ਨਿਰਦੇਸ਼ਾਂ ਵਿੱਚ ਬਸਪਾ ਦੇ ਲੋਕ ਸਭਾ ਹੁਸ਼ਿਆਰਪੁਰ (ਰਾਖਵੇਂ) ਤੋਂ ਉਮੀਦਵਾਰ ਰਾਕੇਸ਼ ਸੁੰਮਨ ਦੇ ਹੁਸ਼ਿਆਰਪੁਰ ਪਹੁੰਚਣ 'ਤੇ ਬਸਪਾ ਹਲਕਾ ਪ੍ਰਧਾਨ ਅਤੇ ਇੰਚਾਰਜਾਂ ਵਲੋਂ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਬਸਪਾ ਲੋਕ ਸਭਾ ਹੁਸ਼ਿਆਰਪੁਰ ਦੇ ਇੰਚਾਰਜ ਗੁਰਲਾਲ ਸੈਲਾ ਨੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਪੰਜਾਬ ਦੇ ਉਮੀਦਵਾਰਾਂ ਦੇ ਪੈਨਲ ਤੇ ਅੰਤਿਮ ਫੈਸਲਾ ਭੈਣ ਕੁਮਾਰੀ ਮਾਇਆਵਤੀ ਵਲੋਂ ਲਿਆ ਜਾ ਰਿਹਾ ਹੈ। ਉਨਾਂ ਕਿਹਾ ਰਾਜਨੀਤਕ ਪਿਛੋਕੜ ਨਾਲ ਸਬੰਧਿਤ ਰਕੇਸ਼ ਸੁੰਮਨ ਜੋ ਕਿ ਹਲਕਾ ਸ਼ਾਮ ਚੌਰਾਸੀ ਦੇ ਪਿੰਡ ਪੰਡੋਰੀ ਬਾਵਾ ਦਾਸ ਦੇ ਵਸਨੀਕ ਹਨ ਅਤੇ ਇਨਾਂ ਦੇ ਨਾਨਾ ਜੀ ਦੇ ਭਰਾ ਮਰਹੂਮ ਕਰਮ ਚੰਦ ਵਿਧਾਨ ਸਭਾ ਹੁਸ਼ਿਆਰਪੁਰ ਤੋਂ ਉਪਚੋਣ ਤਹਿਤ ਸੰਨ 1957 ਵਿੱਚ ਕਾਂਗਰਸ ਨੂੰ 13000 ਵੋਟਾਂ ਨਾਲ ਹਰਾ ਕੇ ਬਾਬਾ ਸਾਹਿਬ ਡਾ ਭੀਮ ਰਾਉ ਅੰਬੇਡਕਰ ਦੀ ਸ਼ੈਡੀਊਲ ਕਾਸਟ ਫੈਡਰੇਸ਼ਨ ਪਾਰਟੀ ਤੋਂ ਵਿਧਾਇਕ ਜਿੱਤੇ ਸਨ। ਇਨਾਂ ਦੇ ਪਿਤਾ ਨੇ ਦੇਸ਼ ਦੀ ਸੇਵਾ ਕਰਦਿਆਂ ਫੌਜ ਵਿੱਚ ਮਿਲਟਰੀ ਇੰਜੀਨੀਅਰ ਵਿਚ ਸਰਵਿਸ ਕੀਤੀ ਹੈ। ਰਾਕੇਸ਼ ਸੁੰਮਨ ਖੁਦ ਆਪ ਇਲਾਕੇ ਦੇ ਨਾਮਵਰ ਸਮਾਜਸੇਵੀ ਹਨ ਜੋਕਿ ਰੋਕੀ ਨਿਕਨੇਮ ਦੇ ਨਾਮ ਮਸ਼ਹੂਰ ਨੌਜਵਾਨ ਆਗੂ ਹਨ। ਗੁਰਲਾਲ ਸੈਲਾ ਨੇ ਕਿਹਾ ਕਿ ਲੋਕ ਸਭਾ ਹੁਸ਼ਿਆਰਪੁਰ ਵਿੱਚ ਬਸਪਾ ਦੇ ਸੰਗਠਨ ਦੀ ਲਾਮਬੰਦੀ ਸਬੰਧੀ 3 ਅਪ੍ਰੈਲ ਨੂੰ ਮੀਟਿੰਗ ਕਰਕੇ ਬਸਪਾ ਪੰਜਾਬ ਦੇ ਇੰਚਾਰਜ ਰਣਧੀਰ ਸਿੰਘ ਬੇਣੀਵਾਲ,ਜਸਵੀਰ ਸਿੰਘ ਗੜੀ ਪ੍ਰਧਾਨ ਪੰਜਾਬ ਲੀਡਰਸ਼ਿਪ ਨੂੰ ਚੋਣਾਂ ਸਬੰਧੀ ਦਿਸ਼ਾ ਨਿਰਦੇਸ਼ ਜਾਰੀ ਕਰਨਗੇ ।ਇਸ ਮੌਕੇ ਬਸਪਾ ਲੋਕ ਸਭਾ ਉਮੀਦਵਾਰ ਰਾਕੇਸ਼ ਸੁੰਮਨ ਨੇ ਕਿਹਾ ਰਾਜਨੀਤੀ ਉਨਾਂ ਦਾ ਸ਼ੋਕ ਨਹੀਂ ਹੈ ਬਲਕਿ ਬਜ਼ੁਰਗਾਂ ਵਲੋਂ ਚੱਲਦੀ ਆ ਰਹੀ ਸਮਾਜ ਸੇਵਾ ਦੀ ਭਾਵਨਾ ਹੈ।ਉਨਾਂ ਕਿਹਾ ਕਿ ਉਹ ਬਸਪਾ ਸੁਪਰੀਮੋ ਭੈਣਜੀ ਮਾਇਆਵਤੀ, ਰਣਧੀਰ ਸਿੰਘ ਬੇਣੀਵਾਲ, ਜਸਵੀਰ ਸਿੰਘ ਗੜੀ ਅਤੇ ਸਮੁੱਚੀ ਬਸਪਾ ਹੁਸ਼ਿਆਰਪੁਰ ਲੀਡਰਸ਼ਿਪ ਦਾ ਹਮੇਸ਼ਾ ਰਿਣੀ ਰਹਿਣਗੇ ਜਿਨਾਂ ਨੇ ਇਕ ਪਿੰਡ ਦੇ ਸਧਾਰਨ,ਸਾਦੇ ਪਾਰਟੀ ਵਰਕਰ ਨੂੰ ਸੇਵਾ ਦਾ ਮੌਕਾ ਦਿੱਤਾ ਹੈ। ਉਨਾਂ ਕਿਹਾ ਕਿ ਉਹ ਪਾਰਲੀਮੈਂਟ ਅੰਦਰ ਸੰਵਿਧਾਨ ਬਚਾਉਣ, ਮਹਿੰਗਾਈ, ਬੇਰੁਜ਼ਗਾਰੀ ਦੇ ਵਿਰੋਧ ਵਿਚ ,ਨੌਜਵਾਨਾਂ ਲਈ ਰੁਜ਼ਗਾਰ ਦੇ ਵੱਧ ਵਸੀਲੇ ਪੈਦਾ ਕਰਨ ਲਈ ਆਵਾਜ਼ ਬੁਲੰਦ ਕਰਨਗੇ। ਇਸ ਮੌਕੇ ਠੇਕੇਦਾਰ ਗੁਰਨਾਮ ਚੌਧਰੀ ਜਨਰਲ ਸਕੱਤਰ ਪੰਜਾਬ, ਠੇਕੇਦਾਰ ਰਜਿੰਦਰ ਸਿੰਘ ਜਨਰਲ ਸਕੱਤਰ ਪੰਜਾਬ, ਮਨਿੰਦਰ ਸ਼ੇਰਪੁਰੀ ਸਕੱਤਰ,ਸੁਖਦੇਵ ਬਿੱਟਾ ਮੈਂਬਰ,ਦਲਜੀਤ ਰਾਏ ਜ਼ਿਲਾ ਪ੍ਰਧਾਨ, ਸੋਮ ਨਾਥ ਬੈਂਸ ਉਪ ਪ੍ਰਧਾਨ, ਮਦਨ ਸਿੰਘ ਬੈਂਸ ਇੰਚਾਰਜ, ਅਮਨਦੀਪ ਹੈਪੀ ਸਕੱਤਰ,ਜਗਤਾਰ ਸਿੰਘ ਬਿੱਟੂ ਪ੍ਰਧਾਨ ਭੁਲੱਥ, ਰਮੇਸ਼ ਕੁਮਾਰ ਭਗਤ ਇੰਨਚਾਰਜ ਮੁਕੇਰੀਆਂ ਅਤੇ ਕਈ ਆਗੂ ਹਾਜਰ ਸਨ।

ਸਾਈਲੋਜ ਨੂੰ ਫਸਲ ਖਰੀਦਣ ਤੇ ਵੇਚਣ ਦਾ ਅਧਿਕਾਰ ਦੇਣਾ ਬਿਲਕੁਲ ਗਲਤ : ਰਾਣਾ

ਨਵਾਂ ਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ) ਸਾਂਝਾ ਕਿਸਾਨ ਮਜਦੂਰ ਮੋਰਚਾ ਯੂਨਿਟ ਬਲਾਚੌਰ ਦੀ ਮੀਟਿੰਗ ਸਾਥੀ ਹਰਪਾਲ ਸਿੰਘ ਮਕੋਵਾਲ ਦੀ ਅਗਵਾਈ ਹੇਠ ਹੋਈ। ਜਥੇਬੰਦੀ ਦੇ ਜਨਰਲ ਸਕੱਤਰ ਸਾਥੀ ਕਰਨ ਸਿੰਘ ਰਾਣਾ ਨੇ ਕਿਹਾ ਕਿ ਕੇਂਦਰ ਸਰਕਾਰ ਕਿਸਾਨਾਂ ਮਜਦੂਰਾਂ ਦੀਆਂ ਮੰਨੀਆਂ ਮੰਗਾਂ ਨੂੰ ਲਾਗੂ ਨਾ ਕਰਕੇ ਕਿਸਾਨਾਂ ਨਾਲ ਧੋਖਾ ਕਰ ਰਹੀ ਹੈ। ਕਿਸਾਨਾਂ ਦੇ ਅੰਦੋਲਨ ਨੂੰ ਬੇਰਹਿਮੀ ਨਾਲ ਜਬਰ ਕਰਕੇ ਖਤਮ ਕਰਨ ਦਾ ਯਤਨ ਕੇਂਦਰ ਸਰਕਾਰ ਵੱਲੋਂ ਕਿਸਾਨਾਂ ਨਾਲ ਧਰੋ ਹੈ। ਬੀਜੇਪੀ ਕਦੇ ਵੀ ਅੰਦੋਲਨਕਾਰੀਆਂ ਤੇ ਗੋਲੀਆਂ ਲਾਠੀਆਂ, ਪੁਲਸ ਜਬਰ ਤੇ ਹੋਰ ਜਬਰ ਨਾਲ ਨਹੀਂ ਰੋਕ ਸਕਦੀ। ਇਸ ਲਈ ਕਿਸਾਨ ਅੰਦੋਲਨ ਲਗਾਤਾਰ ਜਾਰੀ ਰਹੇਗਾ। ਕੇਂਦਰ ਸਰਕਾਰ ਸਾਜ਼ਿਸ਼ ਅਧੀਨ ਐਫਸੀਆਈ ਨੂੰ ਖਤਮ ਕਰਨ ਦਾ ਯਤਨ ਕਰ ਰਹੀ ਹੈ। ਜਿਸ ਦਾ ਮਾੜਾ ਪ੍ਰਭਾਵ ਕਿਸਾਨਾਂ ਮਜਦੂਰ ਆੜ੍ਹਤੀਆਂ 'ਤੇ ਆਮ ਲੋਕਾਂ 'ਤੇ ਪਵੇਗਾ। ਕਿਉਂਕਿ ਮੁਫਤ ਰਾਸ਼ਨ ਦੀ ਸਕੀਮ ਫੇਲ੍ਹ ਹੋ ਜਾਵੇਗੀ ਅਤੇ ਗਰੀਬ ਕਿਸਾਨ ਮਜਦੂਰਾਂ ਨੂੰ ਮਿਲਦਾ ਫਰੀ ਰਾਸ਼ਨ ਬੰਦ ਹੋ ਜਾਵੇਗਾ। ਉਹਨਾਂ ਮੰਗ ਕੀਤੀ ਕਿ ਕੇਂਦਰ ਸਰਕਾਰ ਐਮਐਸਪੀ 'ਤੇ ਕਾਨੂੰਨ ਬਣਾਉਣ ਵਿੱਚ ਬੁਰੀ ਤਰ੍ਹਾਂ ਫੇਲ੍ਹ ਹੋ ਚੁੱਕੀ ਹੈ। ਕਿਸਾਨਾਂ ਮਜਦੂਰਾਂ ਦੀ ਕਰਜ ਮੁਕਤੀ ਕੀਤੀ ਜਾਵੇ। ਮਜਦੂਰਾਂ ਨੂੰ 700 ਦਿਹਾੜੀ ਦਿੱਤੀ ਜਾਵੇ। ਮਨਰੇਗਾ ਕਾਮਿਆਂ ਨੂੰ ਸਾਲ ਵਿੱਚ 250 ਦਿਨ ਦਾ ਰੁਜਗਾਰ ਦਿੱਤਾ ਜਾਵੇ। ਉਹਨਾਂ ਜੋਰਦਾਰ ਸ਼ਬਦਾਂ ਵਿੱਚ ਇਹ ਵੀ ਕਿਹਾ ਕਿ ਲੋਕ ਸਭਾ ਦੀਆਂ ਚੋਣਾਂ ਵਿੱਚ ਜੇਕਰ ਕੋਈ ਬੀਜੇਪੀ ਦਾ ਨੁਮਾਇੰਦਾ ਵੋਟਾਂ ਮੰਗਣ ਲਈ ਕਿਸਾਨਾਂ ਨੂੰ ਮਜਬੂਰ ਕਰੇਗਾ ਤਾਂ ਉਸ ਦਾ ਡੱਟ ਕੇ ਵਿਰੋਧ ਕੀਤਾ ਜਾਵੇਗਾ। ਜਿਹੜੀ ਪਾਰਟੀ ਬੀਜੇਪੀ ਨਾਲ ਹੱਥ ਮਿਲਾਵੇਗੀ ਉਹ ਵੀ ਸੋਚ ਸਮਝ ਕੇ ਪੰਜਾਬ ਦੇ ਵੋਟਰਾਂ ਤੋਂ ਵੋਟ ਮੰਗਣ ਲਈ ਉਹਨਾਂ ਦੇ ਘਰਾਂ ਵਿਚ ਦਸਤਕ ਦੇਵੇ। ਸਾਈਲੋਜ ਨੂੰ ਫਸਲ ਖਰੀਦਣ ਦੇ ਵੇਚਣ ਦਾ ਜਾਰੀ ਕੀਤਾ ਨੋਟੀਫਿਕੇਸ਼ਨ ਵਾਪਸ ਲਿਆ ਜਾਵੇ । ਇਸ ਮੌਕੇ ਪ੍ਰਸ਼ੋਤਮ ਸਿੰਘ ਮਹਿੰਦੀਪੁਰ, ਐਡਵੋਕੇਟ ਜਸਪ੍ਰੀਤ ਬਾਜਵਾ, ਰਸਿੰਦਰ ਕੁਮਾਰ ਭਾਵਾ, ਸੁਖਵਿੰਦਰ ਸਿੰਘ ਚੋਪੜਾ, ਵਿਨੋਦ ਕੁਮਾਰ, ਹਰੀ ਰਾਮ, ਕਰਨ ਸਿੰਘ ਰਾਣਾ, ਸਾਥੀ ਹਰਪਾਲ ਸਿੰਘ ਮੱਕੋਵਾਲ, ਸਾਥੀ ਕਰਨੈਲ ਸਿੰਘ ਭੱਲਾ ਅਤੇ ਹੋਰ ਕਿਸਾਨ ਮਜਦੂਰ ਆਗੂ ਆਦਿ ਹਾਜਰ ਸਨ।

'ਦਮੜੀ ਸ਼ੋਭਾ ਯਾਤਰਾ 4 ਨੂੰ ਖੁਰਾਲਗੜ੍ਹ ਸਾਹਿਬ ਪਹੁੰਚੇਗੀ'

ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ, ਬਲਬੀਰ ਸਿੰਘ ਸੈਣੀ) -ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦਾ 647ਵਾਂ ਪ੍ਰਕਾਸ਼ ਪੁਰਬ ਮਨਾਉਣ ਲਈ 4 ਅਪ੍ਰੈਲ ਤੋਂ 7 ਅਪ੍ਰੈਲ ਤਕ ਸ੍ਰੀ ਗੁਰੂ ਰਵਿਦਾਸ ਪਬਲਿਕ ਸਕੂਲ ਚੂਹੜਵਾਲੀ ਆਦਮਪੁਰ (ਜਲੰਧਰ) ਤੋਂ ਆਰੰਭ ਹੋ ਰਹੀ ਮਹਾਨ ਦਮੜੀ ਸ਼ੋਭਾ ਯਾਤਰਾ ਭਾਰੀ ਗਿਣਤੀ ਵਿੱਚ ਸੰਗਤਾਂ ਸਮੇਤ 4 ਅਪ੍ਰੈਲ ਸ਼ਾਮ ਨੂੰ ਸ੍ਰੀ ਖੁਰਾਲਗੜ੍ਹ ਸਾਹਿਬ ਪਹੁੰਚੇਗੀ। ਰਸਤੇ ਵਿਚ ਸੰਗਤਾਂ ਵਲੋਂ ਵੱਖ ਵੱਖ ਸਥਾਨਾਂ 'ਤੇ ਸ਼ੋਭਾ ਯਾਤਰਾ ਦਾ ਨਿੱਘਾ ਤੇ ਭਰਪੂਰ ਸਵਾਗਤ ਕੀਤਾ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੰਤ ਸਰਵਣ ਦਾਸ ਸਲੇਮਟਾਵਰੀ ਸੀਨੀ. ਮੀਤ ਪ੍ਰਧਾਨ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ (ਰਜਿ.) ਪੰਜਾਬ, ਸੰਤ ਪ੍ਰਮਜੀਤ ਦਾਸ ਕੈਸ਼ੀਅਰ,ਮਹੰਤ ਪ੍ਰਸ਼ੋਤਮ ਲਾਲ ਚੱਕਰਹਕੀਮ ਸਹਾਇਕ ਕੈਸ਼ੀਅਰ, ਸੰਤ ਬਲਵੰਤ ਸਿੰਘ ਡੀਨਗੀਆਂ ਮੀਤ ਪ੍ਰਧਾਨ ਨੇ ਕਿਹਾ ਸੰਗਤਾਂ ਹੁੰਮ ਹੁਮਾ ਸ਼ਰਧਾ ਨਾਲ ਦਮੜੀ ਸ਼ੋਭਾ ਯਾਤਰਾ ਵਿਚ ਸ਼ਾਮਲ ਹੋਣ। ਉਨਾਂ ਕਿਹਾ 4 ਅਪ੍ਰੈਲ ਦਿਨ ਵੀਰਵਾਰ ਸਵੇਰੇ 9 ਵਜੇ ਯਾਤਰਾ ਚੂਹੜਵਾਲੀ ਤੋਂ ਸ਼ਾਨੋ ਸ਼ੌਕਤ ਨਾਲ ਆਰੰਭ ਹੋਵੇਗੀ ਜੋ ਕਿ ਆਦਮਪੁਰ, ਭੋਗਪੁਰ, ਬੁਲੋਵਾਲ,ਹੁਸ਼ਿਆਰਪੁਰ, ਮਾਹਿਲਪੁਰ, ਗੜਸ਼ੰਕਰ ਤੋਂ ਹੋ ਕੇ ਸ਼ਾਮ ਨੂੰ ਇਤਿਹਾਸਕ ਅਸਥਾਨ ਸ੍ਰੀ ਗੁਰੂ ਰਵਿਦਾਸ ਸਦਨ ਤੋਂ ਹੋ ਕੇ ਸੱਚਖੰਡ ਸ੍ਰੀ ਚਰਨਛੋਹ ਗੰਗਾ ਖੁਰਾਲਗੜ੍ਹ ਸਾਹਿਬ ਵਿਖੇ ਪਹੁੰਚੇਗੀ ਜਿਥੇ ਰਾਤ ਦੇ ਕੀਰਤਨ ਦੇ ਦੀਵਾਨ ਸਜਾਏ ਜਾਣਗੇ। ਉਨਾਂ ਦੱਸਿਆ ਕਿ 5 ਅਪ੍ਰੈਲ ਸਵੇਰੇ 8 ਵਜੇ ਇਥੋਂ ਸ਼ੋਭਾ ਯਾਤਰਾ ਹਰਿ ਜਸ਼ ਕਰਦੇ ਹੋਏ ਹਰਿਦੁਆਰ ਲਈ ਰਵਾਨਾ ਹੋਵੇਗੀ।ਉਨਾਂ ਸੰਗਤਾਂ ਨੂੰ ਹੁੰਮ ਹੁਮਾ ਕੇ ਸ਼ਰਧਾ ਭਾਵਨਾ ਨਾਲ ਸ਼ੋਭਾ ਯਾਤਰਾ ਵਿਚ ਹਾਜਰ ਹੋਣ ਦੀ ਅਪੀਲ ਕੀਤੀ।

ਸ੍ਰੀ ਅਨੰਦਪੁਰ ਸਾਹਿਬ ਤੋਂ ਗੁੱਜਰ ਬਰਾਦਰੀ ਦਾ ਉਮੀਦਵਾਰ ਖੜਾ ਕੀਤਾ ਜਾਵੇ : ਝਾਂਡੀਆਂ, ਚੂਹੜਪੁਰ

ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ) ਕੇਵਲ ਬ੍ਰਹਮਪੁਰੀ ਸਿੰਦਰ ਸਰਪੰਚ ਝਾਂਡੀਆਂ ਨੇ ਪ੍ਰੈਸ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਲੋਕ ਸਭਾ ਹਲਕਾ ਸ੍ਰੀ ਅਨੰਦਪੁਰ ਸਾਹਿਬ ਤੋਂ ਗੁੱਜਰ ਬਰਾਦਰੀ ਉਸੇ ਲੋਕਲ ਕੈਂਡੀਡੇਟ ਨੂੰ ਉਤਾਰੇ ਜਿਸ ਦਾ ਇਲਾਕੇ ਦੇ ਵਿੱਚ ਵੱਡੇ ਲੈਵਲ 'ਤੇ ਪਹਿਚਾਣ ਹੋਵੇ ਅਤੇ ਜਿਸ ਦੀ ਪੰਜਾਬ ਭਰ ਦੇ ਵਿੱਚ ਪੂਰੀ ਬਿਰਾਦਰੀ ਦੇ ਵਿੱਚ ਪਹਿਚਾਨ ਹੋਵੇ ਤਾਂ ਕਿ ਆਉਣ ਵਾਲੇ ਟਾਈਮ ਵਿੱਚ ਬਿਰਾਦਰੀ ਦੇ ਲੈਵਲ ਨੂੰ ਹੋਰ ਉੱਚਾ ਚੱਕ ਸਕੇ, ਜਾਂ ਕਿਸੇ ਹੋਰ ਲੋਕਲ ਉਮੀਦਵਾਰ ਨੂੰ ਟਿਕਟ ਦਿੱਤੀ ਜਾਵੇ ਸਿਰਫ ਜਿੱਤਣ ਵਾਲੇ ਕੈਂਡੀਡੇਟ ਨੂੰ ਹੀ ਪਾਰਟੀਆਂ ਟਿਕਟ ਦੇਣ ਜੋ ਕਿ ਸਮਾਜ ਸੇਵਾ ਦੇ ਖੇਤਰ ਵਿੱਚ ਵੱਡੀ ਲੈਵਲ 'ਤੇ ਲੋਕਾਂ ਨਾਲ ਜੁੜਿਆ ਹੋਵੇ ਗੁੱਜਰ ਭਾਈਚਾਰੇ ਤੋਂ ਇਲਾਵਾ ਹੋਰ ਭਾਈਚਾਰਿਆਂ ਨਾਲ ਵੀ ਚੰਗੇ ਸੰਬੰਧ ਰੱਖਦਾ ਹੋਵੇ। ਗੁੱਜਰ ਮਹਾਸਭਾ ਪੰਜਾਬ ਦੇ ਬੁਲਾਰੇ ਕੇਵਲ ਬ੍ਰਹਮਪੁਰੀ ਕਿਹਾ ਕਿ ਇਸ ਲੋਕ ਸਭਾ ਹਲਕੇ ਵਿੱਚ ਸਭ ਤੋਂ ਜਿਆਦਾ ਵੋਟ ਗੁੱਜਰ ਬਰਾਦਰੀ ਨਾਲ ਸੰਬੰਧਿਤ ਰੱਖਣ ਵਾਲੇ ਲੋਕਾਂ ਦੀ ਹੈ। ਬਚਪਨ ਤੋਂ ਹੀ ਉਦਯੋਗਾਂ, ਕਿਸਾਨਾਂ, ਸਰਕਾਰ